Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More info Call us or Whatsapp:
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ
ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA
ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 133 Chief Editor : Chowdhary Prabhjit Singh, Editor : Chhatarpal Singh 98146-32807, Wednesday 11 November 2026 Price : 2 Rs. Page : 6

ਵਾਹਨਾਂ ਦੇ ਪ੍ਰਦੂਸ਼ਣ ਕਾਰਨ ਦਿੱਲੀ-ਐੱਨਸੀਆਰ ਦੀ ਆਬੋ-ਹਵਾ ਖਰਾਬ: ਸੁਪਰੀਮ ਕੋਰਟ

ਨਵੀਂ ਦਿੱਲੀ, 10 ਨਵੰਬਰ
-ਚੌਧਰੀ ਪ੍ਰਭਜੀਤ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-

ਸੁਪਰੀਮ ਕੋਰਟ ਨੇ ਦਿੱਲੀ-ਕੌਮੀ ਰਾਜਧਾਨੀ ਖੇਤਰ (ਐੱਨਸੀਆਰ) ਵਿੱਚ ਵਾਹਨਾਂ ਤੋਂ ਨਿਕਲਣ ਵਾਲੇ ਧੂੰਏਂ ਕਾਰਨ ਵਧ ਰਹੇ ਪ੍ਰਦੂਸ਼ਣ 'ਤੇ ਗੰਭੀਰ ਚਿੰਤਾ ਪ੍ਰਗਟਾਈ ਹੈ। ਅਦਾਲਤ ਨੇ ਕਿਹਾ ਕਿ ਵਾਹਨਾਂ ਦੇ ਪ੍ਰਦੂਸ਼ਣ ਵਿੱਚ ਤੇਜ਼ੀ ਨਾਲ ਹੋ ਰਿਹਾ ਵਾਧਾ ਤੁਰੰਤ ਦਖ਼ਲ ਦੀ ਮੰਗ ਕਰਦਾ ਹੈ। ਇਸ ਸਬੰਧੀ ਦਿੱਲੀ, ਉੱਤਰ ਪ੍ਰਦੇਸ਼, ਹਰਿਆਣਾ ਅਤੇ ਰਾਜਸਥਾਨ ਦੀਆਂ ਸਰਕਾਰਾਂ ਤੋਂ ਪੁਰਾਣੇ ਅਤੇ ਪ੍ਰਦੂਸ਼ਣ ਮਾਪਦੰਡਾਂ 'ਤੇ ਖਰੇ ਨਾ ਉਤਰਨ ਵਾਲੇ ਵਾਹਨਾਂ ਦੀ ਆਵਾਜਾਈ ਰੋਕਣ ਲਈ ਚੁੱਕੇ ਕਦਮਾਂ ਬਾਰੇ ਜਵਾਬ ਮੰਗਿਆ ਗਿਆ ਹੈ।

ਚੀਫ਼ ਜਸਟਿਸ ਸੂਰਿਆ ਕਾਂਤ ਅਤੇ ਜਸਟਿਸ ਜੋਇਮਾਲਿਆ ਬਾਗਚੀ ਤੇ ਵੀ. ਮੋਹਨਾ ਦੇ ਬੈਂਚ ਨੇ ਦਿੱਲੀ ਨਗਰ ਨਿਗਮ ਅਤੇ ਦਿੱਲੀ ਪੁਲੀਸ ਨੂੰ ਵੀ ਵਿਸਥਾਰਤ ਜਵਾਬ ਦਾਖ਼ਲ ਕਰਨ ਦੇ ਨਿਰਦੇਸ਼ ਦਿੱਤੇ ਹਨ। ਅਦਾਲਤ ਨੇ ਕਿਹਾ ਕਿ ਅਧਿਕਾਰੀਆਂ ਨੂੰ ਦੱਸਣਾ ਪਵੇਗਾ ਕਿ ਵਾਹਨਾਂ ਦੇ ਪ੍ਰਦੂਸ਼ਣ ਨੂੰ ਘਟਾਉਣ ਲਈ ਕਿਹੜੇ ਥੋੜ੍ਹੇ ਅਤੇ ਲੰਮੇ ਸਮੇਂ ਦੇ ਉਪਰਾਲੇ ਕੀਤੇ ਜਾ ਰਹੇ ਹਨ।

ਬੈਂਚ ਨੇ ਕਿਹਾ ਕਿ ਦਿੱਲੀ ਅਤੇ ਗੁਆਂਢੀ ਸੂਬਿਆਂ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਵਿੱਚ ਕਾਫ਼ੀ ਕਮੀ ਆਈ ਹੈ, ਜੋ ਸ਼ਲਾਘਾਯੋਗ ਹੈ। ਪਰ ਇਸ ਦੇ ਨਾਲ ਹੀ ਵਾਹਨਾਂ ਤੋਂ ਹੋਣ ਵਾਲੇ ਪ੍ਰਦੂਸ਼ਣ ਵਿੱਚ ਤੇਜ਼ੀ ਨਾਲ ਵਾਧਾ ਹੋਇਆ ਹੈ। ਦਿੱਲੀ ਵਿੱਚ ਸਿਰਫ਼ ਸਥਾਨਕ ਵਾਹਨ ਹੀ ਨਹੀਂ, ਸਗੋਂ ਉੱਤਰ ਪ੍ਰਦੇਸ਼, ਹਰਿਆਣਾ ਅਤੇ ਰਾਜਸਥਾਨ ਤੋਂ ਆਉਣ ਵਾਲੇ ਵਾਹਨ ਵੀ ਪ੍ਰਦੂਸ਼ਣ ਵਧਾ ਰਹੇ ਹਨ।

ਪੀਯੂਸੀ ਸਰਟੀਫਿਕੇਟ ਅਤੇ ਵਾਹਨਾਂ ਦੀ ਜਾਂਚ ਬਾਰੇ ਵੀ ਜਵਾਬ ਮੰਗਿਆ



ਅਦਾਲਤ ਨੇ ਪੁੱਛਿਆ ਹੈ ਕਿ ਪ੍ਰਦੂਸ਼ਣ ਮਾਪਦੰਡਾਂ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਦੀ ਪਛਾਣ ਅਤੇ ਨਿਗਰਾਨੀ ਕਿਵੇਂ ਕੀਤੀ ਜਾ ਰਹੀ ਹੈ। ਪ੍ਰਦੂਸ਼ਣ ਜਾਂਚ ਸਰਟੀਫਿਕੇਟ (ਪੀਯੂਸੀ) ਦੀ ਸ਼ਰਤ ਲਾਗੂ ਕਰਨ ਅਤੇ ਪੁਰਾਣੇ ਵਾਹਨਾਂ ਨੂੰ ਐੱਨਸੀਆਰ ਵਿੱਚ ਦਾਖ਼ਲ ਹੋਣ ਤੋਂ ਰੋਕਣ ਲਈ ਕੀ ਪ੍ਰਬੰਧ ਕੀਤੇ ਗਏ ਹਨ। ਅਧਿਕਾਰੀਆਂ ਨੂੰ ਇਹ ਵੀ ਦੱਸਣਾ ਪਵੇਗਾ ਕਿ ਕਿੰਨੇ ਵਾਹਨਾਂ ਦੀ ਜਾਂਚ ਕੀਤੀ ਗਈ, ਕਿੰਨਿਆਂ ਦੇ ਚਲਾਨ ਕੱਟੇ ਗਏ ਅਤੇ ਕਿੰਨਿਆਂ ਨੂੰ ਦਾਖ਼ਲ ਹੋਣ ਤੋਂ ਰੋਕਿਆ ਗਿਆ।

ਬੈਂਚ ਨੇ ਦਿੱਲੀ ਅਤੇ ਗੁਆਂਢੀ ਸੂਬਿਆਂ ਵਿਚਾਲੇ ਵਾਹਨਾਂ ਦੀ ਆਵਾਜਾਈ ਨੂੰ ਨਿਯਮਤ ਕਰਨ ਲਈ ਤਾਲਮੇਲ ਦੇ ਪ੍ਰਬੰਧਾਂ ਬਾਰੇ ਵੀ ਜਾਣਕਾਰੀ ਮੰਗੀ ਹੈ। ਸੂਬਿਆਂ ਨੂੰ ਦੋ ਹਫ਼ਤਿਆਂ ਅੰਦਰ ਆਪਣੇ ਜਵਾਬ ਦਾਖ਼ਲ ਕਰਨ ਅਤੇ ਹਵਾ ਦੀ ਗੁਣਵੱਤਾ ਪ੍ਰਬੰਧਨ ਕਮਿਸ਼ਨ (ਸੀਏਕਿਊਐੱਮ) ਵੱਲੋਂ ਦਿੱਤੇ ਸੁਝਾਵਾਂ 'ਤੇ ਕੀਤੀ ਕਾਰਵਾਈ ਬਾਰੇ ਦੱਸਣ ਲਈ ਕਿਹਾ ਗਿਆ ਹੈ।

23 ਨਵੰਬਰ ਨੂੰ ਹੋਵੇਗੀ ਅਗਲੀ ਸੁਣਵਾਈ

ਇਹ ਹੁਕਮ 6 ਨਵੰਬਰ ਨੂੰ ਹਵਾ ਪ੍ਰਦੂਸ਼ਣ ਸਬੰਧੀ ਆਪਣੇ ਆਪ ਨੋਟਿਸ ਲੈ ਕੇ ਸ਼ੁਰੂ ਕੀਤੇ ਕੇਸ ਦੀ ਸੁਣਵਾਈ ਦੌਰਾਨ ਦਿੱਤੇ ਗਏ। ਅਦਾਲਤ ਨੇ ਵਾਹਨਾਂ ਦੇ ਪ੍ਰਦੂਸ਼ਣ ਨਾਲ ਸਬੰਧਤ ਮਾਮਲੇ ਦੀ ਅਗਲੀ ਸੁਣਵਾਈ 23 ਨਵੰਬਰ ਨੂੰ ਰੱਖੀ ਹੈ। ਠੋਸ ਰਹਿੰਦ-ਖੂੰਹਦ ਅਤੇ ਪਰਾਲੀ ਤੇ ਪਟਾਕੇ ਸਾੜਨ ਦੇ ਮਾਮਲੇ 25 ਨਵੰਬਰ ਨੂੰ, ਜਦਕਿ ਉਸਾਰੀ ਕਾਰਜਾਂ, ਬਿਜਲੀ ਘਰਾਂ ਅਤੇ ਉਦਯੋਗਾਂ ਤੋਂ ਹੋਣ ਵਾਲੇ ਪ੍ਰਦੂਸ਼ਣ ਦੇ ਮਾਮਲੇ 26 ਨਵੰਬਰ ਨੂੰ ਸੁਣੇ ਜਾਣਗੇ।

ਪਿਛਲੀ ਸੁਣਵਾਈ ਦੌਰਾਨ ਅਦਾਲਤ ਨੇ ਦਿੱਲੀ-ਐੱਨਸੀਆਰ ਵਿੱਚ ਵਾਹਨਾਂ ਦੀ ਵੱਡੀ ਗਿਣਤੀ ਅਤੇ ਗਾਜ਼ੀਆਬਾਦ, ਗ੍ਰੇਟਰ ਨੋਇਡਾ, ਗੁਰੂਗ੍ਰਾਮ ਤੇ ਫਰੀਦਾਬਾਦ ਨੂੰ ਜੋੜਨ ਵਾਲੀਆਂ ਸੜਕਾਂ 'ਤੇ ਲੱਗਦੇ ਜਾਮ 'ਤੇ ਵੀ ਚਿੰਤਾ ਪ੍ਰਗਟਾਈ ਸੀ। ਕੇਂਦਰ ਸਰਕਾਰ ਨੇ ਦੱਸਿਆ ਸੀ ਕਿ ਬੀਐੱਸ-6 ਮਾਪਦੰਡਾਂ ਤੋਂ ਹੇਠਲੇ ਵਾਹਨਾਂ ਦੇ ਦਾਖ਼ਲੇ 'ਤੇ ਪਾਬੰਦੀਆਂ ਲਾਗੂ ਕੀਤੀਆਂ ਜਾ ਰਹੀਆਂ ਹਨ ਅਤੇ ਪੀਯੂਸੀ ਸਰਟੀਫਿਕੇਟਾਂ ਨੂੰ ਵਾਹਨਾਂ ਦੀ ਜਾਂਚ ਨਾਲ ਜੋੜਿਆ ਜਾ ਰਿਹਾ ਹੈ।

ਚੋਣ ਕਮਿਸ਼ਨ ਵੱਲੋਂ ਪੰਜਾਬ ਸਣੇ ਪੰਜ ਸੂਬਿਆਂ 'ਚ ਸੇਵਾਮੁਕਤ ਮੁਲਾਜ਼ਮਾਂ 'ਤੇ ਚੋਣ ਜ਼ਾਬਤੇ ਦੀਆਂ ਪਾਬੰਦੀਆਂ ਲਾਗੂ

ਨਵੀਂ ਦਿੱਲੀ, 10 ਨਵੰਬਰ
-ਚੌਧਰੀ ਪ੍ਰਭਜੀਤ ਸਿੰਘ-

ਚੋਣ ਕਮਿਸ਼ਨ ਨੇ ਅੱਜ ਪੰਜਾਬ ਸਮੇਤ ਪੰਜ ਚੋਣਾਂ ਵਾਲੇ ਸੂਬਿਆਂ ਵਿੱਚ ਸੇਵਾਮੁਕਤ ਸਰਕਾਰੀ ਅਧਿਕਾਰੀਆਂ ਅਤੇ ਮੁਲਾਜ਼ਮਾਂ 'ਤੇ ਵੀ ਚੋਣ ਜ਼ਾਬਤੇ ਦੀਆਂ ਪਾਬੰਦੀਆਂ ਲਾਗੂ ਕਰ ਦਿੱਤੀਆਂ ਹਨ। ਇਨ੍ਹਾਂ ਸੂਬਿਆਂ ਵਿੱਚ ਪੰਜਾਬ, ਉੱਤਰ ਪ੍ਰਦੇਸ਼, ਉੱਤਰਾਖੰਡ, ਗੋਆ ਅਤੇ ਮਨੀਪੁਰ ਸ਼ਾਮਲ ਹਨ। ਇਹ ਪਾਬੰਦੀਆਂ ਉਨ੍ਹਾਂ ਸੇਵਾਮੁਕਤ ਅਧਿਕਾਰੀਆਂ ਅਤੇ ਮੁਲਾਜ਼ਮਾਂ 'ਤੇ ਲਾਗੂ ਹੋਣਗੀਆਂ, ਜਿਨ੍ਹਾਂ ਨੂੰ ਸੂਬਾ ਸਰਕਾਰਾਂ ਨੇ ਵੱਖ-ਵੱਖ ਅਹੁਦਿਆਂ 'ਤੇ ਤਾਇਨਾਤ ਕੀਤਾ ਹੋਇਆ ਹੈ।

ਚੋਣ ਕਮਿਸ਼ਨ ਨੇ ਇਸ ਸਬੰਧੀ ਪੰਜਾਂ ਸੂਬਿਆਂ ਦੇ ਮੁੱਖ ਸਕੱਤਰਾਂ ਅਤੇ ਮੁੱਖ ਚੋਣ ਅਧਿਕਾਰੀਆਂ ਨੂੰ ਪੱਤਰ ਭੇਜ ਕੇ ਹਦਾਇਤਾਂ ਜਾਰੀ ਕੀਤੀਆਂ ਹਨ। ਕਮਿਸ਼ਨ ਨੇ ਕਿਹਾ ਹੈ ਕਿ ਸਰਕਾਰੀ ਮੁਲਾਜ਼ਮਾਂ ਤੋਂ ਪਹਿਲਾਂ ਹੀ ਉਮੀਦ ਕੀਤੀ ਜਾਂਦੀ ਹੈ ਕਿ ਉਹ ਕਿਸੇ ਵੀ ਚੋਣ ਪ੍ਰਚਾਰ ਜਾਂ ਸਿਆਸੀ ਮੁਹਿੰਮ ਵਿੱਚ ਹਿੱਸਾ ਨਾ ਲੈਣ। ਉਨ੍ਹਾਂ ਨੂੰ ਆਪਣੇ ਨਾਂ, ਅਹੁਦੇ ਜਾਂ ਅਧਿਕਾਰ ਦੀ ਵਰਤੋਂ ਕਿਸੇ ਇੱਕ ਸਿਆਸੀ ਪਾਰਟੀ ਜਾਂ ਉਮੀਦਵਾਰ ਦੇ ਹੱਕ ਵਿੱਚ ਨਹੀਂ ਕਰਨ ਦੇਣੀ ਚਾਹੀਦੀ।



ਸੇਵਾਮੁਕਤ ਅਧਿਕਾਰੀਆਂ 'ਤੇ ਵੀ ਲਾਗੂ ਹੋਣਗੀਆਂ ਪਾਬੰਦੀਆਂ

ਕਮਿਸ਼ਨ ਨੇ ਕਿਹਾ ਕਿ ਚੋਣ ਜ਼ਾਬਤੇ ਦੀਆਂ ਵਿਵਸਥਾਵਾਂ ਸਰਕਾਰ ਤੋਂ ਪੂਰੀ ਜਾਂ ਅੰਸ਼ਕ ਤੌਰ 'ਤੇ ਵਿੱਤੀ ਸਹਾਇਤਾ ਪ੍ਰਾਪਤ ਕਰਨ ਵਾਲੀਆਂ ਸੰਸਥਾਵਾਂ, ਕਮੇਟੀਆਂ, ਨਿਗਮਾਂ ਅਤੇ ਕਮਿਸ਼ਨਾਂ ਦੇ ਮੁਲਾਜ਼ਮਾਂ 'ਤੇ ਵੀ ਲਾਗੂ ਹੁੰਦੀਆਂ ਹਨ। ਸੂਬਿਆਂ ਦੇ ਸੇਵਾ ਨਿਯਮ ਵੀ ਸਰਕਾਰੀ ਮੁਲਾਜ਼ਮਾਂ ਨੂੰ ਸਿਆਸੀ ਸਰਗਰਮੀਆਂ ਅਤੇ ਚੋਣਾਂ ਵਿੱਚ ਹਿੱਸਾ ਲੈਣ ਤੋਂ ਰੋਕਦੇ ਹਨ। ਚੋਣ ਕਮਿਸ਼ਨ ਨੇ ਕਿਹਾ ਕਿ ਸੇਵਾਮੁਕਤ ਸਰਕਾਰੀ ਅਧਿਕਾਰੀਆਂ ਅਤੇ ਮੁਲਾਜ਼ਮਾਂ ਨੂੰ ਸੂਬਾ ਜਾਂ ਕੇਂਦਰ ਸ਼ਾਸਿਤ ਪ੍ਰਦੇਸ਼ ਸਰਕਾਰਾਂ ਵੱਲੋਂ ਵੱਖ-ਵੱਖ ਹੈਸੀਅਤਾਂ ਵਿੱਚ ਨਿਯੁਕਤ ਜਾਂ ਮੁੜ ਨਿਯੁਕਤ ਕੀਤਾ ਜਾਂਦਾ ਹੈ। ਇਨ੍ਹਾਂ ਲਈ ਚੋਣ ਜ਼ਾਬਤੇ ਦੌਰਾਨ ਸਿਆਸੀ ਨਿਰਪੱਖਤਾ ਅਤੇ ਵਿਹਾਰ ਸਬੰਧੀ ਕੋਈ ਵਿਸ਼ੇਸ਼ ਦਿਸ਼ਾ-ਨਿਰਦੇਸ਼ ਜਾਂ ਨਿਯਮ ਨਹੀਂ ਹਨ। ਇਸ ਲਈ ਕਮਿਸ਼ਨ ਨੇ ਹਦਾਇਤ ਕੀਤੀ ਹੈ ਕਿ ਸਰਕਾਰੀ ਮੁਲਾਜ਼ਮਾਂ 'ਤੇ ਲਾਗੂ ਪਾਬੰਦੀਆਂ ਇਨ੍ਹਾਂ ਸੇਵਾਮੁਕਤ ਵਿਅਕਤੀਆਂ 'ਤੇ ਵੀ ਉਸੇ ਤਰ੍ਹਾਂ ਲਾਗੂ ਹੋਣਗੀਆਂ।

ਚੋਣ ਅਧਿਕਾਰੀਆਂ ਨੂੰ ਮੀਟਿੰਗਾਂ 'ਚ ਨਹੀਂ ਸੱਦ ਸਕਣਗੀਆਂ ਸਰਕਾਰਾਂ

ਕਮਿਸ਼ਨ ਨੇ ਸੂਬਾ ਸਰਕਾਰਾਂ ਨੂੰ ਇਹ ਵੀ ਹਦਾਇਤ ਕੀਤੀ ਹੈ ਕਿ ਜਿਨ੍ਹਾਂ ਹਲਕਿਆਂ ਜਾਂ ਜ਼ਿਲ੍ਹਿਆਂ ਵਿੱਚ ਚੋਣਾਂ ਦਾ ਐਲਾਨ ਹੋ ਚੁੱਕਾ ਹੈ, ਉੱਥੋਂ ਦੇ ਕਿਸੇ ਵੀ ਚੋਣ ਅਧਿਕਾਰੀ ਨੂੰ ਸਰਕਾਰੀ ਵਿਚਾਰ-ਵਟਾਂਦਰੇ ਜਾਂ ਮੀਟਿੰਗਾਂ ਲਈ ਨਾ ਬੁਲਾਇਆ ਜਾਵੇ। ਅਜਿਹੇ ਅਧਿਕਾਰੀਆਂ ਨਾਲ ਵੀਡੀਓ ਕਾਨਫਰੰਸ ਰਾਹੀਂ ਮੀਟਿੰਗਾਂ ਕਰਨ 'ਤੇ ਵੀ ਰੋਕ ਲਾਈ ਗਈ ਹੈ।

ਕਮਿਸ਼ਨ ਨੇ ਚਿਤਾਵਨੀ ਦਿੱਤੀ ਹੈ ਕਿ ਉਸ ਦੀਆਂ ਹਦਾਇਤਾਂ ਦੀ ਉਲੰਘਣਾ ਕਰਨ ਵਾਲੀ ਕਿਸੇ ਵੀ ਕਾਰਵਾਈ ਜਾਂ ਅਣਗਹਿਲੀ ਨੂੰ ਗੰਭੀਰਤਾ ਨਾਲ ਲਿਆ ਜਾਵੇਗਾ। ਪੱਤਰ ਵਿੱਚ ਸਬੰਧਤ ਅਧਿਕਾਰੀਆਂ ਨੂੰ ਇਨ੍ਹਾਂ ਹਦਾਇਤਾਂ ਬਾਰੇ ਜਾਣੂ ਕਰਵਾਉਣ ਅਤੇ ਇਨ੍ਹਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਉਣ ਲਈ ਕਿਹਾ ਗਿਆ ਹੈ।

'ਆਪ' ਆਗੂ ਵੱਲੋਂ ਛੋਟੇ ਭਰਾ ਦੀ ਗੋਲੀਆਂ ਮਾਰ ਕੇ ਹੱਤਿਆ

ਅੰਮ੍ਰਿਤਸਰ, 10 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਅੰਮ੍ਰਿਤਸਰ ਦੇ ਅਟਾਰੀ ਹਲਕੇ ਅਧੀਨ ਆਉਂਦੇ ਪਿੰਡ ਪੰਡੋਰੀ ਵੜੈਚ ਵਿੱਚ ਅੱਜ ਜ਼ਮੀਨੀ ਵਿਵਾਦ ਕਾਰਨ ਵੱਡੇ ਭਰਾ ਨੇ ਆਪਣੇ ਛੋਟੇ ਭਰਾ ਦੀ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ। ਮ੍ਰਿਤਕ ਦੀ ਪਛਾਣ ਸਿਮਰਦੀਪ ਸਿੰਘ ਵਜੋਂ ਹੋਈ ਹੈ, ਜਦਕਿ ਇਸ ਮਾਮਲੇ ਵਿੱਚ ਆਮ ਆਦਮੀ ਪਾਰਟੀ ਦੇ ਬਲਾਕ ਸਮਿਤੀ ਮੈਂਬਰ ਦਾ ਨਾਮ ਸਾਹਮਣੇ ਆਇਆ ਹੈ। ਉਸ 'ਤੇ ਆਪਣੇ ਛੋਟੇ ਭਰਾ ਦਾ ਕਤਲ ਕਰਨ ਦਾ ਦੋਸ਼ ਹੈ ਪਰ ਪੁਲੀਸ ਵਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਇਸ ਮਗਰੋਂ 'ਆਪ' ਆਗੂ ਫਰਾਰ ਹੋ ਗਿਆ।

ਜਾਣਕਾਰੀ ਅਨੁਸਾਰ ਦੋਵਾਂ ਭਰਾਵਾਂ ਵਿਚਕਾਰ ਪਰਿਵਾਰਕ ਜ਼ਮੀਨ ਦੀ ਵੰਡ ਨੂੰ ਲੈ ਕੇ ਲੰਮੇ ਸਮੇਂ ਤੋਂ ਵਿਵਾਦ ਚੱਲ ਰਿਹਾ ਸੀ। ਅੱਜ ਸਵੇਰੇ ਕਰੀਬ 11.30 ਵਜੇ ਇਸੇ ਮਾਮਲੇ ਨੂੰ ਲੈ ਕੇ ਦੋਵਾਂ ਵਿਚਕਾਰ ਤਕਰਾਰ ਹੋ ਗਈ। ਇਸ ਦੌਰਾਨ ਆਪ ਆਗੂ ਨੇ ਆਪਣੇ ਛੋਟੇ ਭਰਾ 'ਤੇ ਗੋਲੀਆਂ ਚਲਾ ਦਿੱਤੀਆਂ। ਦੋ ਗੋਲੀਆਂ ਵਿੱਚੋਂ ਇਕ ਸਿਮਰਦੀਪ ਦੇ ਸਿਰ ਵਿੱਚ ਅਤੇ ਦੂਜੀ ਛਾਤੀ ਦੇ ਸੱਜੇ ਪਾਸੇ ਲੱਗੀ। ਗੰਭੀਰ ਜ਼ਖ਼ਮੀ ਹੋਣ ਕਾਰਨ ਉਸ ਨੇ ਮੌਕੇ 'ਤੇ ਹੀ ਦਮ ਤੋੜ ਦਿੱਤਾ। ਉਸ ਨੂੰ ਹਸਪਤਾਲ ਲਿਜਾਣ ਦਾ ਮੌਕਾ ਵੀ ਨਹੀਂ ਮਿਲ ਸਕਿਆ। ਘਟਨਾ ਦੀ ਸੂਚਨਾ ਮਿਲਣ ਮਗਰੋਂ ਪੁਲੀਸ ਅਧਿਕਾਰੀ ਮੌਕੇ 'ਤੇ ਪੁੱਜੇ ਅਤੇ ਜਾਂਚ ਸ਼ੁਰੂ ਕਰ ਦਿੱਤੀ। ਪੁਲੀਸ ਅਨੁਸਾਰ ਦੋਵਾਂ ਭਰਾਵਾਂ ਵਿਚਕਾਰ ਜ਼ਮੀਨ ਦੀ ਵੰਡ ਨੂੰ ਲੈ ਕੇ ਵਿਵਾਦ ਚਲ ਰਿਹਾ ਸੀ। ਉਨ੍ਹਾਂ ਇਹ ਵੀ ਦੱਸਿਆ ਕਿ ਪਰਿਵਾਰ ਵਿੱਚ ਨਸ਼ੇ ਦੇ ਸੇਵਨ ਅਤੇ ਨਸ਼ਾ ਵੇਚਣ ਨੂੰ ਲੈ ਕੇ ਵੀ ਤਣਾਅ ਹੋਣ ਦੀ ਗੱਲ ਸਾਹਮਣੇ ਆਈ ਹੈ। ਪੁਲੀਸ ਇਨ੍ਹਾਂ ਸਾਰੇ ਪਹਿਲੂਆਂ ਦੀ ਜਾਂਚ ਕਰ ਰਹੀ ਹੈ। ਘਟਨਾ ਵਾਲੀ ਥਾਂ 'ਤੇ ਫੋਰੈਂਸਿਕ ਟੀਮ ਨੂੰ ਬੁਲਾ ਕੇ ਵਿਗਿਆਨਕ ਸਬੂਤ ਇਕੱਠੇ ਕੀਤੇ ਗਏ ਹਨ। ਪੁਲੀਸ ਵੱਲੋਂ ਪਰਿਵਾਰ ਦੇ ਹੋਰਨਾਂ ਮੈਂਬਰਾਂ ਦੇ ਬਿਆਨ ਵੀ ਦਰਜ ਕੀਤੇ ਜਾ ਰਹੇ ਹਨ। ਮ੍ਰਿਤਕ ਦੀ ਦੇਹ ਪੋਸਟਮਾਰਟਮ ਲਈ ਹਸਪਤਾਲ ਭੇਜ ਦਿੱਤੀ ਗਈ ਹੈ।

ਪਾਕਿਸਤਾਨੀ ਹੈਂਡਲਰਾਂ ਨਾਲ ਜੁੜੇ ਨਸ਼ਾ ਤੇ ਹਥਿਆਰ ਤਸਕਰੀ ਗਰੋਹ ਦੇ 4 ਮੁਲਜ਼ਮ ਗ੍ਰਿਫ਼ਤਾਰ

ਮੁਹਾਲੀ, 10 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਮੁਹਾਲੀ ਪੁਲਿਸ ਨੇ ਪਾਕਿਸਤਾਨ ਅਧਾਰਿਤ ਹੈਂਡਲਰਾਂ ਦੇ ਇਸ਼ਾਰੇ 'ਤੇ ਡਰੋਨ ਰਾਹੀਂ ਸਰਹੱਦ ਪਾਰੋਂ ਹੈਰੋਇਨ ਮੰਗਵਾਉਣ ਅਤੇ ਨਾਜਾਇਜ਼ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਗਰੋਹ ਦੇ ਚਾਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਐੱਸ.ਐੱਸ.ਪੀ. ਮੁਹਾਲੀ ਵਰੁਣ ਸ਼ਰਮਾ ਨੇ ਪ੍ਰੈੱਸ ਕਾਨਫ਼ਰੰਸ ਦੌਰਾਨ ਦੱਸਿਆ ਕਿ ਮੁਲਜ਼ਮਾਂ ਕੋਲੋਂ 5 ਪਿਸਤੌਲ (3 ਆਧੁਨਿਕ ਪਿਸਤੌਲ ਅਤੇ 2 ਦੇਸੀ ਕੱਟੇ), 100 ਗ੍ਰਾਮ ਹੈਰੋਇਨ, ਇਕ ਲੱਖ ਰੁਪਏ ਦੀ ਡਰੱਗ ਮਨੀ ਅਤੇ ਤਸਕਰੀ ਲਈ ਵਰਤੀ ਜਾਂਦੀ ਕ੍ਰੇਟਾ ਕਾਰ ਬਰਾਮਦ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਸੀ.ਆਈ.ਏ. ਸਟਾਫ਼ ਖਰੜ ਦੀ ਟੀਮ ਨੇ 7 ਨਵੰਬਰ ਨੂੰ ਗੁਪਤ ਸੂਚਨਾ ਦੇ ਆਧਾਰ 'ਤੇ ਚਾਰਾਂ ਮੁਲਜ਼ਮਾਂ ਨੂੰ ਕਾਬੂ ਕੀਤਾ। ਮੁਲਜ਼ਮਾਂ ਦੀ ਪਛਾਣ ਮਨਪ੍ਰੀਤ ਸਿੰਘ (23), ਸੁਨੀਲ ਉਰਫ਼ ਸੰਨੀ (26), ਗੁਰਪ੍ਰੀਤ ਸਿੰਘ ਉਰਫ਼ ਗੁਰੀ (24) ਅਤੇ ਸੁਖਚੈਨ ਸਿੰਘ ਉਰਫ਼ ਸੁੱਖਾ (23), ਸਾਰੇ ਵਾਸੀ ਜ਼ਿਲ੍ਹਾ



ਫ਼ਿਰੋਜ਼ਪੁਰ ਵਜੋਂ ਹੋਈ ਹੈ। ਮੁੱਢਲੀ ਜਾਂਚ ਵਿਚ ਸਾਹਮਣੇ ਆਇਆ ਕਿ ਮੁਲਜ਼ਮ ਪਾਕਿਸਤਾਨ ਅਧਾਰਿਤ ਹੈਂਡਲਰਾਂ ਦੇ ਸੰਪਰਕ ਵਿਚ ਸਨ ਅਤੇ ਡਰੋਨ ਰਾਹੀਂ ਭੇਜੀ ਗਈ ਹੈਰੋਇਨ ਨਿਰਧਾਰਤ ਥਾਵਾਂ ਤੋਂ ਪ੍ਰਾਪਤ ਕਰਕੇ ਮੁਹਾਲੀ, ਚੰਡੀਗੜ੍ਹ ਸਮੇਤ ਟ੍ਰਾਈਸਿਟੀ ਵਿਚ ਸਪਲਾਈ ਕਰਦੇ ਸਨ। ਚਾਰਾਂ ਮੁਲਜ਼ਮਾਂ ਦਾ ਕੋਈ ਪੁਰਾਣਾ ਅਪਰਾਧਿਕ ਰਿਕਾਰਡ ਸਾਹਮਣੇ ਨਹੀਂ ਆਇਆ। ਪੁਲਿਸ ਨੇ ਮੁਲਜ਼ਮਾਂ ਦਾ ਚਾਰ ਦਿਨ ਦਾ ਰਿਮਾਂਡ ਹਾਸਲ ਕਰਕੇ ਅਗਲੀ ਜਾਂਚ ਸ਼ੁਰੂ ਕਰ ਦਿੱਤੀ ਹੈ।

ਸੰਘਣੀ ਧੁੰਦ ਕਾਰਨ ਸੱਤ ਵਾਹਨ ਆਪਸ 'ਚ ਟਕਰਾਏ; ਇਕ ਹਲਾਕ

ਚੰਡੀਗੜ੍ਹ, 10 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਜਲੰਧਰ-ਮੋਗਾ ਕੌਮੀ ਮਾਰਗ 'ਤੇ ਸ਼ਾਹਕੋਟ ਨੇੜੇ ਅੱਜ ਸਵੇਰੇ ਸੰਘਣੀ ਧੁੰਦ ਕਾਰਨ ਵਾਪਰੇ ਸੜਕ ਹਾਦਸੇ ਵਿੱਚ ਇਕ ਵਿਅਕਤੀ ਦੀ ਮੌਤ ਹੋ ਗਈ, ਜਦਕਿ ਕਰੀਬ 10 ਹੋਰ ਜ਼ਖ਼ਮੀ ਹੋ ਗਏ। ਹਾਦਸੇ ਦੌਰਾਨ ਅੱਧੀ ਦਰਜਨ ਤੋਂ ਵੱਧ ਵਾਹਨ ਇਕ-ਦੂਜੇ ਨਾਲ ਟਕਰਾ ਗਏ। ਮ੍ਰਿਤਕ ਦੀ ਪਛਾਣ ਡੱਬਵਾਲੀ ਵਾਸੀ ਪ੍ਰਗਟ ਸਿੰਘ ਵਜੋਂ ਹੋਈ ਹੈ।

ਜਾਣਕਾਰੀ ਅਨੁਸਾਰ ਸਵੇਰੇ ਮੋਗਾ ਤੋਂ ਜਲੰਧਰ ਵੱਲ ਜਾ ਰਿਹਾ ਇਕ ਟਿੱਪਰ ਸ਼ਾਹਕੋਟ ਦੇ ਪਹਿਲੇ ਫਲਾਈਓਵਰ ਤੋਂ ਉਤਰਦਿਆਂ ਕਿਸੇ ਵੱਡੇ ਵਾਹਨ ਨਾਲ ਟਕਰਾ ਗਿਆ ਅਤੇ ਸੜਕ ਵਿਚਕਾਰ ਖੜ੍ਹਾ ਹੋ ਗਿਆ। ਇਸੇ ਦੌਰਾਨ ਇਕ ਕਾਰ ਧੁੰਦ ਕਾਰਨ ਟਿੱਪਰ ਦੇ ਪਿਛਲੇ ਹਿੱਸੇ ਨਾਲ ਜਾ ਟਕਰਾਈ। ਇਸ ਕਾਰ ਨੂੰ ਪ੍ਰਗਟ ਸਿੰਘ ਚਲਾ ਰਿਹਾ ਸੀ। ਇਸ ਕਾਰ ਵਿੱਚ ਚਾਰ ਜਣੇ ਹੋਰ ਵੀ ਸਵਾਰ ਸਨ। ਇਹ ਸਾਰੇ ਮੁਲਾਜ਼ਮ ਦੱਸੇ ਜਾਂਦੇ ਹਨ। ਟੱਕਰ ਇੰਨੀ ਜ਼ਬਰਦਸਤ ਸੀ ਕਿ ਕਾਰ ਬੁਰੀ ਤਰ੍ਹਾਂ ਨੁਕਸਾਨੀ ਗਈ ਅਤੇ ਚਾਲਕ ਅੰਦਰ ਫਸ ਗਿਆ। ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਬਾਕੀ ਸਵਾਰ ਗੰਭੀਰ ਜ਼ਖ਼ਮੀ ਹੋ ਗਏ।

ਕਾਰ ਵੀ ਟਿੱਪਰ ਨਾਲ ਟਕਰਾਈ

ਇਸੇ ਦੌਰਾਨ ਇਕ ਹੋਰ ਆਲਟੋ ਕਾਰ ਵੀ ਟਿੱਪਰ ਨਾਲ ਟਕਰਾ ਗਈ। ਇਸ ਹਾਦਸੇ ਵਿੱਚ ਪਰਿਵਾਰ ਦੇ ਸਾਰੇ ਪੰਜ ਮੈਂਬਰ ਜ਼ਖ਼ਮੀ ਹੋ ਗਏ। ਇਕ ਹੋਰ ਆਲਟੋ ਕਾਰ ਵੀ ਹਾਦਸਾਗ੍ਰਸਤ ਵਾਹਨਾਂ ਨਾਲ ਟਕਰਾ ਕੇ ਪਲਟ ਗਈ। ਇਸ ਵਿਚ ਸਵਾਰ ਦੋ ਜਣੇ ਜ਼ਖ਼ਮੀ ਹੋ ਗਏ।

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੱਲੋਂ ਸ਼ਿਵ ਮੰਦਰ ਕੁਸ਼ਟ ਆਸ਼ਰਮ ਵਿਖੇ ਦੀਵਾਲੀ ਮੌਕੇ ਦਾਨ ਮੁਹਿੰਮ ਦਾ ਆਯੋਜਨ



ਫ਼ਤਹਿਗੜ੍ਹ ਸਾਹਿਬ, 10 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਦੇ ਸਮਾਜ ਵਿਗਿਆਨ ਵਿਭਾਗ ਵੱਲੋਂ ਦੀਵਾਲੀ ਦੇ ਤਿਉਹਾਰ ਦੀ ਖੁਸ਼ੀ ਲੋੜਵੰਦਾਂ ਨਾਲ ਸਾਂਝੀ ਕਰਨ ਦੇ ਉਦੇਸ਼ ਨਾਲ ਸ਼ਿਵ ਮੰਦਰ ਕੁਸ਼ਟ ਆਸ਼ਰਮ, ਫ਼ਤਿਹਗੜ੍ਹ ਸਾਹਿਬ ਵਿਖੇ ਦਾਨ ਮੁਹਿੰਮ ਦਾ ਆਯੋਜਨ ਕੀਤਾ ਗਿਆ। ਇਸ ਮੁਹਿੰਮ ਦੌਰਾਨ ਐਮ.ਏ. ਸਮਾਜ ਵਿਗਿਆਨ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲੈਂਦਿਆਂ ਆਸ਼ਰਮ ਦੇ ਵਸਨੀਕਾਂ ਲਈ ਕੱਪੜੇ, ਜੁੱਤੇ, ਖਾਣ-ਪੀਣ ਦੀਆਂ ਵਸਤਾਂ, ਜੈਕਟਾਂ ਅਤੇ ਹੋਰ ਲੋੜੀਂਦਾ ਸਾਮਾਨ ਦਾਨ ਕੀਤਾ। ਯੂਨੀਵਰਸਿਟੀ ਦੇ ਉਪ-ਕੁਲਪਤੀ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਯੂਨੀਵਰਸਿਟੀ ਦਾ ਉਦੇਸ਼ ਵਿਦਿਆਰਥੀਆਂ ਨੂੰ ਅਕਾਦਮਿਕ ਗਿਆਨ ਦੇ ਨਾਲ-ਨਾਲ ਮਾਨਵੀ ਕਦਰਾਂ-ਕੀਮਤਾਂ, ਨੈਤਿਕਤਾ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਨਾਲ ਵੀ ਜੋੜਨਾ ਹੈ। ਉਨ੍ਹਾਂ ਕਿਹਾ ਕਿ ਲੋੜਵੰਦਾਂ ਦੀ ਸਹਾਇਤਾ ਅਤੇ ਸਮਾਜ ਪ੍ਰਤੀ ਸੰਵੇਦਨਸ਼ੀਲਤਾ ਹੀ ਸਿੱਖਿਆ ਦੇ ਅਸਲ ਉਦੇਸ਼ ਨੂੰ ਸਾਰਥਕ ਬਣਾਉਂਦੀ ਹੈ। ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਨੇ ਵਿਭਾਗ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਨੂੰ ਸਮਾਜਿਕ ਹਕੀਕਤਾਂ ਨਾਲ ਜੋੜਨ ਦੇ ਨਾਲ-ਨਾਲ ਸੇਵਾ, ਸਹਿਯੋਗ, ਹਮਦਰਦੀ ਅਤੇ ਸਮੂਹਿਕ ਭਲਾਈ ਦੀ ਭਾਵਨਾ ਵੀ ਪੈਦਾ ਕਰਦੀਆਂ ਹਨ। ਇਹ ਮੁਹਿੰਮ ਵਿਭਾਗ ਦੇ ਮੁਖੀ ਡਾ. ਨਵ ਸ਼ਗਨ ਦੀਪ ਕੌਰ ਦੀ ਦੇਖ-ਰੇਖ ਹੇਠ ਅਤੇ ਸਹਾਇਕ ਪ੍ਰੋਫੈਸਰ ਪਰਮਦੀਪ ਸਿੰਘ ਤੇ ਲਵਪ੍ਰੀਤ ਸਿੰਘ ਦੇ ਮਾਰਗਦਰਸ਼ਨ ਨਾਲ ਚਲਾਈ ਗਈ। ਵਿਭਾਗ ਦੇ ਮੁਖੀ ਨੇ ਵਿਦਿਆਰਥੀਆਂ ਦੀ ਸਰਗਰਮ ਸ਼ਮੂਲੀਅਤ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਸਮਾਜ ਸੇਵਾ ਅਤੇ ਲੋਕ ਭਲਾਈ ਦੇ ਕਾਰਜਾਂ ਵਿੱਚ ਨਿਰੰਤਰ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ।

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਨਾਜਾਇਜ਼ ਹਥਿਆਰਾਂ ਦੀ ਸਪਲਾਈ ਕਰਨ ਵਾਲੇ ਦੋ ਨੈੱਟਵਰਕਾਂ ਦਾ ਕੀਤਾ ਪਰਦਾਫਾਸ਼



ਚੰਡੀਗੜ੍ਹ, 10 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਡੀ.ਜੀ.ਪੀ. ਪੰਜਾਬ ਵਲੋਂ ਸਾਂਝੀ ਕੀਤੀ ਗਈ ਜਾਣਕਾਰੀ ਅਨੁਸਾਰ ਇਕ ਵੱਡੀ ਸਫਲਤਾ ਹਾਸਲ ਕਰਦਿਆਂ, ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਨਾਜਾਇਜ਼ ਹਥਿਆਰਾਂ ਦੀ ਸਪਲਾਈ ਕਰਨ ਵਾਲੇ ਦੋ ਨੈੱਟਵਰਕਾਂ ਦਾ ਪਰਦਾਫਾਸ਼ ਕੀਤਾ ਹੈ ਤੇ 6 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਉਨ੍ਹਾਂ ਪਾਸੋਂ 14 ਆਧੁਨਿਕ ਪਿਸਤੌਲ ਬਰਾਮਦ ਕੀਤੇ ਹਨ। ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਵਿਦੇਸ਼ਾਂ ਵਿਚ ਬੈਠੇ ਆਪਣੇ ਸੰਚਾਲਕਾਂ (handlers) ਦੇ ਸੰਪਰਕ ਵਿਚ ਸਨ, ਜੋ ਡਰੋਨ ਰਾਹੀਂ ਨਾਜਾਇਜ਼ ਹਥਿਆਰਾਂ ਦੀ ਖੇਪ ਭੇਜਣ ਵਿਚ ਮਦਦ ਕਰਦੇ ਸਨ। ਮੁਲਜ਼ਮ ਕਥਿਤ ਤੌਰ 'ਤੇ ਇਨ੍ਹਾਂ ਖੇਪਾਂ ਨੂੰ ਪ੍ਰਾਪਤ ਕਰਦੇ ਸਨ ਅਤੇ ਅੱਗੇ ਅਪਰਾਧਿਕ ਗਤੀਵਿਧੀਆਂ ਵਿਚ ਸ਼ਾਮਿਲ ਲੋਕਾਂ ਨੂੰ ਹਥਿਆਰ ਸਪਲਾਈ ਕਰਦੇ ਸਨ।

ਅੰਮ੍ਰਿਤਸਰ ਦੇ ਥਾਣਾ ਛੇਹਰਟਾ ਅਤੇ ਥਾਣਾ ਸਿਵਲ ਲਾਈਨਜ਼ ਵਿਖੇ ਦੋ ਵੱਖ-ਵੱਖ ਮਾਮਲੇ (FIRs) ਦਰਜ ਕੀਤੇ ਗਏ ਹਨ। ਹੋਰ ਸਾਥੀਆਂ ਦੀ ਪਛਾਣ ਕਰਨ, ਹਥਿਆਰਾਂ ਦੀ ਸਪਲਾਈ ਦੇ ਪੂਰੇ ਪਿਛੋਕੜ ਅਤੇ ਅਗਲੇਰੇ ਸੰਪਰਕਾਂ ਦਾ ਪਤਾ ਲਗਾਉਣ, ਅਤੇ ਨਾਜਾਇਜ਼ ਹਥਿਆਰਾਂ ਦੇ ਵੱਡੇ ਨੈੱਟਵਰਕਾਂ ਨੂੰ ਪੂਰੀ ਤਰ੍ਹਾਂ ਤੋੜਨ ਲਈ ਅਗਲੇਰੀ ਜਾਂਚ ਜਾਰੀ ਹੈ। ਪੰਜਾਬ ਪੁਲਿਸ ਸੰਗਠਿਤ ਅਪਰਾਧਿਕ ਨੈੱਟਵਰਕਾਂ ਨੂੰ ਖ਼ਤਮ ਕਰਨ, ਨਾਜਾਇਜ਼ ਹਥਿਆਰਾਂ ਦੀ ਤਸਕਰੀ ਨੂੰ ਰੋਕਣ ਅਤੇ ਪੂਰੇ #ਪੰਜਾਬ ਵਿੱਚ ਸ਼ਾਂਤੀ ਅਤੇ ਸੁਰੱਖਿਆ ਯਕੀਨੀ ਬਣਾਉਣ ਲਈ ਵਚਨਬੱਧ ਹੈ।

ਪੰਜਾਬ ਵਿਧਾਨ ਸਭਾ ਚੋਣਾਂ 2027: ਜਨਵਰੀ ਦੇ ਪਹਿਲੇ ਹਫ਼ਤੇ ਚੋਣਾਂ ਦੇ ਐਲਾਨ ਦੀ ਸੰਭਾਵਨਾ, ਫਰਵਰੀ ਦੇ ਅਖੀਰ ਜਾਂ ਮਾਰਚ ਵਿੱਚ ਪੈ ਸਕਦੀਆਂ ਹਨ ਵੋਟਾਂ

ਚੰਡੀਗੜ੍ਹ, 10 ਨਵੰਬਰ
-ਜੀ. ਐਸ. ਤੁੰਗ-

ਪੰਜਾਬ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸਿਆਸੀ ਮਾਹੌਲ ਗਰਮਾਉਣ ਲੱਗਾ ਹੈ। ਚੋਣਾਂ ਦੀਆਂ ਤਿਆਰੀਆਂ ਦੇ ਮੱਦੇਨਜ਼ਰ ਚੋਣ ਕਮਿਸ਼ਨ ਵੱਲੋਂ ਆਪਣੀਆਂ ਗਤੀਵਿਧੀਆਂ ਤੇਜ਼ ਕੀਤੀਆਂ ਜਾ ਰਹੀਆਂ ਹਨ। ਸੰਭਾਵਨਾ ਜਤਾਈ ਜਾ ਰਹੀ ਹੈ ਕਿ ਮੁੱਖ ਚੋਣ ਕਮਿਸ਼ਨਰ ਅਤੇ ਹੋਰ ਸੀਨੀਅਰ ਅਧਿਕਾਰੀ ਨਵੰਬਰ ਦੇ ਅਖੀਰ ਤੱਕ ਪੰਜਾਬ ਦਾ ਦੌਰਾ ਕਰ ਸਕਦੇ ਹਨ। ਇਸ ਦੌਰੇ ਦੌਰਾਨ ਸੂਬੇ ਵਿੱਚ ਚੋਣ ਪ੍ਰਬੰਧਾਂ ਦਾ ਜਾਇਜ਼ਾ ਲਿਆ ਜਾਵੇਗਾ।

ਸੂਤਰਾਂ ਅਨੁਸਾਰ, ਦਸੰਬਰ ਦੇ ਆਖਰੀ ਹਫ਼ਤੇ ਤੱਕ ਚੋਣਾਂ ਵਾਲੇ ਪੰਜ ਸੂਬਿਆਂ ਵਿੱਚ ਚੋਣ ਤਿਆਰੀਆਂ ਦੀ ਸਮੀਖਿਆ ਪੂਰੀ ਹੋਣ ਤੋਂ ਬਾਅਦ ਚੋਣ ਕਮਿਸ਼ਨ ਜਨਵਰੀ 2027 ਦੇ ਪਹਿਲੇ ਹਫ਼ਤੇ ਪੰਜਾਬ ਸਮੇਤ ਹੋਰ ਸੂਬਿਆਂ ਦੀਆਂ ਵਿਧਾਨ ਸਭਾ ਚੋਣਾਂ ਦਾ ਪ੍ਰੋਗਰਾਮ ਐਲਾਨ ਸਕਦਾ ਹੈ। ਜੇਕਰ ਇਹ ਸੰਭਾਵਨਾ ਸਹੀ ਸਾਬਤ ਹੁੰਦੀ ਹੈ ਤਾਂ ਫਰਵਰੀ ਦੇ ਆਖਰੀ ਹਫ਼ਤੇ ਜਾਂ ਮਾਰਚ ਦੇ ਪਹਿਲੇ ਹਫ਼ਤੇ ਪੰਜਾਬ ਵਿੱਚ ਵੋਟਾਂ ਪੈ ਸਕਦੀਆਂ ਹਨ। ਹਾਲਾਂਕਿ, ਚੋਣਾਂ ਦੀਆਂ ਤਰੀਕਾਂ ਬਾਰੇ ਅੰਤਿਮ ਫੈਸਲਾ ਚੋਣ ਕਮਿਸ਼ਨ ਵੱਲੋਂ ਹੀ ਕੀਤਾ ਜਾਵੇਗਾ। ਪੰਜਾਬ ਦੀ ਮੌਜੂਦਾ ਵਿਧਾਨ ਸਭਾ ਦਾ ਕਾਰਜਕਾਲ 16 ਮਾਰਚ 2027 ਨੂੰ ਖ਼ਤਮ ਹੋ ਰਿਹਾ ਹੈ। ਇਸ ਲਈ ਸੰਵਿਧਾਨਕ ਸਮਾਂ-ਸੀਮਾ ਦੇ ਅੰਦਰ ਨਵੀਂ ਵਿਧਾਨ ਸਭਾ ਦੀ ਚੋਣ ਪ੍ਰਕਿਰਿਆ ਪੂਰੀ ਕਰਵਾਉਣਾ ਚੋਣ ਕਮਿਸ਼ਨ ਦੀ ਜ਼ਿੰਮੇਵਾਰੀ ਹੋਵੇਗੀ।

ਪਿਛਲੀਆਂ 2022 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਵੀ ਚੋਣ ਕਮਿਸ਼ਨ ਦੀ ਟੀਮ ਨੇ 15 ਅਤੇ 16 ਦਸੰਬਰ 2021 ਨੂੰ ਪੰਜਾਬ ਦਾ ਦੌਰਾ ਕੀਤਾ ਸੀ। ਇਸ ਤੋਂ ਬਾਅਦ 8 ਜਨਵਰੀ 2022 ਨੂੰ ਚੋਣਾਂ ਦਾ ਐਲਾਨ ਕੀਤਾ ਗਿਆ ਅਤੇ ਉਸੇ ਦਿਨ ਆਦਰਸ਼ ਚੋਣ ਜ਼ਾਬਤਾ ਲਾਗੂ ਹੋ ਗਿਆ ਸੀ। ਪੰਜਾਬ ਵਿੱਚ 20 ਫਰਵਰੀ ਨੂੰ ਵੋਟਿੰਗ ਹੋਈ ਸੀ, ਜਦਕਿ ਚੋਣ ਨਤੀਜੇ 10 ਮਾਰਚ ਨੂੰ ਐਲਾਨੇ ਗਏ ਸਨ। ਇਸ ਪਿਛਲੇ ਤਜਰਬੇ ਦੇ ਆਧਾਰ 'ਤੇ ਇਸ ਵਾਰ ਵੀ ਚੋਣ ਪ੍ਰੋਗਰਾਮ ਦੇ ਐਲਾਨ ਨੂੰ ਲੈ ਕੇ ਅਟਕਲਾਂ ਲਗਾਈਆਂ ਜਾ ਰਹੀਆਂ ਹਨ। ਮੁੱਖ ਚੋਣ ਕਮਿਸ਼ਨਰ ਦੇ ਸੰਭਾਵਿਤ ਦੌਰੇ ਤੋਂ ਪਹਿਲਾਂ ਚੋਣ ਕਮਿਸ਼ਨ ਦੇ ਸੀਨੀਅਰ ਅਧਿਕਾਰੀਆਂ ਦੀਆਂ ਟੀਮਾਂ 27 ਅਤੇ 28 ਅਕਤੂਬਰ ਨੂੰ ਪੰਜਾਬ ਦਾ ਦੌਰਾ ਕਰ ਚੁੱਕੀਆਂ ਹਨ। ਇਨ੍ਹਾਂ ਟੀਮਾਂ ਵੱਲੋਂ ਸੂਬੇ ਵਿੱਚ ਚੋਣ ਪ੍ਰਬੰਧਾਂ ਦਾ ਮੁਲਾਂਕਣ ਕਰਕੇ ਆਪਣੀਆਂ ਰਿਪੋਰਟਾਂ ਚੋਣ ਕਮਿਸ਼ਨ ਨੂੰ ਸੌਂਪੀਆਂ ਜਾ ਚੁੱਕੀਆਂ ਹਨ।

ਸਿਆਸੀ ਪਾਰਟੀਆਂ ਨਾਲ ਵੀ ਹੋਵੇਗੀ ਅਹਿਮ ਬੈਠਕ

ਪੰਜਾਬ ਦੌਰੇ ਦੌਰਾਨ ਚੋਣ ਕਮਿਸ਼ਨ ਵੱਲੋਂ ਕੌਮੀ ਅਤੇ ਸੂਬਾਈ ਪੱਧਰ 'ਤੇ ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੁਲਾਕਾਤ ਕੀਤੀ ਜਾਵੇਗੀ। ਇਸ ਮੌਕੇ ਪਾਰਟੀਆਂ ਦੀਆਂ ਸ਼ਿਕਾਇਤਾਂ, ਸੁਝਾਅ ਅਤੇ ਮੰਗਾਂ ਸੁਣੀਆਂ ਜਾਣਗੀਆਂ। ਸਿਆਸੀ ਪਾਰਟੀਆਂ ਨਿਰਪੱਖ ਚੋਣਾਂ ਯਕੀਨੀ ਬਣਾਉਣ, ਚੋਣ ਅਧਿਕਾਰੀਆਂ ਦੀ ਤਾਇਨਾਤੀ, ਸੁਰੱਖਿਆ ਪ੍ਰਬੰਧਾਂ ਅਤੇ ਚੋਣ ਪ੍ਰਕਿਰਿਆ ਨਾਲ ਸਬੰਧਤ ਮੁੱਦੇ ਕਮਿਸ਼ਨ ਅੱਗੇ ਰੱਖ ਸਕਣਗੀਆਂ।

ਡੀ.ਸੀ. ਅਤੇ ਪੁਲਿਸ ਅਧਿਕਾਰੀਆਂ ਨਾਲ ਵੀ ਹੋਵੇਗੀ ਸਮੀਖਿਆ

ਚੋਣ ਪ੍ਰਬੰਧਾਂ ਦੀ ਜ਼ਮੀਨੀ ਪੱਧਰ 'ਤੇ ਤਿਆਰੀ ਪਰਖਣ ਲਈ ਚੋਣ ਕਮਿਸ਼ਨ ਵੱਲੋਂ ਸਾਰੇ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ, ਪੁਲਿਸ ਕਮਿਸ਼ਨਰਾਂ ਅਤੇ ਸੀਨੀਅਰ ਪੁਲਿਸ ਕਪਤਾਨਾਂ ਨਾਲ ਵੀ ਮੀਟਿੰਗਾਂ ਕੀਤੀਆਂ ਜਾਣਗੀਆਂ। ਇਨ੍ਹਾਂ ਮੀਟਿੰਗਾਂ ਵਿੱਚ ਚੋਣਾਂ ਨੂੰ ਸ਼ਾਂਤੀਪੂਰਨ, ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਕਰਵਾਉਣ ਲਈ ਸੁਰੱਖਿਆ ਪ੍ਰਬੰਧਾਂ ਅਤੇ ਪ੍ਰਸ਼ਾਸਨਿਕ ਤਿਆਰੀਆਂ ਦਾ ਜਾਇਜ਼ਾ ਲਿਆ ਜਾਵੇਗਾ।

ਫਿਲਹਾਲ ਪੰਜਾਬ ਦੀਆਂ ਸਿਆਸੀ ਪਾਰਟੀਆਂ ਅਤੇ ਸੰਭਾਵੀ ਉਮੀਦਵਾਰਾਂ ਦੀਆਂ ਨਜ਼ਰਾਂ ਚੋਣ ਕਮਿਸ਼ਨ ਦੇ ਅਗਲੇ ਕਦਮਾਂ 'ਤੇ ਟਿਕੀਆਂ ਹੋਈਆਂ ਹਨ। ਜਨਵਰੀ ਵਿੱਚ ਚੋਣ ਪ੍ਰੋਗਰਾਮ ਦੇ ਸੰਭਾਵਿਤ ਐਲਾਨ ਨਾਲ ਸੂਬੇ ਦੀ ਸਿਆਸਤ ਵਿੱਚ ਹੋਰ ਤੇਜ਼ੀ ਆਉਣ ਦੀ ਉਮੀਦ ਹੈ।

ਰੋਜ਼ਾਨਾ ਸ਼ਹੀਦ-ਏ-ਆਜ਼ਮ
Shaheedeazamnews.com
SHAHEEDEAZAMNEWS.COM PRINT & DIGITAL MEDIA
शहीद-ए-आजम
Shaheedeazamnewsnational.com
ਅਦਾਰਾ ਸ਼ਹੀਦ-ਏ-ਆਜ਼ਮ ਵੱਲੋਂ ਗੁ: ਸਿੰਘ ਸਾਹਿਬ ਸ਼ਹੀਦ ਅਕਾਲੀ ਬਾਬਾ ਫੂਲਾ ਸਿੰਘ ਜੀ, ਅਰਬਨ ਅਸਟੇਟ ਫੇਜ਼-2, ਪਟਿਆਲਾ ਵਿਖੇ ਚਲ ਰਹੇ ਰੋਜ਼ਾਨਾ ਗੁਰਮਤਿ ਸਮਾਗਮ ਲਾਈਵ ਦੇਖੋ
ਗੁਰੂ ਗੋਬਿੰਦ ਸਿੰਘ ਪ੍ਰੀਵਾਰ ਸੰਸਥਾ ਦੇ ਅਨਾਥ ਬੱਚਿਆਂ ਵੱਲੋਂ ਗੁਰਬਾਣੀ ਦੇ 25-30 ਰਾਗਾਂ ਵਿਚ
ਅਨੰਦਮਈ ਅੰਮ੍ਰਿਤ ਵੇਲੇ ਆਸਾ ਦੀ ਵਾਰ ਅਤੇ ਕੀਰਤਨ ਸਵੇਰੇ 5:30 ਵਜੇ
ਸੰਧਿਆ ਸਮੇਂ ਕਥਾ: ਪ੍ਰਾਚੀਨ ਪੰਥ ਪ੍ਰਕਾਸ਼ ਸ਼ਾਮ 6 ਵਜੇ ਸਿੱਖ ਪੰਥ ਦੇ ਮਹਾਨ ਕਥਾਕਾਰ ਗਿਆਨੀ ਪ੍ਰਿਤਪਾਲ ਸਿੰਘ ਜੀ ਦੇ ਪਰਮ ਸੇਵਕ: ਭਾਈ ਬਲੀ ਸਿੰਘ ਜੀ ਵੱਲੋਂ
ਰਹਿਰਾਸ ਸਾਹਿਬ, ਆਰਤੀ ਅਤੇ ਕੀਰਤਨ ਸ਼ਾਮ 7:00 ਵਜੇ
YOUTUBE | WHATSAPP | THREAD | Twitter X | TELEGRAM | INSTAGRAM | FACEBOOK | E-Paper Shaheed-e-Azam
ਅਦਰਾ ਸ਼ਹੀਦ-ਏ-ਆਜ਼ਮ 1982 ਤੋਂ ਸੱਚੀ, ਨਿਰਪੱਖ ਤੇ ਜ਼ਿੰਮੇਵਾਰ ਪੱਤਰਕਾਰਤਾ ਰਾਹੀਂ ਲੋਕਾਂ ਦੀ ਆਵਾਜ਼ ਬਣਿਆ ਹੋਇਆ ਹੈ। ਚੌਧਰੀ ਪ੍ਰਭਜੀਤ ਸਿੰਘ ਵੱਲੋਂ ਸਥਾਪਿਤ ਇਹ ਮੀਡੀਆ ਸੰਸਥਾ ਅੱਜ ਪ੍ਰਿੰਟ ਅਤੇ ਸ਼ੋਸਲ ਮੀਡੀਆ, ਡਿਜ਼ੀਟਲ ਪਲੇਟਫਾਰਮ ਰਾਹੀਂ ਪੰਜਾਬ, ਭਾਰਤ ਅਤੇ ਵਿਦੇਸ਼ਾਂ ਤਕ ਗੁਰਬਾਣੀ, ਖ਼ਬਰਾਂ, ਲੋਕ ਭਲਾਈ ਦੇ ਮੁੱਦੇ, ਲੋਕਾਂ ਤੱਕ ਨਿਰੰਤਰ ਪਹੁੰਚਾ ਰਿਹਾ ਹੈ।

ਸੰਪਾਦਕੀ

ਐਸ.ਸੀ ਦੀ ਫਟਕਾਰ, ਠੱਗੀ ’ਤੇ ਬੈਂਕ ਜ਼ਿੰਮੇਵਾਰ

ਡਿਜੀਟਲ ਬੈਂਕਿੰਗ ਦੇ ਯੁੱਗ ਵਿੱਚ ਭਰੋਸਾ ਹੀ ਸਭ ਤੋਂ ਵੱਡੀ ਪੂੰਜੀ ਹੈ। ਜੇ ਬੈਂਕ ਆਪਣੀ ਸੁਰੱਖਿਆ ਅਤੇ ਨਿਗਰਾਨੀ ਦੀ ਜ਼ਿੰਮੇਵਾਰੀ ਨਿਭਾਉਣ ਵਿੱਚ ਅਸਫਲ ਰਹਿੰਦੇ ਹਨ ਤਾਂ ਉਸ ਦਾ ਖ਼ਮਿਆਜ਼ਾ ਆਮ ਖਾਤਾਧਾਰਕ ਕਿਉਂ ਭੁਗਤੇ ? ਅੱਜ ਬੈਂਕਿੰਗ ਪ੍ਰਣਾਲੀ ਨੇ ਮਨੁੱਖੀ ਜੀਵਨ ਨੂੰ ਜਿੰਨਾ ਸੁਖਾਲਾ ਬਣਾਇਆ ਹੈ, ਉਂਨਾ ਹੀ ਇਸ ਨੂੰ ਨਵੀਆਂ ਚੁਣੌਤੀਆਂ ਦੇ ਸਾਹਮਣੇ ਵੀ ਖੜ੍ਹਾ ਕਰ ਦਿੱਤਾ ਹੈ। ਕਦੇ ਬੈਂਕ ਦੀ ਲੰਮੀ ਕਤਾਰ ਵਿੱਚ ਖੜ੍ਹ ਕੇ ਆਪਣੀ ਹੀ ਜਮ੍ਹਾਂ ਪੂੰਜੀ ਕਢਵਾਉਣ ਵਾਲਾ ਆਮ ਨਾਗਰਿਕ ਅੱਜ ਮੋਬਾਈਲ ਦੀ ਇੱਕ ਉਂਗਲੀ ਨਾਲ ਹਜ਼ਾਰਾਂ ਰੁਪਏ ਦਾ ਲੈਣ-ਦੇਣ ਕਰ ਲੈਂਦਾ ਹੈ। ਪਰ ਇਸ ਸਹੂਲਤ ਦੇ ਨਾਲ ਸਾਈਬਰ ਠੱਗੀ, ਜਾਅਲੀ ਫ਼ੋਨ, ਨਕਲੀ ਅਧਿਕਾਰੀ, ਝੂਠੇ ਅਦਾਲਤੀ ਹੁਕਮ ਅਤੇ ਅਖੌਤੀ ਡਿਜੀਟਲ ਗ੍ਰਿਫ਼ਤਾਰੀ ਵਰਗੇ ਅਪਰਾਧਾਂ ਦਾ ਖ਼ਤਰਾ ਵੀ ਤੇਜ਼ੀ ਨਾਲ ਵਧਿਆ ਹੈ। ਸਭ ਤੋਂ ਦੁਖਦਾਈ ਪੱਖ ਇਹ ਹੈ ਕਿ ਇਨ੍ਹਾਂ ਅਪਰਾਧਾਂ ਦਾ ਸ਼ਿਕਾਰ ਅਕਸਰ ਉਹ ਲੋਕ ਬਣਦੇ ਹਨ, ਜਿਨ੍ਹਾਂ ਨੇ ਆਪਣੀ ਸਾਰੀ ਉਮਰ ਦੀ ਕਮਾਈ ਬੈਂਕਾਂ ਵਿੱਚ ਸੁਰੱਖਿਅਤ ਰੱਖਣ ਦੇ ਭਰੋਸੇ ਨਾਲ ਜਮ੍ਹਾਂ ਕਰਵਾਈ ਹੁੰਦੀ ਹੈ।

ਇਸੇ ਗੰਭੀਰ ਮਸਲੇ ਉੱਤੇ 29 ਅਕਤੂਬਰ 2026 ਨੂੰ ਸੁਪਰੀਮ ਕੋਰਟ ਨੇ ਬੈਂਕਾਂ ਅਤੇ ਵਿੱਤੀ ਸੰਸਥਾਵਾਂ ਦੀ ਜਵਾਬਦੇਹੀ ਬਾਰੇ ਬੇਹੱਦ ਅਹਿਮ ਰੁਖ਼ ਅਪਣਾਇਆ। ਮੁੱਖ ਨਿਆਂਧੀਸ਼ ਸੂਰਿਆ ਕਾਂਤ, ਨਿਆਂਮੂਰਤੀ ਜੌਇਮਾਲਿਆ ਬਾਗਚੀ ਅਤੇ ਨਿਆਂਮੂਰਤੀ ਵੀ.ਮੋਹਨਾ ਦੀ ਤਿੰਨ ਮੈਂਬਰੀ ਪੀਠ ਨੇ ਸਪੱਸ਼ਟ ਕੀਤਾ ਕਿ ਜੇ ਕਿਸੇ ਵਿੱਤੀ ਸੰਸਥਾ ਦੀ ਲੋੜੀਂਦੀ ਜਾਂਚ-ਪੜਤਾਲ ਅਤੇ ਸਾਵਧਾਨੀ ਦੀ ਘਾਟ ਕਾਰਨ ਗਾਹਕ ਨਾਲ ਸਾਈਬਰ ਠੱਗੀ ਹੁੰਦੀ ਹੈ ਤਾਂ ਉਸ ਸੰਸਥਾ ਨੂੰ ਪੀੜਤ ਦੇ ਨੁਕਸਾਨ ਦੀ ਭਰਪਾਈ ਲਈ ਜਵਾਬਦੇਹ ਬਣਾਇਆ ਜਾਣਾ ਚਾਹੀਦਾ ਹੈ। ਅਦਾਲਤ ਨੇ ਭਾਰਤੀ ਰਿਜ਼ਰਵ ਬੈਂਕ ਦੇ ਪ੍ਰਸਤਾਵਿਤ ਨਿਯਮਾਂ ਵਿੱਚ ਇਸ ਸਬੰਧੀ ਲਾਜ਼ਮੀ ਪ੍ਰਬੰਧ ਸ਼ਾਮਲ ਕਰਨ ਉੱਤੇ ਜ਼ੋਰ ਦਿੱਤਾ।

ਇਸ ਨਿਆਂਇਕ ਰੁਖ਼ ਦਾ ਸਭ ਤੋਂ ਮਹੱਤਵਪੂਰਨ ਪਹਿਲੂ ਇਹ ਹੈ ਕਿ ਅਦਾਲਤ ਨੇ ਸਾਈਬਰ ਠੱਗੀ ਨੂੰ ਕੇਵਲ ਗਾਹਕ ਦੀ ਆਪਣੀ ਸਾਵਧਾਨੀ ਨਾਲ ਜੋੜ ਕੇ ਦੇਖਣ ਦੀ ਬਜਾਏ ਬੈਂਕਿੰਗ ਪ੍ਰਣਾਲੀ ਦੀਆਂ ਜ਼ਿੰਮੇਵਾਰੀਆਂ ਵੱਲ ਵੀ ਧਿਆਨ ਦਿਵਾਇਆ ਹੈ। ਜੇ ਕਿਸੇ ਖਾਤੇ ਵਿੱਚ ਅਚਾਨਕ ਅਜਿਹੀ ਵੱਡੀ ਰਕਮ ਦਾ ਲੈਣ-ਦੇਣ ਹੋਵੇ, ਜੋ ਉਸ ਖਾਤਾਧਾਰਕ ਦੇ ਪਿਛਲੇ ਵਿਹਾਰ ਤੋਂ ਬਿਲਕੁਲ ਵੱਖਰਾ ਹੋਵੇ, ਤਾਂ ਬੈਂਕ ਦੀ ਨਿਗਰਾਨੀ ਪ੍ਰਣਾਲੀ ਉਸ ਨੂੰ ਪਛਾਣਨ ਦੇ ਯੋਗ ਕਿਉਂ ਨਾ ਹੋਵੇ ? ਜੇ ਸ਼ੱਕੀ ਲੈਣ-ਦੇਣ ਦੀ ਪਛਾਣ ਹੋ ਸਕਦੀ ਹੈ ਤਾਂ ਉਸ ਨੂੰ ਕੁਝ ਸਮੇਂ ਲਈ ਰੋਕ ਕੇ ਗਾਹਕ ਤੋਂ ਪੁਸ਼ਟੀ ਕਿਉਂ ਨਾ ਲਈ ਜਾਵੇ ? ਜੇ ਬੈਂਕ ਕੋਲ ਗਾਹਕ ਦੀ ਪਛਾਣ, ਖਾਤੇ ਦਾ ਇਤਿਹਾਸ ਅਤੇ ਲੈਣ-ਦੇਣ ਦਾ ਪੂਰਾ ਵੇਰਵਾ ਮੌਜੂਦ ਹੈ ਤਾਂ ਉਸ ਦੀ ਵਰਤੋਂ ਗਾਹਕ ਦੀ ਸੁਰੱਖਿਆ ਲਈ ਕਿਉਂ ਨਾ ਕੀਤੀ ਜਾਵੇ ? ਇਹ ਉਹ ਬੁਨਿਆਦੀ ਸਵਾਲ ਹਨ, ਜਿਨ੍ਹਾਂ ਨੂੰ ਸਰਵਉੱਚ ਅਦਾਲਤ ਨੇ ਉਭਾਰਿਆ ਹੈ। ਅਦਾਲਤ ਨੇ ਇਹ ਵੀ ਸੰਕੇਤ ਦਿੱਤਾ ਕਿ ਨਕਲੀ ਪੁਲਿਸ ਅਧਿਕਾਰੀਆਂ, ਜਾਂਚ ਏਜੰਸੀਆਂ ਅਤੇ ਅਦਾਲਤੀ ਅਧਿਕਾਰੀਆਂ ਦੇ ਭੇਸ ਵਿੱਚ ਲੋਕਾਂ ਨੂੰ ਡਰਾ ਕੇ ਪੈਸੇ ਵਸੂਲਣ ਵਾਲੇ ਗਿਰੋਹਾਂ ਵਿਰੁੱਧ ਸਿਰਫ਼ ਜਾਗਰੂਕਤਾ ਮੁਹਿੰਮਾਂ ਕਾਫ਼ੀ ਨਹੀਂ ਹਨ। ਬੈਂਕਾਂ ਨੂੰ ਸ਼ੱਕੀ ਖਾਤਿਆਂ ਦੀ ਸ਼੍ਰੇਣੀਬੰਦੀ, ਅਸਧਾਰਨ ਲੈਣ-ਦੇਣ ਉੱਤੇ ਆਰਜ਼ੀ ਰੋਕ ਅਤੇ ਸਬੰਧਤ ਪੁਲਿਸ ਥਾਣੇ ਨੂੰ ਸੂਚਨਾ ਦੇਣ ਵਰਗੇ ਪ੍ਰਬੰਧ ਮਜ਼ਬੂਤ ਕਰਨੇ ਪੈਣਗੇ। ਇਸ ਸਬੰਧ ਵਿੱਚ ਇੱਕ ਹੋਰ ਮਹੱਤਵਪੂਰਨ ਤੱਥ ਇਹ ਹੈ ਕਿ ਭਾਰਤੀ ਰਿਜ਼ਰਵ ਬੈਂਕ ਨੇ 24 ਜੂਨ 2026 ਨੂੰ ਵੀ ਇਲੈਕਟ੍ਰਾਨਿਕ ਬੈਂਕਿੰਗ ਧੋਖਾਧੜੀ ਵਿੱਚ ਗਾਹਕਾਂ ਦੀ ਸੁਰੱਖਿਆ ਬਾਰੇ ਸੋਧੇ ਹੋਏ ਨਿਰਦੇਸ਼ ਜਾਰੀ ਕੀਤੇ ਸਨ, ਜਿਨ੍ਹਾਂ ਨੂੰ ਪਹਿਲੀ ਜਨਵਰੀ 2027 ਤੋਂ ਲਾਗੂ ਕੀਤਾ ਜਾਣਾ ਹੈ। ਇਨ੍ਹਾਂ ਵਿੱਚ ਬੈਂਕ ਦੀ ਲਾਪਰਵਾਹੀ ਕਾਰਨ ਹੋਏ ਅਣਅਧਿਕਾਰਤ ਲੈਣ-ਦੇਣ ਲਈ ਗਾਹਕ ਦੀ ਜ਼ੀਰੋ ਜਵਾਬਦੇਹੀ, ਸ਼ਿਕਾਇਤ ਮਿਲਣ ਉਪਰੰਤ ਤੁਰੰਤ ਕਾਰਵਾਈ ਅਤੇ ਗਾਹਕ ਦੀ ਜਵਾਬਦੇਹੀ ਸਾਬਤ ਕਰਨ ਦਾ ਭਾਰ ਬੈਂਕ ਉੱਤੇ ਰੱਖਣ ਵਰਗੇ ਪ੍ਰਬੰਧ ਸ਼ਾਮਲ ਹਨ। ਪਰ ਇੱਥੇ ਇੱਕ ਗੱਲ ਸਮਝਣੀ ਬਹੁਤ ਜ਼ਰੂਰੀ ਹੈ। ਸੁਪਰੀਮ ਕੋਰਟ ਦਾ ਇਹ ਰੁਖ਼ ਹਰ ਤਰ੍ਹਾਂ ਦੀ ਸਾਈਬਰ ਠੱਗੀ ਵਿੱਚ ਬੈਂਕ ਵੱਲੋਂ ਆਪਣੇ ਆਪ ਪੂਰੀ ਰਕਮ ਵਾਪਸ ਕਰਨ ਦਾ ਅੰਤਿਮ ਅਤੇ ਸਰਬਵਿਆਪੀ ਹੁਕਮ ਨਹੀਂ ਹੈ। ਮੁਆਵਜ਼ੇ ਦੀ ਜ਼ਿੰਮੇਵਾਰੀ ਬੈਂਕ ਦੀ ਜਾਂਚ-ਪੜਤਾਲ ਵਿੱਚ ਸਾਬਤ ਹੋਈ ਅਸਫਲਤਾ ਨਾਲ ਜੁੜੀ ਹੋਈ ਹੈ। ਇਸ ਲਈ ਅਜਿਹੇ ਮਾਮਲਿਆਂ ਵਿੱਚ ਤੱਥਾਂ ਅਤੇ ਜਾਂਚ ਦੇ ਆਧਾਰ ਉੱਤੇ ਜਵਾਬਦੇਹੀ ਤੈਅ ਹੋਣੀ ਚਾਹੀਦੀ ਹੈ।

ਅਸਲ ਵਿੱਚ ਬੈਂਕ ਸਿਰਫ਼ ਪੈਸਾ ਜਮ੍ਹਾਂ ਕਰਨ ਅਤੇ ਕਢਵਾਉਣ ਦਾ ਅਦਾਰਾ ਨਹੀਂ, ਸਗੋਂ ਆਮ ਨਾਗਰਿਕ ਦੀ ਉਮਰ ਭਰ ਦੀ ਕਮਾਈ ਦਾ ਭਰੋਸੇਯੋਗ ਰਖਵਾਲਾ ਵੀ ਹੈ। ਗਾਹਕ ਤੋਂ ਹਰ ਸਹੂਲਤ ਦਾ ਖ਼ਰਚਾ ਵਸੂਲਣ ਵਾਲੀਆਂ ਸੰਸਥਾਵਾਂ ਦੀ ਇਹ ਨੈਤਿਕ ਅਤੇ ਕਾਨੂੰਨੀ ਜ਼ਿੰਮੇਵਾਰੀ ਵੀ ਬਣਦੀ ਹੈ ਕਿ ਉਹ ਉਸ ਦੀ ਜਮ੍ਹਾਂ ਪੂੰਜੀ ਦੀ ਸੁਰੱਖਿਆ ਲਈ ਆਧੁਨਿਕ ਤਕਨੀਕ, ਚੌਕਸੀ ਅਤੇ ਜਵਾਬਦੇਹੀ ਯਕੀਨੀ ਬਣਾਉਣ।

ਸੁਪਰੀਮ ਕੋਰਟ ਦਾ ਇਹ ਰੁਖ਼ ਇਸੇ ਦਿਸ਼ਾ ਵਿੱਚ ਇੱਕ ਅਹਿਮ ਨਿਆਂਇਕ ਪਹਿਲ ਹੈ। ਹੁਣ ਲੋੜ ਹੈ ਕਿ ਇਸ ਸੋਚ ਨੂੰ ਅਮਲੀ ਰੂਪ ਮਿਲੇ, ਤਾਂ ਜੋ ਡਿਜੀਟਲ ਬੈਂਕਿੰਗ ਦੀ ਤਰੱਕੀ ਆਮ ਆਦਮੀ ਲਈ ਡਰ ਅਤੇ ਨੁਕਸਾਨ ਦਾ ਕਾਰਨ ਬਣਨ ਦੀ ਬਜਾਏ ਸੁਰੱਖਿਆ, ਸਹੂਲਤ ਅਤੇ ਵਿਸ਼ਵਾਸ ਦਾ ਸਾਧਨ ਬਣੇ। ਕਿਉਂਕਿ ਕਿਸੇ ਵੀ ਆਰਥਿਕ ਪ੍ਰਣਾਲੀ ਦੀ ਅਸਲ ਕਾਮਯਾਬੀ ਉਸ ਦੇ ਮੁਨਾਫ਼ੇ ਨਾਲ ਨਹੀਂ, ਸਗੋਂ ਉਸ ਵਿੱਚ ਆਮ ਨਾਗਰਿਕ ਦੇ ਪੈਸੇ ਅਤੇ ਭਰੋਸੇ ਦੀ ਸੁਰੱਖਿਆ ਨਾਲ ਮਾਪੀ ਜਾਂਦੀ ਹੈ।

-ਛੱਤਰਪਾਲ ਸਿੰਘ



Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ ’ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

ਚਾਰ ਸਰਕਾਰੀ ਬੈਂਕਾਂ ਚ’ ਘਟੇਗੀ ਹਿੱਸੇਦਾਰੀ.. !

ਜਨਤਕ ਹਿੱਸੇਦਾਰੀ ਵਧਾਉਣ ਲਈ ਸ਼ੇਅਰਾਂ ਦੀ ਵਿਕਰੀ ਦੀ ਯੋਜਨਾ, ਦੂਜੇ ਪਾਸੇ ਦੋ ਬੈਂਕਾਂ ਦੇ ਸੰਭਾਵੀ ਨਿੱਜੀਕਰਨ ਅਤੇ ਰਲੇਵੇਂ ਦੀ ਰਣਨੀਤੀ; ਸਰਕਾਰੀ ਮਾਲਕੀ, ਨਿਵੇਸ਼ਕਾਂ ਅਤੇ ਬੈਂਕ ਮੁਲਾਜ਼ਮਾਂ ਉੱਤੇ ਪੈਣ ਵਾਲੇ ਅਸਰਾਂ ਬਾਰੇ ਅਹਿਮ ਸਵਾਲ



ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ਼.
9855221193

ਵਿਸ਼ੇਸ਼ ਪੜਚੋਲ

ਭਾਰਤ ਦੇ ਬੈਂਕਿੰਗ ਖੇਤਰ ਵਿੱਚ ਇੱਕ ਹੋਰ ਵੱਡੇ ਨੀਤੀਗਤ ਬਦਲਾਅ ਦੀ ਤਿਆਰੀ ਸਾਹਮਣੇ ਆ ਰਹੀ ਹੈ। ਕੇਂਦਰ ਸਰਕਾਰ ਚਾਰ ਸਰਕਾਰੀ ਖੇਤਰ ਦੇ ਬੈਂਕਾਂ ਵਿੱਚ ਆਪਣੀ ਹਿੱਸੇਦਾਰੀ ਘਟਾ ਕੇ 75 ਫ਼ੀਸਦੀ ਤੱਕ ਲਿਆਉਣ ਬਾਰੇ ਵਿਚਾਰ ਕਰ ਰਹੀ ਹੈ। ਇਸ ਯੋਜਨਾ ਦੇ ਘੇਰੇ ਵਿੱਚ ਸੈਂਟਰਲ ਬੈਂਕ ਆਫ਼ ਇੰਡੀਆ, ਯੂਕੋ ਬੈਂਕ, ਪੰਜਾਬ ਐਂਡ ਸਿੰਧ ਬੈਂਕ ਅਤੇ ਇੰਡੀਅਨ ਓਵਰਸੀਜ਼ ਬੈਂਕ ਸ਼ਾਮਲ ਹਨ। 23 ਅਕਤੂਬਰ 2026 ਨੂੰ ਇਕਨਾਮਿਕ ਟਾਈਮਜ਼ ਵਿੱਚ ਪ੍ਰਕਾਸ਼ਿਤ ਰਿਪੋਰਟ ਅਨੁਸਾਰ, ਇਸ ਕਦਮ ਦਾ ਮੁੱਖ ਉਦੇਸ਼ ਇਨ੍ਹਾਂ ਬੈਂਕਾਂ ਵਿੱਚ ਜਨਤਕ ਹਿੱਸੇਦਾਰੀ ਵਧਾਉਣਾ ਅਤੇ ਸ਼ੇਅਰ ਬਾਜ਼ਾਰ ਦੇ ਨਿਯਮਾਂ ਅਨੁਸਾਰ ਘੱਟੋ-ਘੱਟ ਜਨਤਕ ਹਿੱਸੇਦਾਰੀ ਦੀ ਸ਼ਰਤ ਪੂਰੀ ਕਰਨਾ ਹੈ। ਇਸ ਦੇ ਨਾਲ ਹੀ ਸਰਕਾਰ ਸਰਕਾਰੀ ਬੈਂਕਾਂ ਦੇ ਅਗਲੇ ਦੌਰ ਦੇ ਰਲੇਵੇਂ ਅਤੇ ਸੰਭਾਵੀ ਨਿੱਜੀਕਰਨ ਬਾਰੇ ਵੀ ਰਣਨੀਤੀ ਤਿਆਰ ਕਰ ਰਹੀ ਹੈ।

ਇਹ ਪ੍ਰਸਤਾਵ ਸਿਰਫ਼ ਸਰਕਾਰੀ ਸ਼ੇਅਰ ਵੇਚਣ ਦੀ ਕਾਰਵਾਈ ਨਹੀਂ, ਸਗੋਂ ਭਾਰਤ ਦੇ ਵਿੱਤੀ ਖੇਤਰ ਵਿੱਚ ਸਰਕਾਰੀ ਮਾਲਕੀ, ਨਿੱਜੀ ਨਿਵੇਸ਼, ਬੈਂਕਾਂ ਦੀ ਕਾਰਜਕੁਸ਼ਲਤਾ ਅਤੇ ਭਵਿੱਖੀ ਬੈਂਕਿੰਗ ਢਾਂਚੇ ਨਾਲ ਜੁੜਿਆ ਮਹੱਤਵਪੂਰਨ ਵਿਕਾਸ ਹੈ।

ਕਿਹੜੇ ਚਾਰ ਬੈਂਕ ਹਨ ਯੋਜਨਾ ਦੇ ਘੇਰੇ ਵਿੱਚ: ਮੀਡੀਆ ਰਿਪੋਰਟ ਵਿੱਚ ਦਰਜ ਸਤੰਬਰ 2026 ਦੇ ਅੰਕੜਿਆਂ ਅਨੁਸਾਰ, ਇੰਡੀਅਨ ਓਵਰਸੀਜ਼ ਬੈਂਕ ਵਿੱਚ ਕੇਂਦਰ ਸਰਕਾਰ ਦੀ ਹਿੱਸੇਦਾਰੀ 92.44 ਫ਼ੀਸਦੀ, ਪੰਜਾਬ ਐਂਡ ਸਿੰਧ ਬੈਂਕ ਵਿੱਚ 93.85 ਫ਼ੀਸਦੀ, ਯੂਕੋ ਬੈਂਕ ਵਿੱਚ 90.95 ਫ਼ੀਸਦੀ ਅਤੇ ਸੈਂਟਰਲ ਬੈਂਕ ਆਫ਼ ਇੰਡੀਆ ਵਿੱਚ 81.19 ਫ਼ੀਸਦੀ ਹੈ।

ਇਨ੍ਹਾਂ ਅੰਕੜਿਆਂ ਮੁਤਾਬਕ ਸਰਕਾਰ ਨੂੰ 75 ਫ਼ੀਸਦੀ ਦਾ ਟੀਚਾ ਹਾਸਲ ਕਰਨ ਲਈ ਚਾਰਾਂ ਬੈਂਕਾਂ ਵਿੱਚ ਆਪਣੀ ਕੁਝ ਹਿੱਸੇਦਾਰੀ ਘਟਾਉਣੀ ਪਵੇਗੀ। ਖ਼ਾਸ ਤੌਰ ’ਤੇ ਪੰਜਾਬ ਐਂਡ ਸਿੰਧ ਬੈਂਕ, ਯੂਕੋ ਬੈਂਕ ਅਤੇ ਇੰਡੀਅਨ ਓਵਰਸੀਜ਼ ਬੈਂਕ ਵਿੱਚ ਸਰਕਾਰੀ ਹਿੱਸੇਦਾਰੀ 90 ਫ਼ੀਸਦੀ ਤੋਂ ਵੀ ਵੱਧ ਹੈ। ਹਾਲਾਂਕਿ, ਕਿੰਨੇ ਸ਼ੇਅਰ ਵੇਚੇ ਜਾਣਗੇ, ਉਨ੍ਹਾਂ ਦੀ ਕੀਮਤ ਕੀ ਹੋਵੇਗੀ ਅਤੇ ਵਿਕਰੀ ਕਿਹੜੇ ਪੜਾਅ ਵਿੱਚ ਹੋਵੇਗੀ, ਇਸ ਬਾਰੇ ਅਜੇ ਅੰਤਿਮ ਸਰਕਾਰੀ ਕਾਰਜਕ੍ਰਮ ਸਾਹਮਣੇ ਨਹੀਂ ਆਇਆ।

75 ਫ਼ੀਸਦੀ ਹਿੱਸੇਦਾਰੀ ਦਾ ਟੀਚਾ ਹੀ ਕਿਉਂ ?: ਇਸ ਯੋਜਨਾ ਦਾ ਸਿੱਧਾ ਸਬੰਧ ਭਾਰਤੀ ਪ੍ਰਤੀਭੂਤੀ ਅਤੇ ਵਟਾਂਦਰਾ ਬੋਰਡ (ਸੈਬੀ) ਦੇ ਘੱਟੋ-ਘੱਟ ਜਨਤਕ ਹਿੱਸੇਦਾਰੀ ਨਿਯਮ (ਨਿਊਨਤਮ ਪਬਲਿਕ ਸ਼ੇਅਰਹੋਲਡਿੰਗ) ਨਾਲ ਹੈ। ਆਮ ਤੌਰ ’ਤੇ ਸੂਚੀਬੱਧ ਕੰਪਨੀਆਂ ਲਈ ਘੱਟੋ-ਘੱਟ 25 ਫ਼ੀਸਦੀ ਸ਼ੇਅਰ ਜਨਤਕ ਨਿਵੇਸ਼ਕਾਂ ਕੋਲ ਹੋਣੇ ਲਾਜ਼ਮੀ ਹਨ। ਇਸ ਦਾ ਮਤਲਬ ਹੈ ਕਿ ਪ੍ਰਮੋਟਰ ਜਾਂ ਸਰਕਾਰ ਵੱਧ ਤੋਂ ਵੱਧ 75 ਫ਼ੀਸਦੀ ਹਿੱਸੇਦਾਰੀ ਆਪਣੇ ਕੋਲ ਰੱਖ ਸਕਦੀ ਹੈ, ਜਦੋਂ ਤੱਕ ਕਿਸੇ ਵਿਸ਼ੇਸ਼ ਛੋਟ ਦਾ ਪ੍ਰਬੰਧ ਲਾਗੂ ਨਾ ਹੋਵੇ।

ਸਰਕਾਰੀ ਖੇਤਰ ਦੀਆਂ ਸੰਸਥਾਵਾਂ ਨੂੰ ਇਸ ਨਿਯਮ ਦੀ ਪਾਲਣਾ ਲਈ ਪਹਿਲਾਂ ਵਿਸ਼ੇਸ਼ ਛੋਟ ਦਿੱਤੀ ਗਈ ਸੀ। ਵਿੱਤ ਮੰਤਰਾਲੇ ਦੇ 2024 ਦੇ ਫ਼ੈਸਲੇ ਅਨੁਸਾਰ, ਸਰਕਾਰੀ ਮਾਲਕੀ ਵਾਲੀਆਂ ਸੰਸਥਾਵਾਂ ਨੂੰ 1 ਅਗਸਤ 2026 ਤੱਕ ਜਨਤਕ ਹਿੱਸੇਦਾਰੀ ਦੀ ਸ਼ਰਤ ਪੂਰੀ ਕਰਨ ਲਈ ਸਮਾਂ ਦਿੱਤਾ ਗਿਆ ਸੀ। ਇਕਨਾਮਿਕ ਟਾਈਮਜ਼ ਦੀ ਤਾਜ਼ਾ ਰਿਪੋਰਟ ਵਿੱਚ ਹੋਰ ਸਮਾਂ ਦਿੱਤੇ ਜਾਣ ਦੀ ਸੰਭਾਵਨਾ ਦਾ ਵੀ ਜ਼ਿਕਰ ਹੈ। ਇਸ ਲਈ ਕਿਸੇ ਨਵੀਂ ਛੋਟ ਜਾਂ ਮਿਆਦ ਵਿੱਚ ਵਾਧੇ ਨੂੰ ਅਧਿਕਾਰਤ ਨੋਟੀਫਿਕੇਸ਼ਨ ਤੋਂ ਬਾਅਦ ਹੀ ਪੱਕਾ ਮੰਨਿਆ ਜਾ ਸਕਦਾ ਹੈ।

ਇੱਥੇ ਸਮਝਣ ਵਾਲੀ ਗੱਲ ਇਹ ਹੈ ਕਿ 75 ਫ਼ੀਸਦੀ ਸਰਕਾਰੀ ਹਿੱਸੇਦਾਰੀ ਦਾ ਅਰਥ ਸਰਕਾਰ ਦਾ ਬੈਂਕ ਉੱਤੇ ਕੰਟਰੋਲ ਖ਼ਤਮ ਹੋਣਾ ਨਹੀਂ ਹੈ। ਸਰਕਾਰ ਬਹੁਮਤ ਮਾਲਕੀ ਆਪਣੇ ਕੋਲ ਰੱਖਦੇ ਹੋਏ ਬਾਕੀ 25 ਫ਼ੀਸਦੀ ਹਿੱਸੇਦਾਰੀ ਜਨਤਕ ਨਿਵੇਸ਼ਕਾਂ ਲਈ ਉਪਲਬਧ ਕਰਵਾ ਸਕਦੀ ਹੈ।

ਸ਼ੇਅਰਾਂ ਦੀ ਵਿਕਰੀ ਕਿਵੇਂ ਹੋਵੇਗੀ ?: ਸਰਕਾਰ ਵੱਲੋਂ ਹਿੱਸੇਦਾਰੀ ਘਟਾਉਣ ਲਈ ਆਫ਼ਰ ਫ਼ਾਰ ਸੇਲ (ਆਫ਼ਰ ਫੋਰ ਸੇਲ —ਓਐਫਐਸ) ਦਾ ਤਰੀਕਾ ਅਪਣਾਏ ਜਾਣ ਦੀ ਸੰਭਾਵਨਾ ਹੈ। ਇਸ ਪ੍ਰਕਿਰਿਆ ਤਹਿਤ ਸਰਕਾਰ ਆਪਣੇ ਮੌਜੂਦਾ ਸ਼ੇਅਰ ਸਟਾਕ ਐਕਸਚੇਂਜ ਰਾਹੀਂ ਨਿਵੇਸ਼ਕਾਂ ਨੂੰ ਵੇਚਦੀ ਹੈ। ਇਸ ਨਾਲ ਆਮ ਨਿਵੇਸ਼ਕਾਂ, ਵਿੱਤੀ ਸੰਸਥਾਵਾਂ ਅਤੇ ਹੋਰ ਯੋਗ ਸੰਸਥਾਗਤ ਨਿਵੇਸ਼ਕਾਂ ਨੂੰ ਇਨ੍ਹਾਂ ਬੈਂਕਾਂ ਵਿੱਚ ਹਿੱਸੇਦਾਰੀ ਖਰੀਦਣ ਦਾ ਮੌਕਾ ਮਿਲ ਸਕਦਾ ਹੈ।

ਇਸ ਦੇ ਨਾਲ ਬੈਂਕ ਆਪਣੀਆਂ ਪੂੰਜੀ ਲੋੜਾਂ ਮੁਤਾਬਕ ਨਵੇਂ ਸ਼ੇਅਰ ਜਾਰੀ ਕਰਕੇ ਵੀ ਬਾਜ਼ਾਰ ਤੋਂ ਪੂੰਜੀ ਇਕੱਠੀ ਕਰ ਸਕਦੇ ਹਨ। ਪਰ ਇਨ੍ਹਾਂ ਦੋਵਾਂ ਤਰੀਕਿਆਂ ਵਿੱਚ ਮਹੱਤਵਪੂਰਨ ਅੰਤਰ ਹੈ। ਸਰਕਾਰ ਵੱਲੋਂ ਮੌਜੂਦਾ ਸ਼ੇਅਰ ਵੇਚਣ ਨਾਲ ਪ੍ਰਾਪਤ ਰਕਮ ਸਰਕਾਰੀ ਖ਼ਜ਼ਾਨੇ ਵਿੱਚ ਜਾਂਦੀ ਹੈ, ਜਦਕਿ ਬੈਂਕ ਵੱਲੋਂ ਨਵੇਂ ਸ਼ੇਅਰ ਜਾਰੀ ਕਰਨ ਨਾਲ ਇਕੱਠੀ ਕੀਤੀ ਪੂੰਜੀ ਬੈਂਕ ਦੇ ਆਪਣੇ ਵਿੱਤੀ ਸਰੋਤਾਂ ਵਿੱਚ ਸ਼ਾਮਲ ਹੁੰਦੀ ਹੈ। ਵਿਕਰੀ ਦਾ ਸਮਾਂ ਅਤੇ ਮਾਤਰਾ ਸ਼ੇਅਰ ਬਾਜ਼ਾਰ ਦੀ ਸਥਿਤੀ, ਨਿਵੇਸ਼ਕਾਂ ਦੀ ਮੰਗ ਅਤੇ ਬੈਂਕਾਂ ਦੀ ਵਿੱਤੀ ਕਾਰਗੁਜ਼ਾਰੀ ਨੂੰ ਧਿਆਨ ਵਿੱਚ ਰੱਖ ਕੇ ਤੈਅ ਕੀਤੇ ਜਾ ਸਕਦੇ ਹਨ।

ਕੀ ਇਹ ਬੈਂਕਾਂ ਦਾ ਨਿੱਜੀਕਰਨ ਹੈ ?: ਇਸ ਸਬੰਧ ਵਿੱਚ ਇੱਕ ਮਹੱਤਵਪੂਰਨ ਤੱਥਕ ਅੰਤਰ ਨੂੰ ਸਮਝਣਾ ਜ਼ਰੂਰੀ ਹੈ। ਸਰਕਾਰੀ ਹਿੱਸੇਦਾਰੀ 75 ਫ਼ੀਸਦੀ ਤੱਕ ਘਟਾਉਣਾ ਆਪਣੇ ਆਪ ਵਿੱਚ ਨਿੱਜੀਕਰਨ ਨਹੀਂ ਹੈ। ਹਿੱਸੇਦਾਰੀ ਘਟਾਉਣ ਦੀ ਪ੍ਰਕਿਰਿਆ ਵਿੱਚ ਸਰਕਾਰ ਆਪਣੀ ਮਾਲਕੀ ਦਾ ਕੁਝ ਹਿੱਸਾ ਵੇਚਦੀ ਹੈ, ਪਰ ਬਹੁਮਤ ਹਿੱਸੇਦਾਰੀ ਅਤੇ ਪ੍ਰਬੰਧਕੀ ਨਿਯੰਤਰਣ ਆਪਣੇ ਕੋਲ ਰੱਖਦੀ ਹੈ। ਇਸ ਦੇ ਉਲਟ ਨਿੱਜੀਕਰਨ ਵਿੱਚ ਸਰਕਾਰ ਬੈਂਕ ਦੀ ਮਾਲਕੀ ਅਤੇ ਪ੍ਰਬੰਧਕੀ ਕੰਟਰੋਲ ਦਾ ਵੱਡਾ ਹਿੱਸਾ ਨਿੱਜੀ ਖਰੀਦਦਾਰ ਨੂੰ ਸੌਂਪ ਸਕਦੀ ਹੈ।

ਹਾਲਾਂਕਿ, ਇਸੇ ਸਮੇਂ ਸਰਕਾਰ ਸਰਕਾਰੀ ਬੈਂਕਾਂ ਦੇ ਅਗਲੇ ਦੌਰ ਦੇ ਰਲੇਵੇਂ ਅਤੇ ਪੁਨਰਗਠਨ ਦੀ ਰਣਨੀਤੀ ਵੀ ਤਿਆਰ ਕਰ ਰਹੀ ਹੈ। ਰਿਪੋਰਟ ਅਨੁਸਾਰ, ਨੀਤੀ ਆਯੋਗ ਨੇ ਪਹਿਲਾਂ ਸੈਂਟਰਲ ਬੈਂਕ ਆਫ਼ ਇੰਡੀਆ ਅਤੇ ਇੰਡੀਅਨ ਓਵਰਸੀਜ਼ ਬੈਂਕ ਨੂੰ ਸੰਭਾਵੀ ਨਿੱਜੀਕਰਨ ਦੇ ਉਮੀਦਵਾਰਾਂ ਵਜੋਂ ਸ਼ਾਰਟਲਿਸਟ ਕੀਤਾ ਸੀ। ਪਰ ਕਿਸੇ ਬੈਂਕ ਦਾ ਸ਼ਾਰਟਲਿਸਟ ਹੋਣਾ ਉਸ ਦੇ ਨਿੱਜੀਕਰਨ ਦੀ ਅੰਤਿਮ ਸਰਕਾਰੀ ਮਨਜ਼ੂਰੀ ਨਹੀਂ ਹੁੰਦੀ। ਇਸ ਲਈ ਦੋਵਾਂ ਬੈਂਕਾਂ ਦੇ ਨਿੱਜੀਕਰਨ ਨੂੰ ਅਜੇ ਸੰਭਾਵੀ ਨੀਤੀਗਤ ਕਦਮ ਵਜੋਂ ਹੀ ਦੇਖਿਆ ਜਾਣਾ ਚਾਹੀਦਾ ਹੈ।

ਵੱਡੇ ਬੈਂਕ ਬਣਾਉਣ ਦੀ ਰਣਨੀਤੀ ਅਤੇ ਪਿਛਲਾ ਤਜਰਬਾ: ਸਰਕਾਰ ਦੀ ਲੰਬੇ ਸਮੇਂ ਦੀ ਸੋਚ ਤਿੰਨ ਤੋਂ ਚਾਰ ਵੱਡੇ ਸਰਕਾਰੀ ਬੈਂਕਾਂ ਨੂੰ ਮਜ਼ਬੂਤ ਰੂਪ ਵਿੱਚ ਕਾਇਮ ਰੱਖਣ ਦੀ ਦੱਸੀ ਗਈ ਹੈ। ਇਸ ਦਾ ਉਦੇਸ਼ ਵਿੱਤੀ ਸਮਰੱਥਾ ਵਧਾਉਣਾ, ਤਕਨੀਕੀ ਢਾਂਚਾ ਮਜ਼ਬੂਤ ਕਰਨਾ ਅਤੇ ਅੰਤਰਰਾਸ਼ਟਰੀ ਬੈਂਕਿੰਗ ਖੇਤਰ ਵਿੱਚ ਭਾਰਤੀ ਬੈਂਕਾਂ ਦੀ ਮੁਕਾਬਲੇਯੋਗਤਾ ਵਧਾਉਣਾ ਹੋ ਸਕਦਾ ਹੈ।

ਭਾਰਤ ਵਿੱਚ ਇਸ ਤਰ੍ਹਾਂ ਦੇ ਰਲੇਵਿਆਂ ਦਾ ਪਿਛੋਕੜ ਪਹਿਲਾਂ ਵੀ ਮੌਜੂਦ ਹੈ। 2017 ਵਿੱਚ ਸਟੇਟ ਬੈਂਕ ਆਫ਼ ਇੰਡੀਆ ਵਿੱਚ ਪੰਜ ਸਹਾਇਕ ਬੈਂਕਾਂ ਅਤੇ ਭਾਰਤੀ ਮਹਿਲਾ ਬੈਂਕ ਦਾ ਰਲੇਵਾਂ ਹੋਇਆ ਸੀ। ਇਸ ਤੋਂ ਬਾਅਦ 2019 ਵਿੱਚ ਦਸ ਸਰਕਾਰੀ ਬੈਂਕਾਂ ਨੂੰ ਮਿਲਾ ਕੇ ਚਾਰ ਵੱਡੇ ਬੈਂਕ ਬਣਾਉਣ ਦਾ ਫ਼ੈਸਲਾ ਹੋਇਆ, ਜੋ 1 ਅਪ੍ਰੈਲ 2020 ਤੋਂ ਲਾਗੂ ਹੋਇਆ। ਇਸ ਨਾਲ ਸਰਕਾਰੀ ਬੈਂਕਾਂ ਦੀ ਗਿਣਤੀ 27 ਤੋਂ ਘਟ ਕੇ 12 ਰਹਿ ਗਈ।

ਕਿਸੇ ਨਵੇਂ ਰਲੇਵੇਂ ਤੋਂ ਪਹਿਲਾਂ ਬੈਂਕਾਂ ਦੀ ਤਕਨੀਕੀ ਪ੍ਰਣਾਲੀ, ਕਾਰੋਬਾਰੀ ਖੇਤਰ, ਭੂਗੋਲਿਕ ਪਹੁੰਚ, ਕਰਜ਼ਿਆਂ ਦੀ ਗੁਣਵੱਤਾ, ਗ਼ੈਰ-ਕਾਰਗੁਜ਼ਾਰ ਸੰਪਤੀਆਂ (NPAs), ਕਰਮਚਾਰੀਆਂ ਦੀ ਸਥਿਤੀ ਅਤੇ ਗਾਹਕ ਸੇਵਾਵਾਂ ਦਾ ਮੁਲਾਂਕਣ ਕਰਨਾ ਲਾਜ਼ਮੀ ਹੋਵੇਗਾ। ਸਿਰਫ਼ ਵੱਡਾ ਬੈਂਕ ਬਣਾਉਣਾ ਹੀ ਸੁਧਾਰ ਦੀ ਸਫ਼ਲਤਾ ਦਾ ਪੈਮਾਨਾ ਨਹੀਂ ਹੋ ਸਕਦਾ।

ਆਈਡੀਬੀਆਈ ਬੈਂਕ ਸੌਦਾ: ਇੱਕ ਹੋਰ ਮਹੱਤਵਪੂਰਨ ਘਟਨਾਕ੍ਰਮ: ਇਸ ਪੂਰੇ ਮਾਮਲੇ ਦੇ ਸੰਦਰਭ ਵਿੱਚ ਆਈਡੀਬੀਆਈ ਬੈਂਕ ਦੀ ਰਣਨੀਤਕ ਵਿਕਰੀ ਵੀ ਅਹਿਮ ਹੈ। ਅਕਤੂਬਰ 2026 ਵਿੱਚ ਸਾਹਮਣੇ ਆਈਆਂ ਰਿਪੋਰਟਾਂ ਅਨੁਸਾਰ, ਫੇਅਰਫੈਕਸ ਫਾਇਨੈਂਸ਼ਲ ਹੋਲਡਿੰਗਜ਼ ਵੱਲੋਂ ਆਈਡੀਬੀਆਈ ਬੈਂਕ ਦੀ 60.72 ਫ਼ੀਸਦੀ ਹਿੱਸੇਦਾਰੀ ਹਾਸਲ ਕਰਨ ਦਾ ਸੌਦਾ ਲਗਭਗ 52,878 ਕਰੋੜ ਰੁਪਏ ਦੇ ਮੁੱਲ ਨਾਲ ਜੁੜਿਆ ਹੈ। ਇਸ ਵਿੱਚ ਕੇਂਦਰ ਸਰਕਾਰ ਦੀ 30.48 ਫ਼ੀਸਦੀ ਅਤੇ ਭਾਰਤੀ ਜੀਵਨ ਬੀਮਾ ਨਿਗਮ (LIC) ਦੀ 30.24 ਫ਼ੀਸਦੀ ਹਿੱਸੇਦਾਰੀ ਸ਼ਾਮਲ ਹੈ।

ਇਹ ਸੌਦਾ ਚਾਰ ਸਰਕਾਰੀ ਬੈਂਕਾਂ ਦੀ ਪ੍ਰਸਤਾਵਿਤ ਹਿੱਸੇਦਾਰੀ ਕਟੌਤੀ ਤੋਂ ਵੱਖਰਾ ਹੈ। ਆਈਡੀਬੀਆਈ ਦਾ ਮਾਮਲਾ ਰਣਨੀਤਕ ਵਿਕਰੀ ਨਾਲ ਸਬੰਧਤ ਹੈ, ਜਦਕਿ ਬਾਕੀ ਚਾਰ ਬੈਂਕਾਂ ਵਿੱਚ ਮੁੱਖ ਤਤਕਾਲ ਉਦੇਸ਼ ਜਨਤਕ ਹਿੱਸੇਦਾਰੀ ਵਧਾਉਣਾ ਹੈ।

ਆਮ ਗਾਹਕਾਂ, ਕਰਮਚਾਰੀਆਂ ਅਤੇ ਨਿਵੇਸ਼ਕਾਂ ਉੱਤੇ ਸੰਭਾਵੀ ਅਸਰ: ਸਿਰਫ਼ ਸਰਕਾਰੀ ਸ਼ੇਅਰਾਂ ਦੀ ਵਿਕਰੀ ਨਾਲ ਆਮ ਗਾਹਕਾਂ ਦੇ ਬਚਤ ਖਾਤਿਆਂ, ਫਿਕਸਡ ਡਿਪਾਜ਼ਿਟ, ਕਰਜ਼ਿਆਂ ਜਾਂ ਹੋਰ ਬੈਂਕਿੰਗ ਸੇਵਾਵਾਂ ਦੀਆਂ ਸ਼ਰਤਾਂ ਆਪਣੇ ਆਪ ਨਹੀਂ ਬਦਲਦੀਆਂ। ਬੈਂਕ ਪਹਿਲਾਂ ਵਾਂਗ ਭਾਰਤੀ ਰਿਜ਼ਰਵ ਬੈਂਕ ਦੇ ਨਿਯਮਾਂ ਅਤੇ ਲਾਗੂ ਕਾਨੂੰਨਾਂ ਅਧੀਨ ਕੰਮ ਕਰਦੇ ਰਹਿਣਗੇ। ਨਿਵੇਸ਼ਕਾਂ ਲਈ ਜਨਤਕ ਹਿੱਸੇਦਾਰੀ ਵਧਣ ਨਾਲ ਬਾਜ਼ਾਰ ਵਿੱਚ ਹੋਰ ਸ਼ੇਅਰ ਉਪਲਬਧ ਹੋ ਸਕਦੇ ਹਨ। ਇਸ ਨਾਲ ਸ਼ੇਅਰਾਂ ਦੀ ਖਰੀਦ-ਫ਼ਰੋਖ਼ਤ ਵਿੱਚ ਤਰਲਤਾ ਵਧਣ ਅਤੇ ਨਿਵੇਸ਼ਕਾਂ ਦੀ ਭਾਗੀਦਾਰੀ ਵਧਣ ਦੀ ਸੰਭਾਵਨਾ ਹੈ। ਪਰ ਇਸ ਨੂੰ ਮੁਨਾਫ਼ੇ ਦੀ ਗਾਰੰਟੀ ਨਹੀਂ ਮੰਨਿਆ ਜਾ ਸਕਦਾ। ਬੈਂਕ ਦੀ ਆਮਦਨ, ਕਰਜ਼ਿਆਂ ਦੀ ਗੁਣਵੱਤਾ, ਪੂੰਜੀ ਦੀ ਸਥਿਤੀ ਅਤੇ ਪ੍ਰਬੰਧਕੀ ਕਾਰਗੁਜ਼ਾਰੀ ਹੀ ਉਸ ਦੇ ਅਸਲ ਵਿੱਤੀ ਭਵਿੱਖ ਨੂੰ ਨਿਰਧਾਰਤ ਕਰਨਗੇ।

ਕਰਮਚਾਰੀਆਂ ਦੇ ਸੰਦਰਭ ਵਿੱਚ ਵੀ ਸਿਰਫ਼ ਹਿੱਸੇਦਾਰੀ ਘਟਣ ਨਾਲ ਨੌਕਰੀਆਂ ਜਾਂ ਸੇਵਾ ਸ਼ਰਤਾਂ ਵਿੱਚ ਆਪਣੇ ਆਪ ਕੋਈ ਤਬਦੀਲੀ ਨਹੀਂ ਆਉਂਦੀ। ਪਰ ਜੇਕਰ ਭਵਿੱਖ ਵਿੱਚ ਰਲੇਵੇਂ ਜਾਂ ਨਿੱਜੀਕਰਨ ਦੇ ਫ਼ੈਸਲੇ ਹੁੰਦੇ ਹਨ ਤਾਂ ਤਬਾਦਲੇ, ਭਰਤੀ, ਪੈਨਸ਼ਨ, ਸੇਵਾ ਸੁਰੱਖਿਆ ਅਤੇ ਕਰਮਚਾਰੀ ਯੂਨੀਅਨਾਂ ਦੀ ਭੂਮਿਕਾ ਵਰਗੇ ਮੁੱਦੇ ਅਹਿਮ ਹੋਣਗੇ।

ਅਸਲ ਕਸੌਟੀ ਬੈਂਕਿੰਗ ਸੇਵਾਵਾਂ ਦੀ ਮਜ਼ਬੂਤੀ: ਭਾਰਤ ਦੇ ਸਰਕਾਰੀ ਬੈਂਕ ਸਿਰਫ਼ ਮੁਨਾਫ਼ਾ ਕਮਾਉਣ ਵਾਲੀਆਂ ਵਿੱਤੀ ਸੰਸਥਾਵਾਂ ਨਹੀਂ ਹਨ। ਕਿਸਾਨਾਂ ਨੂੰ ਕਰਜ਼ੇ, ਛੋਟੇ ਅਤੇ ਦਰਮਿਆਨੇ ਉਦਯੋਗਾਂ ਨੂੰ ਵਿੱਤੀ ਸਹਾਇਤਾ, ਪੇਂਡੂ ਖੇਤਰਾਂ ਵਿੱਚ ਬੈਂਕਿੰਗ ਸਹੂਲਤਾਂ, ਸਰਕਾਰੀ ਭਲਾਈ ਯੋਜਨਾਵਾਂ ਦਾ ਲਾਭ ਲੋਕਾਂ ਤੱਕ ਪਹੁੰਚਾਉਣ ਅਤੇ ਵਿੱਤੀ ਸਮਾਵੇਸ਼ ਵਿੱਚ ਇਨ੍ਹਾਂ ਦੀ ਅਹਿਮ ਭੂਮਿਕਾ ਹੈ। ਇਸ ਲਈ ਕਿਸੇ ਵੀ ਹਿੱਸੇਦਾਰੀ ਵਿਕਰੀ ਜਾਂ ਰਲੇਵੇਂ ਦੀ ਸਫ਼ਲਤਾ ਨੂੰ ਸਿਰਫ਼ ਸਰਕਾਰੀ ਖ਼ਜ਼ਾਨੇ ਵਿੱਚ ਆਉਣ ਵਾਲੀ ਰਕਮ ਜਾਂ ਸ਼ੇਅਰ ਬਾਜ਼ਾਰ ਦੀ ਕੀਮਤ ਨਾਲ ਨਹੀਂ ਮਾਪਿਆ ਜਾਣਾ ਚਾਹੀਦਾ।

ਅਸਲ ਮੁਲਾਂਕਣ ਇਸ ਆਧਾਰ ’ਤੇ ਹੋਣਾ ਚਾਹੀਦਾ ਹੈ ਕਿ ਕੀ ਬੈਂਕਾਂ ਦੀ ਵਿੱਤੀ ਸਿਹਤ ਸੁਧਰਦੀ ਹੈ, ਕਰਜ਼ਾ ਪ੍ਰਣਾਲੀ ਵਧੇਰੇ ਪ੍ਰਭਾਵਸ਼ਾਲੀ ਬਣਦੀ ਹੈ, ਛੋਟੇ ਕਾਰੋਬਾਰਾਂ ਅਤੇ ਕਿਸਾਨਾਂ ਨੂੰ ਸਹੂਲਤ ਮਿਲਦੀ ਹੈ ਅਤੇ ਆਮ ਗਾਹਕਾਂ ਲਈ ਸੇਵਾਵਾਂ ਹੋਰ ਬਿਹਤਰ ਹੁੰਦੀਆਂ ਹਨ।

ਚਾਰ ਸਰਕਾਰੀ ਬੈਂਕਾਂ ਵਿੱਚ ਹਿੱਸੇਦਾਰੀ 75 ਫ਼ੀਸਦੀ ਤੱਕ ਘਟਾਉਣ ਦੀ ਪ੍ਰਸਤਾਵਿਤ ਯੋਜਨਾ ਭਾਰਤੀ ਬੈਂਕਿੰਗ ਪ੍ਰਣਾਲੀ ਦੇ ਬਦਲਦੇ ਨੀਤੀਗਤ ਰੁਖ਼ ਦਾ ਅਹਿਮ ਸੰਕੇਤ ਹੈ। ਪਰ ਇਸ ਦੀ ਅਸਲ ਸਫ਼ਲਤਾ ਇਸ ਗੱਲ ਨਾਲ ਤੈਅ ਹੋਵੇਗੀ ਕਿ ਸਰਕਾਰ ਜਨਤਕ ਹਿੱਸੇਦਾਰੀ, ਵਿੱਤੀ ਅਨੁਸ਼ਾਸਨ, ਬੈਂਕਾਂ ਦੀ ਖ਼ੁਦਮੁਖ਼ਤਿਆਰੀ ਅਤੇ ਆਮ ਲੋਕਾਂ ਦੇ ਹਿੱਤਾਂ ਵਿਚਕਾਰ ਕਿੰਨਾ ਸੰਤੁਲਨ ਕਾਇਮ ਕਰਦੀ ਹੈ। ਬੈਂਕਾਂ ਦੀ ਮਾਲਕੀ ਵਿੱਚ ਤਬਦੀਲੀ ਨਾਲੋਂ ਵੱਧ ਮਹੱਤਵਪੂਰਨ ਇਹ ਹੈ ਕਿ ਭਾਰਤ ਦੀ ਬੈਂਕਿੰਗ ਪ੍ਰਣਾਲੀ ਕਿੰਨੀ ਭਰੋਸੇਯੋਗ, ਪਾਰਦਰਸ਼ੀ, ਜਵਾਬਦੇਹ ਅਤੇ ਲੋਕ-ਹਿਤੈਸ਼ੀ ਬਣਦੀ ਹੈ।

ਮੰਡੀਗੋਬਿੰਦਗੜ੍ਹ ਵਾਸੀਆਂ ਦੀ ਹਰ ਸਮੱਸਿਆ ਤੋਂ ਸੁਖਬੀਰ ਬਾਦਲ ਨੂੰ ਜਾਣੂੰ ਕਰਵਾਇਆ ਜਾਵੇਗਾ: ਰਾਜੂ ਖੰਨਾ

ਸੁਖਬੀਰ ਬਾਦਲ ਦੀ 21 ਨਵੰਬਰ ਦੀ ਅਮਲੋਹ ਹਲਕੇ ਵਿੱਚ ਆਮਦ ਨੂੰ ਇਤਿਹਾਸਕ ਬਣਾਉਣ ਲਈ ਸ਼੍ਰੋਮਣੀ ਅਕਾਲੀ ਦਲ ਦੀ ਮੰਡੀ ਗੋਬਿੰਦਗੜ੍ਹ ਵਿਖੇ ਹੋਈ ਵਿਸ਼ੇਸ਼ ਮੀਟਿੰਗ




ਮੰਡੀ ਗੋਬਿੰਦਗੜ੍ਹ,10 ਨਵੰਬਰ, (ਗੁਰਮੀਤ ਸਿੰਘ ਤੁੰਗ) -ਸ਼ਹੀਦ-ਏ-ਆਜ਼ਮ-ਬਿਊਰੋ-

ਸ਼੍ਰੋਮਣੀ ਅਕਾਲੀ ਦਲ ਦੀ ਇੱਕ ਵਿਸ਼ੇਸ਼ ਮੀਟਿੰਗ ਪਾਰਟੀ ਦੇ ਮੁੱਖ ਦਫ਼ਤਰ ਮੰਡੀ ਗੋਬਿੰਦਗੜ੍ਹ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਅਤੇ ਹਲਕਾ ਅਮਲੋਹ ਦੇ ਮੁੱਖ ਸੇਵਾਦਾਰ ਗੁਰਪ੍ਰੀਤ ਸਿੰਘ ਰਾਜੂ ਖੰਨਾ ਦੀ ਅਗਵਾਈ ਹੇਠ ਹੋਈ। ਇਸ ਮੀਟਿੰਗ ਵਿੱਚ ਮੰਡੀ ਗੋਬਿੰਦਗੜ੍ਹ ਸ਼ਹਿਰ ਦੀ ਸੀਨੀਅਰ ਲੀਡਰਸ਼ਿਪ, ਵਪਾਰੀਆਂ, ਆੜ੍ਹਤੀਆਂ, ਉਦਯੋਗਪਤੀਆਂ ਅਤੇ ਵੱਖ-ਵੱਖ ਵਰਗਾਂ ਦੇ ਨੁਮਾਇੰਦਿਆਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਦੌਰਾਨ ਸ਼ਹਿਰ ਦੀਆਂ ਵੱਖ-ਵੱਖ ਸਮੱਸਿਆਵਾਂ ਬਾਰੇ ਵਿਚਾਰ-ਵਟਾਂਦਰਾ ਕਰਨ ਦੇ ਨਾਲ-ਨਾਲ 21 ਨਵੰਬਰ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਮਲੋਹ ਹਲਕੇ ਵਿੱਚ ਹੋਣ ਵਾਲੀ ਵਿਸ਼ੇਸ਼ ਯਾਤਰਾ ਦੇ ਸਵਾਗਤ ਅਤੇ ਤਿਆਰੀਆਂ ਸਬੰਧੀ ਵੀ ਵਿਚਾਰਾਂ ਕੀਤੀਆਂ ਗਈਆਂ।ਇਸ ਮੀਟਿੰਗ ਨੂੰ ਸੂਬਾ ਮੀਤ ਪ੍ਰਧਾਨ ਜੋਗਿੰਦਰ ਸਿੰਘ ਮੈਣੀ, ਉੱਘੇ ਉਦਯੋਗਪਤੀ ਕੇ ਕੇ ਜਿੰਦਲ ਜਰਨਲ ਕੌਂਸਲ ਮੈਂਬਰ ਜਤਿੰਦਰ ਸਿੰਘ ਧਾਲੀਵਾਲ, ਸੂਬਾ ਮੀਤ ਪ੍ਰਧਾਨ ਐਸ ਸੀ ਵਿੰਗ ਹਰਪਾਲ ਸਿੰਘ ਨਸਰਾਲੀ, ਸੀਨੀਅਰ ਮੀਤ ਪ੍ਰਧਾਨ ਸੱਤਪਾਲ ਸਿੰਘ ਸੱਤਾ, ਜਥੇਦਾਰ ਜਰਨੈਲ ਸਿੰਘ ਮਾਜਰੀ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਡਾ ਮਨਜੀਤ ਸਿੰਘ ਲੁਹਾਰਮਾਜਰਾ, ਜਥੇਦਾਰ ਸੋਮਨਾਥ ਅਜਨਾਲੀ ਨੇ ਵੀ ਸੰਬੋਧਨ ਕੀਤਾ।ਮੀਟਿੰਗ ਨੂੰ ਸੰਬੋਧਨ ਕਰਦਿਆਂ ਗੁਰਪ੍ਰੀਤ ਸਿੰਘ ਰਾਜੂ ਖੰਨਾ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਦੀ 21 ਨਵੰਬਰ ਦੀ ਅਮਲੋਹ ਹਲਕੇ ਵਿੱਚ ਆਮਦ ਨੂੰ ਇਤਿਹਾਸਕ ਬਣਾਉਣ ਲਈ ਸ਼ਹਿਰ ਅਤੇ ਹਲਕੇ ਦੇ ਲੋਕਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਦਾ ਹਲਕੇ ਵਿੱਚ ਜਿੱਥੇ ਵੀ ਠਹਿਰਾਅ ਹੋਵੇਗਾ, ਉੱਥੇ ਲੋਕਾਂ ਵੱਲੋਂ ਭਰਵਾਂ ਅਤੇ ਸ਼ਾਨਦਾਰ ਸਵਾਗਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਵਿਸ਼ੇਸ਼ ਯਾਤਰਾ ਦੌਰਾਨ,ਉਦਯੋਗਪਤੀਆਂ, ਕਿਸਾਨਾਂ, ਨੌਜਵਾਨਾਂ, ਵਪਾਰੀਆਂ, ਆੜ੍ਹਤੀਆਂ, ਸ਼ੈਲਰ ਐਸੋਸੀਏਸ਼ਨ ਅਤੇ ਆਮ ਲੋਕਾਂ ਦੀਆਂ ਸਮੱਸਿਆਵਾਂ ਸੁਖਬੀਰ ਸਿੰਘ ਬਾਦਲ ਦੇ ਧਿਆਨ ਵਿੱਚ ਲਿਆਂਦੀਆਂ ਜਾਣਗੀਆਂ, ਤਾਂ ਜੋ ਇਨ੍ਹਾਂ ਸਮੱਸਿਆਵਾਂ ਦੇ ਹੱਲ ਲਈ ਠੋਸ ਯਤਨ ਕੀਤੇ ਜਾ ਸਕਣ।

ਰਾਜੂ ਖੰਨਾ ਨੇ ਖ਼ਾਸ ਤੌਰ ‘ਤੇ ਮੰਡੀ ਗੋਬਿੰਦਗੜ੍ਹ ਦੇ ਅਧੂਰੇ ਪਏ ਪੁਲ ਦਾ ਮੁੱਦਾ ਉਠਾਉਂਦਿਆਂ ਕਿਹਾ ਕਿ ਪਿਛਲੀ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਸਮੇਂ ਕਰੋੜਾਂ ਰੁਪਏ ਖ਼ਰਚ ਕਰਕੇ ਇਸ ਪੁਲ ਦਾ ਕੰਮ ਸ਼ੁਰੂ ਕਰਵਾਇਆ ਗਿਆ ਸੀ, ਪਰ ਬਾਅਦ ਵਿੱਚ ਕਾਂਗਰਸ ਸਰਕਾਰ ਅਤੇ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਵੀ ਇਸ ਪੁਲ ਨੂੰ ਮੁਕੰਮਲ ਕਰਵਾਉਣ ਵਿੱਚ ਅਸਫ਼ਲ ਰਹੀਆਂ ਹਨ। ਇਸ ਕਾਰਨ ਸ਼ਹਿਰ ਵਾਸੀਆਂ ਅਤੇ ਵਪਾਰੀਆਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਨ੍ਹਾਂ ਕਿਹਾ ਕਿ 21 ਨਵੰਬਰ ਨੂੰ ਸ਼ਹਿਰ ਵਾਸੀਆਂ ਅਤੇ ਵਪਾਰੀਆਂ ਵੱਲੋਂ ਸੁਖਬੀਰ ਸਿੰਘ ਬਾਦਲ ਅੱਗੇ ਵਿਸ਼ੇਸ਼ ਤੌਰ ‘ਤੇ ਇਹ ਮੰਗ ਰੱਖੀ ਜਾਵੇਗੀ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨ ‘ਤੇ ਇਸ ਪੁਲ ਨੂੰ ਪਹਿਲ ਦੇ ਆਧਾਰ ‘ਤੇ ਮੁਕੰਮਲ ਕਰਵਾਇਆ ਜਾਵੇ, ਤਾਂ ਜੋ ਸ਼ਹਿਰ ਦੇ ਲੋਕਾਂ ਅਤੇ ਹਰ ਵਰਗ ਨੂੰ ਇਸ ਸਮੱਸਿਆ ਤੋਂ ਨਿਜਾਤ ਮਿਲ ਸਕੇ।

ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨ ਤੇ ਨਸਰਾਲੀ ਅੰਡਰ ਵਰਿੰਜ ਦੇ ਆਲੇ ਦੁਆਲੇ ਤੋਂ ਵੀ ਰਸਤੇ ਦਿੱਤੇ ਜਾਣਗੇ।ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਪੰਜਾਬ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ ‘ਤੇ ਉਠਾਉਂਦਾ ਰਿਹਾ ਹੈ ਅਤੇ 21 ਨਵੰਬਰ ਦੀ ਇਹ ਵਿਸ਼ੇਸ਼ ਯਾਤਰਾ ਵੀ ਲੋਕਾਂ ਦੀਆਂ ਮੁਸ਼ਕਲਾਂ ਨੂੰ ਪਾਰਟੀ ਪ੍ਰਧਾਨ ਤੱਕ ਪਹੁੰਚਾਉਣ ਦਾ ਇੱਕ ਅਹਿਮ ਮੌਕਾ ਸਾਬਤ ਹੋਵੇਗੀ।ਇਸ ਮੀਟਿੰਗ ਵਿੱਚ ਭਿੰਦਰ ਸਿੰਘ ਪ੍ਰਧਾਨ,ਪ੍ਰਦੀਪ ਕੁਮਾਰ ਮਿੰਟੂ, ਰਾਜੇਸ਼ ਕੁਮਾਰ ਸ਼ਾਹੀ, ਅਮਰਜੀਤ ਸਿੰਘ ਅੰਬੀ, ਬਲਜਿੰਦਰ ਸਿੰਘ,ਬਹਾਦਰ ਸਿੰਘ ਹੈਬਤਪੁਰ,ਮਨਿੰਦਰ ਸਿੰਘ ਭੰਗੂ, ਹਰਮੀਤ ਸਿੰਘ ਖਾਲਸਾ,ਬਲਜੀਤ ਸਿੰਘ ਅੰਬੇਮਾਜਰਾ, ਗੁਰਪ੍ਰੀਤ ਸਿੰਘ ਨੋਨੀ,ਪ੍ਰੀਤਮ ਸਿੰਘ,ਸਹਿਜ ਸਿੰਘ ਧਾਲੀਵਾਲ,ਜਥੇਦਾਰ ਨਾਜਰ ਸਿੰਘ,ਅਮਰਦੀਪ ਸਿੰਘ ਪ੍ਰਿੰਸ ਛੱਤਵਾਲ,ਬਿਕਰਮਜੀਤ ਸਿੰਘ ਬੀਕਾ,ਸਿਮਰਨਜੀਤ ਸਿੰਘ ਡਿਪਟੀ,ਚਰਨਜੀਤ ਸਿੰਘ ਚੰਨਾ,ਬਾਬਾ ਨਿਸ਼ਾਨ ਸਿੰਘ,ਫੋਰਮੈਨ ਬਲਵੀਰ ਸਿੰਘ ਸਿੱਧੂ,ਸੁਖਦੇਵ ਸਿੰਘ ਅੱਤਲੀ ਪ੍ਰਧਾਨ,ਬਲਜੀਤ ਸਿੰਘ ਬੰਟੀ ਰਹਿਲ,ਜਸਵੀਰ ਸਿੰਘ ਬੈਨੀਪਾਲ,ਰਾਜਨ ਭਾਂਬਰੀ,ਰਾਮ ਸਿੰਘ ਮੰਡੀ,ਗੁਰਸਹਿਬਾਜ ਸਿੰਘ ਸੈਲੀ ਭਾਬਰੀ,ਕਰਮਜੀਤ ਸਿੰਘ ਗਾਂਧੀ,ਕਮਲ ਵੜੈਚ,ਹਰਪਾਲ ਸਿੰਘ ਮੰਗੋ,ਪ੍ਰਗਟ ਸਿੰਘ, ਪਰਮਿੰਦਰ ਸਿੰਘ ਸਲਾਣਾ,ਸਤਨਾਮ ਸਿੰਘ, ਗੁਰਜੀਤ ਸਿੰਘ ਮੰਗਾ, ਜਸਪ੍ਰੀਤ ਸਿੰਘ ਜੱਸੀ,ਡਾ ਰੁਖਬੀਰ ਸਿੰਘ, ਮਨਜਿੰਦਰ ਭੰਗੂ, ਧਰਮਿੰਦਰ ਕੁਮਾਰ,ਕੁਨਾਲ ਗਰਗ,ਭੋਲਾ ਸਿੰਘ,ਸਤੀਸ਼ ਕੁਮਾਰ, ਬਲਜਿੰਦਰ ਸਿੰਘ ਸੋਹਲ, ਰੌਸ਼ਨ ਸਿੰਘ, ਜਗਦੇਵ ਸਿੰਘ ਜੱਗੀ, ਗੁਰਪ੍ਰੀਤ ਸਿੰਘ, ਸਿਮਰਨਜੀਤ ਸਿੰਘ, ਗੁਰਦਿਆਲ ਸਿੰਘ, ਰਵਿੰਦਰਪਾਲ ਸਿੰਘ ਭੰਗੂ,ਮੱਘਰ ਸਿੰਘ ਫੋਰਮੈਨ,ਸੁਰਿੰਦਰਪਾਲ ਸਿੰਘ,ਵਿਪਨ ਕੁਮਾਰ, ਧਰਮਪਾਲ ਸਿੰਘ, ਨਿਰਮਲ ਸਿੰਘ, ਬੀਬੀ ਪਿੰਕੀ ਰਾਣੀ, ਬੀਬੀ ਰੁਪਿੰਦਰ ਕੌਰ, ਬੀਬੀ ਮਧੂਮੀਤ ਵਡੇਰਾ,ਬੀਬੀ ਬਲਵਿੰਦਰ ਕੌਰ, ਬੀਬੀ ਦਲਜੀਤ ਕੌਰ,ਹਰਦੀਪ ਸਿੰਘ ਗੋਰਾ ਅਜਨਾਲੀ, ਹਰਜੀਤ ਸਿੰਘ ਪ੍ਰਧਾਨ,ਗੁਰਚਰਨ ਸਿੰਘ ਮੁਟਿਆਰ, ਬੀਬੀ ਊਸ਼ਾ ਸਿੰਘ,ਅਜੇ ਵਰਮਾ, ਬੰਟੀ ਜੱਸੜਾ,ਕੁਲਦੀਪ ਸਿੰਘ ਭੰਗੂ, ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਮੌਜੂਦ ਸਨ।





ਪੋਲੀਟਿਕਸ



ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਦੂਜੇ ਅੰਤਰ-ਜਮਾਤੀ ਮੂਟ ਕੋਰਟ ਮੁਕਾਬਲੇ-2026 ਦਾ ਆਯੋਜਨ

ਫ਼ਤਹਿਗੜ੍ਹ ਸਾਹਿਬ, 10 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਦੇ ਯੂਨੀਵਰਸਿਟੀ ਸਕੂਲ ਆਫ਼ ਲਾਅ ਵੱਲੋਂ ਦੂਜੇ ਅੰਤਰ-ਜਮਾਤੀ ਮੂਟ ਕੋਰਟ ਮੁਕਾਬਲੇ-2026 ਦਾ ਦੋ ਰੋਜ਼ਾ ਆਯੋਜਨ ਕੀਤਾ ਗਿਆ। ਇਸ ਦਾ ਉਦੇਸ਼ ਵਿਦਿਆਰਥੀਆਂ ਨੂੰ ਅਦਾਲਤੀ ਕਾਰਵਾਈ, ਕਾਨੂੰਨੀ ਤਰਕ, ਵਕਾਲਤੀ ਹੁਨਰ ਅਤੇ ਪੇਸ਼ੇਵਰ ਨੈਤਿਕਤਾ ਦਾ ਵਿਹਾਰਕ ਅਨੁਭਵ ਪ੍ਰਦਾਨ ਕਰਨਾ ਸੀ। ਮੁਕਾਬਲੇ ਵਿੱਚ ਦਸ ਟੀਮਾਂ ਨੇ ਭਾਗ ਲਿਆ, ਜਿਨ੍ਹਾਂ ਵਿੱਚੋਂ ਛੇ ਟੀਮਾਂ ਕੁਆਰਟਰ ਫਾਈਨਲ, ਚਾਰ ਟੀਮਾਂ ਸੈਮੀਫਾਈਨਲ ਅਤੇ ਦੋ ਬਿਹਤਰੀਨ ਟੀਮਾਂ ਫਾਈਨਲ ਗੇੜ ਵਿੱਚ ਪਹੁੰਚੀਆਂ। ਇਹ ਮੁਕਾਬਲਾ ਵਾਈਸ-ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਦੀ ਸਰਪ੍ਰਸਤੀ ਅਤੇ ਯੂਨੀਵਰਸਿਟੀ ਸਕੂਲ ਆਫ਼ ਲਾਅ ਦੇ ਡੀਨ ਅਤੇ ਮੁਖੀ ਪ੍ਰੋ. (ਡਾ.) ਸਤਿਆਪਾਲ ਸਿੰਘ ਸਲੂਜਾ ਦੀ ਅਗਵਾਈ ਹੇਠ ਕਰਵਾਇਆ ਗਿਆ। ਫਾਈਨਲ ਮੁਕਾਬਲਿਆਂ ਲਈ ਐਡਵੋਕੇਟ ਅਮਰਜੀਤ ਸਿੰਘ ਚੀਮਾ, ਜ਼ਿਲ੍ਹਾ ਅਤੇ ਸੈਸ਼ਨ ਅਦਾਲਤ, ਫਤਿਹਗੜ੍ਹ ਸਾਹਿਬ, ਐਡਵੋਕੇਟ ਪੰਕਜ ਰਹੇਜਾ ਅਤੇ ਐਡਵੋਕੇਟ ਗੁਰਜੋਤ ਸਿੰਘ ਨੇ ਜੱਜਾਂ ਵਜੋਂ ਭੂਮਿਕਾ ਨਿਭਾਈ। ਵਿਦਿਆਰਥੀਆਂ ਦਾ ਮੁਲਾਂਕਣ ਕਾਨੂੰਨੀ ਖੋਜ, ਕਾਨੂੰਨ ਦੀ ਵਿਆਖਿਆ, ਦਲੀਲਾਂ, ਵਕਾਲਤੀ ਹੁਨਰ, ਅਦਾਲਤੀ ਮਰਿਆਦਾ ਅਤੇ ਨਿਆਂਇਕ ਸਵਾਲਾਂ ਦੇ ਜਵਾਬ ਦੇਣ ਦੀ ਸਮਰੱਥਾ ਦੇ ਆਧਾਰ 'ਤੇ ਕੀਤਾ ਗਿਆ। ਬੀ.ਏ., ਐਲ.ਐਲ.ਬੀ. (ਆਨਰਜ਼) ਸਮੈਸਟਰ ਪਹਿਲਾ ਦੀ ਜੇਤੂ ਟੀਮ ਯੂਐੱਸਓਐੱਲ 101 ਵਿੱਚ ਸਹਿਜਵੀਰ ਕੌਰ, ਸਮਨਪ੍ਰੀਤ ਕੌਰ ਅਤੇ ਸਿਮਰਨਜੋਤ ਕੌਰ ਸ਼ਾਮਲ ਸਨ। ਯੂਐੱਸਓਐੱਲ 104 ਦੀ ਟੀਮ, ਜਿਸ ਵਿੱਚ ਸ਼ਵਨ ਕੁਮਾਰ, ਰਮਨਜੋਤ ਕੌਰ ਅਤੇ ਨਵਪ੍ਰੀਤ ਕੌਰ ਸ਼ਾਮਲ ਸਨ, ਨੇ ਬੈਸਟ ਮੈਮੋਰੀਅਲ ਪੁਰਸਕਾਰ ਪ੍ਰਾਪਤ ਕੀਤਾ। ਬੀ.ਏ., ਐਲ.ਐਲ.ਬੀ. ਸਮੈਸਟਰ ਪੰਜਵਾਂ ਦੀ ਪਰਨੀਤ ਕੌਰ ਨੂੰ ਬੈਸਟ ਸਪੀਕਰ ਅਤੇ ਅਮਨਦੀਪ ਸਿੰਘ ਨੂੰ ਬੈਸਟ ਰਿਸਰਚਰ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ। ਇਸ ਮੁਕਾਬਲੇ ਦੇ ਕਨਵੀਨਰ ਡਾ. ਨਵਨੀਤ ਕੌਰ ਸਨ, ਜਦਕਿ ਡਾ. ਮੋਹਲੀਨ ਕੌਰ ਅਤੇ ਮਿਸ ਸਾਬੀਆ ਨੇ ਕੋਆਰਡੀਨੇਟਰ ਵਜੋਂ ਭੂਮਿਕਾ ਨਿਭਾਈ। ਇਸ ਮੁਕਾਬਲੇ ਨੇ ਵਿਦਿਆਰਥੀਆਂ ਨੂੰ ਆਤਮ-ਵਿਸ਼ਵਾਸ, ਕਾਨੂੰਨੀ ਸਮਝ ਅਤੇ ਵਿਹਾਰਕ ਵਕਾਲਤੀ ਹੁਨਰ ਵਿਕਸਿਤ ਕਰਨ ਲਈ ਮਹੱਤਵਪੂਰਨ ਮੰਚ ਪ੍ਰਦਾਨ ਕੀਤਾ। ਅੰਤ ਵਿੱਚ ਜੱਜਾਂ, ਭਾਗੀਦਾਰਾਂ ਅਤੇ ਅਧਿਆਪਕਾਂ ਦੇ ਯੋਗਦਾਨ ਦੀ ਸ਼ਲਾਘਾ ਕੀਤੀ ਗਈ।



ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਮਧੂ-ਮੱਖੀਆਂ ਦੀ ਵਿਭਿੰਨਤਾ ਅਤੇ ਘਟਦੀ ਗਿਣਤੀ ਬਾਰੇ ਮਾਹਿਰ ਭਾਸ਼ਣ



ਫ਼ਤਹਿਗੜ੍ਹ ਸਾਹਿਬ, 10 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਦੇ ਜੀਵ ਵਿਗਿਆਨ ਵਿਭਾਗ ਵੱਲੋਂ ਯੂਨੀਵਰਸਿਟੀ ਦੇ ਸੈਨੇਟ ਹਾਲ ਵਿਖੇ ਮਧੂ-ਮੱਖੀਆਂ ਦੀ ਵਿਸ਼ਵਵਿਆਪੀ ਵਿਭਿੰਨਤਾ, ਭੂਗੋਲਿਕ ਵੰਡ ਅਤੇ ਘਟਦੀ ਗਿਣਤੀ: ਮੌਜੂਦਾ ਚੁਣੌਤੀਆਂ ਅਤੇ ਭਵਿੱਖੀ ਖੋਜ ਦੀਆਂ ਦਿਸ਼ਾਵਾਂ ਵਿਸ਼ੇ 'ਤੇ ਮਾਹਿਰ ਭਾਸ਼ਣ ਕਰਵਾਇਆ ਗਿਆ। ਪ੍ਰਸਿੱਧ ਕੀਟ ਵਿਗਿਆਨੀ ਅਤੇ ਪੈਂਦਾ-ਨਿਮੈਟੋਲੋਜੀ ਮਾਹਿਰ ਪ੍ਰੋ. (ਡਾ.) ਸੁਨੀਲ ਕੁਮਾਰ ਨੇ ਮਧੂ-ਮੱਖੀਆਂ ਦੀ ਵਿਸ਼ਵਵਿਆਪੀ ਵਿਭਿੰਨਤਾ, ਵੰਡ ਅਤੇ ਵਾਤਾਵਰਣਕ ਮਹੱਤਤਾ ਬਾਰੇ ਜਾਣਕਾਰੀ ਸਾਂਝੀ ਕੀਤੀ।

ਉਨ੍ਹਾਂ ਨੇ ਕੁਦਰਤੀ ਨਿਵਾਸ ਸਥਾਨਾਂ ਦੇ ਨੁਕਸਾਨ, ਵਾਤਾਵਰਣਕ ਤਬਦੀਲੀਆਂ, ਕੀਟਨਾਸ਼ਕਾਂ ਦੇ ਪ੍ਰਭਾਵ ਅਤੇ ਮਨੁੱਖੀ ਗਤੀਵਿਧੀਆਂ ਕਾਰਨ ਪੈਦਾ ਹੋ ਰਹੇ ਖ਼ਤਰਿਆਂ ਬਾਰੇ ਚਰਚਾ ਕਰਦਿਆਂ ਟਿਕਾਊ ਸੰਭਾਲ ਰਣਨੀਤੀਆਂ ਦੀ ਲੋੜ 'ਤੇ ਜ਼ੋਰ ਦਿੱਤਾ। ਪ੍ਰੋ. (ਡਾ.) ਪਰਿਤ ਪਾਲ ਸਿੰਘ, ਵਾਈਸ-ਚਾਂਸਲਰ, ਨੇ ਜੈਵ-ਵਿਭਿੰਨਤਾ ਦੀ ਸੰਭਾਲ ਅਤੇ ਵਾਤਾਵਰਣਕ ਜਾਗਰੂਕਤਾ ਦੀ ਮਹੱਤਤਾ ਉਜਾਗਰ ਕੀਤੀ।ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਮਾਮਲੇ, ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਵਿਦਿਆਰਥੀਆਂ ਵਿੱਚ ਖੋਜ-ਮੁਖੀ ਸੋਚ ਵਿਕਸਿਤ ਕਰਨ ਲਈ ਅਜਿਹੇ ਭਾਸ਼ਣਾਂ ਨੂੰ ਮਹੱਤਵਪੂਰਨ ਦੱਸਿਆ। ਜੀਵ ਵਿਗਿਆਨ ਵਿਭਾਗ ਦੀ ਮੁਖੀ ਡਾ. ਮੋਨਿਕਾ ਏਰੀ ਨੇ ਬੁਲਾਰੇ ਦਾ ਧੰਨਵਾਦ ਕਰਦਿਆਂ ਪਰਾਗਣ ਵਿੱਚ ਮਧੂ-ਮੱਖੀਆਂ ਦੀ ਅਹਿਮ ਭੂਮਿਕਾ ਉਜਾਗਰ ਕੀਤੀ। ਸਮਾਗਮ ਦਾ ਤਾਲਮੇਲ ਡਾ. ਜਸਪ੍ਰੀਤ ਕੌਰ, ਸਹਾਇਕ ਪ੍ਰੋਫੈਸਰ, ਵੱਲੋਂ ਕੀਤਾ ਗਿਆ। ਅੰਤ ਵਿੱਚ ਡਾ. ਚਰਨ ਕਮਲ ਸੇਖੋਂ ਨੇ ਧੰਨਵਾਦ ਦਾ ਮਤਾ ਪੇਸ਼ ਕੀਤਾ।

ਕੈਂਸਰ ਦੀਆਂ 1,364 ਦਵਾਈਆਂ ਹੋਈਆਂ ਸਸਤੀਆਂ; ਕੀਮਤਾਂ ਅੱਜ ਤੋਂ ਲਾਗੂ

ਨਵੀਂ ਦਿੱਲੀ, 10 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-



ਕੈਂਸਰ ਦੇ ਮਰੀਜ਼ਾਂ ਲਈ ਇੱਕ ਵੱਡੀ ਰਾਹਤ ਵਾਲੀ ਖ਼ਬਰ ਹੈ। ਸਰਕਾਰ ਨੇ ਕੈਂਸਰ ਦੇ ਇਲਾਜ ਵਿੱਚ ਵਰਤੀਆਂ ਜਾਣ ਵਾਲੀਆਂ 1,364 ਦਵਾਈਆਂ ਦੀਆਂ ਕੀਮਤਾਂ ਵਿੱਚ ਵੱਡੀ ਕਟੌਤੀ ਕੀਤੀ ਹੈ, ਜੋ ਕਿ ਸੋਮਵਾਰ ਤੋਂ ਲਾਗੂ ਹੋ ਗਈ ਹੈ। ਮੰਨਿਆ ਜਾ ਰਿਹਾ ਹੈ ਕਿ ਇਸ ਫੈਸਲੇ ਨਾਲ ਮਰੀਜ਼ਾਂ ਦੇ ਸਾਲਾਨਾ ਕਰੀਬ 3,540 ਕਰੋੜ ਰੁਪਏ ਬਚਣਗੇ।

ਨੈਸ਼ਨਲ ਫਾਰਮਾਸਿਊਟੀਕਲ ਪ੍ਰਾਈਸਿੰਗ ਅਥਾਰਟੀ ਅਨੁਸਾਰ, ਸਿਹਤ ਮੰਤਰਾਲੇ ਦੀ ਇੱਕ ਮਾਹਿਰ ਕਮੇਟੀ ਨੇ ਪਿਛਲੇ ਮਹੀਨੇ 17 ਅਕਤੂਬਰ ਨੂੰ ਆਪਣੀ ਰਿਪੋਰਟ ਸੌਂਪੀ ਸੀ। ਇਸ ਰਿਪੋਰਟ ਦੇ ਆਧਾਰ 'ਤੇ 137 ਕੈਂਸਰ ਰੋਕੂ ਦਵਾਈਆਂ ਦੇ ਵਪਾਰਕ ਮੁਨਾਫ਼ੇ 'ਤੇ ਸੀਮਾ (ਕੈਪ) ਲਗਾ ਦਿੱਤੀ ਗਈ ਹੈ, ਤਾਂ ਜੋ ਕੰਪਨੀਆਂ ਮਨਮਰਜ਼ੀ ਨਾਲ ਮਹਿੰਗੇ ਭਾਅ 'ਤੇ ਦਵਾਈਆਂ ਨਾ ਵੇਚ ਸਕਣ।

ਸਰਕਾਰ ਦੇ ਇਸ ਕਦਮ ਤੋਂ ਬਾਅਦ 85 ਦਵਾਈ ਕੰਪਨੀਆਂ ਨੇ ਆਪਣੀਆਂ ਦਵਾਈਆਂ ਦੇ ਰੇਟ ਘਟਾ ਕੇ ਨਵੀਆਂ ਕੀਮਤਾਂ ਬਾਰੇ ਜਾਣਕਾਰੀ ਦੇ ਦਿੱਤੀ ਹੈ।

ਫਾਰਮਾਸਿਊਟੀਕਲ ਵਿਭਾਗ ਨੇ ਦੱਸਿਆ ਕਿ ਕੈਂਸਰ ਦੀਆਂ 679 ਦਵਾਈਆਂ (ਬ੍ਰਾਂਡਾਂ) ਦੀਆਂ ਕੀਮਤਾਂ ਤਾਂ ਅੱਧਿਓਂ ਵੀ ਘੱਟ ਹੋ ਗਈਆਂ ਹਨ (ਯਾਨੀ 50% ਤੋਂ ਵੱਧ ਦੀ ਕਟੌਤੀ)। ਇੱਥੋਂ ਤੱਕ ਕਿ ਕੁਝ ਦਵਾਈਆਂ ਦੇ ਰੇਟਾਂ ਵਿੱਚ 96 ਫੀਸਦੀ ਤੱਕ ਦੀ ਭਾਰੀ ਗਿਰਾਵਟ ਆਈ ਹੈ।

ਸਰਕਾਰ ਨੇ ਸਖ਼ਤ ਹਦਾਇਤ ਕੀਤੀ ਹੈ ਕਿ ਕੋਈ ਵੀ ਮੈਡੀਕਲ ਸਟੋਰ ਜਾਂ ਹਸਪਤਾਲ ਨਵੀਆਂ ਤੈਅ ਕੀਤੀਆਂ ਕੀਮਤਾਂ (ਸੋਧੇ ਹੋਏ ਐੱਮ ਆਰ ਪੀ) ਤੋਂ ਵੱਧ ਪੈਸੇ ਨਹੀਂ ਵਸੂਲ ਸਕਦਾ।

ਮਰੀਜ਼ ਕਿੱਥੋਂ ਚੈੱਕ ਕਰਨ ਸਹੀ ਕੀਮਤ ? ਖਪਤਕਾਰ ਜਾਂ ਮਰੀਜ਼ ਦਵਾਈਆਂ ਦੀ ਸਹੀ ਕੀਮਤ ਪੈਕੇਟ ਉੱਤੇ ਛਪੇ ਨਵੇਂ ਐੱਮ ਆਰ ਪੀ ਤੋਂ ਦੇਖ ਸਕਦੇ ਹਨ। ਇਸ ਤੋਂ ਇਲਾਵਾ, ਸਰਕਾਰ ਦੀ 'ਫਾਰਮਾ ਸਹੀ ਦਾਮ' ਮੋਬਾਈਲ ਐਪ ਜਾਂ ਐੱਨ ਪੀ ਪੀ ਏ ਦੀ ਅਧਿਕਾਰਤ ਵੈੱਬਸਾਈਟ 'ਤੇ ਜਾ ਕੇ ਵੀ ਸਹੀ ਕੀਮਤ ਪਤਾ ਕੀਤੀ ਜਾ ਸਕਦੀ ਹੈ। ਜੇਕਰ ਕੋਈ ਦੁਕਾਨਦਾਰ ਜਾਂ ਹਸਪਤਾਲ ਤੈਅ ਕੀਮਤ ਤੋਂ ਵੱਧ ਪੈਸੇ ਮੰਗਦਾ ਹੈ, ਤਾਂ ਮਰੀਜ਼ ਸਰਕਾਰ ਦੇ ਪੋਰਟਲ 'ਫਾਰਮਾ ਜਨ ਸਮਾਧਾਨ' 'ਤੇ ਸ਼ਿਕਾਇਤ ਕਰ ਸਕਦੇ ਹਨ ਜਾਂ ਟੋਲ-ਫ੍ਰੀ ਹੈਲਪਲਾਈਨ ਨੰਬਰ 1800-111-255 'ਤੇ ਫੋਨ ਕਰ ਸਕਦੇ ਹਨ।

ਪਟਾਕਿਆਂ ਅਤੇ ਪਰਾਲੀ ਸਾੜਨ ਨਾਲ ਪੰਜਾਬ ਦੇ ਸ਼ਹਿਰ 'ਜ਼ਹਿਰੀਲੀ' ਧੁੰਦ ਦੀ ਲਪੇਟ 'ਚ

ਚੰਡੀਗੜ੍ਹ, 10 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪਟਾਕਿਆਂ ਦੇ ਧੂੰਏਂ, ਪਰਾਲੀ ਸਾੜਨ, ਵਾਹਨਾਂ ਦੇ ਪ੍ਰਦੂਸ਼ਣ, ਉਸਾਰੀ ਕਾਰਜਾਂ ਦੀ ਧੂੜ ਅਤੇ ਕੂੜਾ ਸਾੜਨ ਦੇ ਰਲੇ-ਮਿਲੇ ਅਸਰ ਨੇ ਪੰਜਾਬ ਭਰ ਵਿੱਚ ਹਵਾ ਦੀ ਗੁਣਵੱਤਾ ਨੂੰ ਚਿੰਤਾਜਨਕ ਪੱਧਰ 'ਤੇ ਪਹੁੰਚਾ ਦਿੱਤਾ ਹੈ, ਜਿਸ ਕਾਰਨ ਦੀਵਾਲੀ ਤੋਂ ਬਾਅਦ ਕਈ ਸ਼ਹਿਰਾਂ ਦੀ ਹਵਾ ਕਾਫੀ ਖਰਾਬ ਹੋਈ ਹੈ। ਦੀਵਾਲੀ ਵਾਲੀ ਰਾਤ ਸਥਿਤੀ ਹੋਰ ਵੀ ਗੰਭੀਰ ਹੋ ਗਈ, ਕਿਉਂਕਿ ਸਰਕਾਰ ਵੱਲੋਂ ਤੈਅ ਕੀਤੀ ਗਈ ਸਮਾਂ-ਹੱਦ ਤੋਂ ਬਾਅਦ ਵੀ ਪਟਾਕੇ ਚੱਲਦੇ ਰਹੇ। ਇਸ ਕਾਰਨ ਹਵਾ ਵਿੱਚ ਧੂੰਆਂ ਭਰ ਗਿਆ ਅਤੇ ਲੋਕਾਂ ਨੂੰ ਹਾਨੀਕਾਰਕ ਪ੍ਰਦੂਸ਼ਣ ਦਾ ਸਾਹਮਣਾ ਕਰਨਾ ਪਿਆ।

ਪ੍ਰਸ਼ਾਸਨ ਵੱਲੋਂ ਲਗਾਈਆਂ ਗਈਆਂ ਪਾਬੰਦੀਆਂ ਦਾ ਕੋਈ ਖਾਸ ਅਸਰ ਨਜ਼ਰ ਨਹੀਂ ਆਇਆ। ਕਈ ਸ਼ਹਿਰੀ ਇਲਾਕਿਆਂ ਵਿੱਚ ਅੱਧੀ ਰਾਤ ਤੱਕ ਆਤਿਸ਼ਬਾਜ਼ੀ ਹੁੰਦੀ ਰਹੀ।

ਲੋਕਾਂ ਨੇ ਚੱਲੇ ਹੋਏ ਪਟਾਕਿਆਂ ਦੀ ਤੇਜ਼ ਅਤੇ ਚੁੱਭਵੀਂ ਬਦਬੂ ਦੀ ਸ਼ਿਕਾਇਤ ਕੀਤੀ, ਜਦਕਿ ਰਿਹਾਇਸ਼ੀ ਇਲਾਕਿਆਂ ਅਤੇ ਸੜਕਾਂ 'ਤੇ ਧੂੰਆਂ ਛਾਇਆ ਰਿਹਾ। ਝੋਨੇ ਦੀ ਪਰਾਲੀ ਸਾੜਨ ਦੇ ਚੱਲ ਰਹੇ ਸੀਜ਼ਨ ਕਾਰਨ ਹਵਾ ਦੀ ਗੁਣਵੱਤਾ ਹੋਰ ਵੀ ਵਿਗੜ ਗਈ ਹੈ।

ਸਟੀਲ ਟਾਊਨ ਮੰਡੀ ਗੋਬਿੰਦਗੜ੍ਹ ਸਭ ਤੋਂ ਵੱਧ ਪ੍ਰਭਾਵਿਤ ਇਲਾਕਿਆਂ ਵਿੱਚੋਂ ਇੱਕ ਵਜੋਂ ਉੱਭਰਿਆ ਹੈ। ਕੇਂਦਰੀ ਪ੍ਰਦੂਸ਼ਣ ਕੰਟਰੋਲ ਬੋਰਡ ਦੀ ਹਵਾ ਗੁਣਵੱਤਾ ਰਿਪੋਰਟ ਅਨੁਸਾਰ, ਐਤਵਾਰ ਨੂੰ ਇੱਥੋਂ ਦਾ ਏਅਰ ਕੁਆਲਿਟੀ ਇੰਡੈਕਸ (AQI) 445 ਤੱਕ ਪਹੁੰਚ ਗਿਆ, ਜੋ ਇਸਨੂੰ 'ਗੰਭੀਰ' ਸ਼੍ਰੇਣੀ ਵਿੱਚ ਰੱਖਦਾ ਹੈ। ਇੱਥੇ 6 ਨਵੰਬਰ ਨੂੰ ਹੀ 319 ਦਾ ਏ ਕਿਊ ਆਈ ਦਰਜ ਕੀਤਾ ਗਿਆ ਸੀ।

ਦੀਵਾਲੀ ਤੋਂ ਪਹਿਲਾਂ ਵੀ ਪ੍ਰਮੁੱਖ ਸ਼ਹਿਰਾਂ ਵਿੱਚ ਪ੍ਰਦੂਸ਼ਣ ਦਾ ਪੱਧਰ ਉੱਚਾ ਰਿਹਾ ਸੀ। 7 ਨਵੰਬਰ ਨੂੰ, ਲੁਧਿਆਣਾ ਵਿੱਚ ਏ ਕਿਊ ਆਈ 281, ਜਲੰਧਰ ਵਿੱਚ 260, ਪਟਿਆਲਾ ਵਿੱਚ 184 ਅਤੇ ਖੰਨਾ ਵਿੱਚ 249 ਦਰਜ ਕੀਤਾ ਗਿਆ ਸੀ।

ਸਥਿਤੀ ਦੇ ਚਿੰਤਾਜਨਕ ਬਣੇ ਰਹਿਣ ਦੀ ਸੰਭਾਵਨਾ ਹੈ ਕਿਉਂਕਿ ਖੇਤਾਂ ਵਿੱਚ ਸੜ ਰਹੀ ਪਰਾਲੀ ਕਾਰਨ ਪੈਦਾ ਹੋਏ ਪ੍ਰਦੂਸ਼ਣ ਵਿੱਚ ਪਟਾਕਿਆਂ ਦਾ ਧੂੰਆਂ ਵੀ ਸ਼ਾਮਲ ਹੋ ਗਿਆ ਹੈ।

ਪੰਜਾਬ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਵਿੱਚ ਲਗਾਤਾਰ ਵਾਧਾ ਦੇਖਿਆ ਜਾ ਰਿਹਾ ਹੈ, ਜਿਸ ਦਾ ਅੰਕੜਾ 7 ਨਵੰਬਰ ਤੱਕ 3,300 ਨੂੰ ਪਾਰ ਕਰ ਗਿਆ ਹੈ।

ਏ ਕਿਊ ਆਈ ਦੇ ਮਾਪਦੰਡਾਂ ਅਨੁਸਾਰ, 0 ਤੋਂ 50 ਦਰਮਿਆਨ ਰੀਡਿੰਗ ਨੂੰ 'ਚੰਗਾ', 51 ਤੋਂ 100 ਨੂੰ 'ਤਸੱਲੀਬਖਸ਼', 101 ਤੋਂ 200 ਨੂੰ 'ਦਰਮਿਆਨਾ', 201 ਤੋਂ 300 ਨੂੰ 'ਖਰਾਬ', 301 ਤੋਂ 400 ਨੂੰ 'ਬਹੁਤ ਖਰਾਬ', ਅਤੇ 401 ਤੋਂ 500 ਨੂੰ 'ਗੰਭੀਰ' ਮੰਨਿਆ ਜਾਂਦਾ ਹੈ।

ਸਿਹਤ ਮਾਹਰਾਂ ਨੇ ਚਿਤਾਵਨੀ ਦਿੱਤੀ ਹੈ ਕਿ ਹਵਾ ਦੀ ਵਿਗੜ ਰਹੀ ਗੁਣਵੱਤਾ ਫੇਫੜਿਆਂ, ਦਿਲ ਦੀਆਂ ਬਿਮਾਰੀਆਂ ਅਤੇ ਅਸਥਮਾ (ਦਮੇ) ਤੋਂ ਪੀੜਤ ਲੋਕਾਂ ਵਿੱਚ ਸਾਹ ਲੈਣ 'ਚ ਮੁਸ਼ਕਲ ਪੈਦਾ ਕਰ ਸਕਦੀ ਹੈ। ਇਸ ਨਾਲ ਚਮੜੀ, ਅੱਖਾਂ ਅਤੇ ਨੱਕ ਦੀਆਂ ਐਲਰਜੀਆਂ ਵੀ ਵੱਧ ਸਕਦੀਆਂ ਹਨ।

ਲੁਧਿਆਣਾ ਉੱਤਰੀ ਤੋਂ ਚੋਣ ਲੜਨਗੇ ਕੇਵਲ ਸਿੰਘ ਢਿੱਲੋਂ



ਚੰਡੀਗੜ੍ਹ, 10 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸਿਆਸੀ ਪਾਰਟੀਆਂ ਨੇ ਹੁਣੇ ਤੋਂ ਆਪਣੀਆਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ। ਕਿਤੇ ਪਾਰਟੀਆਂ ਵੱਲੋਂ ਨਵੇਂ ਚਿਹਰਿਆਂ ਦੀ ਭਾਲ ਕੀਤੀ ਜਾ ਰਹੀ ਹੈ, ਕਿਤੇ ਪੁਰਾਣੇ ਆਗੂਆਂ ਨੂੰ ਮੁੜ ਸਰਗਰਮ ਕੀਤਾ ਜਾ ਰਿਹਾ ਹੈ ਅਤੇ ਕਿਤੇ ਚੋਣਾਂ ਤੋਂ ਪਹਿਲਾਂ ਹੀ ਸੰਭਾਵੀ ਉਮੀਦਵਾਰਾਂ ਨੂੰ ਲੈ ਕੇ ਚਰਚਾਵਾਂ ਦਾ ਬਾਜ਼ਾਰ ਗਰਮ ਹੋ ਗਿਆ ਹੈ।

ਇਸੇ ਵਿਚਕਾਰ ਹੁਣ ਪੰਜਾਬ ਦੀ ਸਿਆਸਤ ਵਿੱਚ ਇੱਕ ਨਵੀਂ ਚਰਚਾ ਲੁਧਿਆਣਾ ਤੋਂ ਸਾਹਮਣੇ ਆ ਰਹੀ ਹੈ। ਚਰਚਾ ਪੰਜਾਬ ਭਾਜਪਾ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੂੰ ਲੈ ਕੇ ਹੋ ਰਹੀ ਹੈ।

ਕਿਹਾ ਜਾ ਰਿਹਾ ਹੈ ਕਿ ਕੇਵਲ ਸਿੰਘ ਢਿੱਲੋਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਲੁਧਿਆਣਾ ਉੱਤਰੀ ਤੋਂ ਚੋਣ ਮੈਦਾਨ ਵਿੱਚ ਉਤਰ ਸਕਦੇ ਹਨ। ਇਨ੍ਹਾਂ ਚਰਚਾਵਾਂ ਨੂੰ ਉਸ ਸਮੇਂ ਹੋਰ ਹਵਾ ਮਿਲੀ ਜਦੋਂ ਲੁਧਿਆਣਾ ਵਿੱਚ ਉਨ੍ਹਾਂ ਵੱਲੋਂ ਮਕਾਨ ਲੈਣ ਅਤੇ ਘਰ ਦਾ ਸਮਾਨ ਸ਼ਿਫਟ ਕੀਤੇ ਜਾਣ ਦੀਆਂ ਗੱਲਾਂ ਸਾਹਮਣੇ ਆਈਆਂ।

ਪੰਜਾਬ ਵਿਧਾਨ ਸਭਾ ਚੋਣਾਂ: ਕਾਂਗਰਸੀ ਆਗੂ ਤੇ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਅਮਰਜੀਤ ਗੁਜਰਾਲ ਅਕਾਲੀ ਦਲ 'ਚ ਸ਼ਾਮਲ



ਚੰਡੀਗੜ੍ਹ, 10 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਚੰਡੀਗੜ੍ਹ ਜ਼ਿਲ੍ਹਾ ਅਦਾਲਤ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਅਮਰਜੀਤ ਸਿੰਘ ਗੁਜਰਾਲ ਅਤੇ ਉਨ੍ਹਾਂ ਦੀ ਪਤਨੀ ਰਵਿੰਦਰ ਕੌਰ ਗੁਜਰਾਲ (ਸਾਬਕਾ ਕੌਂਸਲਰ, ਚੰਡੀਗੜ੍ਹ ਨਗਰ ਨਿਗਮ) ਅੱਜ ਆਪਣੇ ਸਮਰਥਕਾਂ ਸਮੇਤ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਹਾਜ਼ਰੀ ਵਿੱਚ ਸ਼੍ਰੋਮਣੀ ਅਕਾਲੀ ਦਲ, ਚੰਡੀਗੜ੍ਹ ਇਕਾਈ ਵਿੱਚ ਸ਼ਾਮਲ ਹੋ ਗਏ।

ਗੁਜਰਾਲ ਇਸ ਵੇਲੇ ਕਾਂਗਰਸ ਦੇ ਜਨਰਲ ਸਕੱਤਰ ਹਨ ਅਤੇ ਆਗਾਮੀ ਨਗਰ ਨਿਗਮ ਚੋਣਾਂ ਲਈ ਕਾਂਗਰਸ ਵੱਲੋਂ ਗਠਿਤ ਚੋਣ ਮੁਹਿੰਮ ਕਮੇਟੀ ਦੇ ਮੈਂਬਰ ਹਨ। ਉਨ੍ਹਾਂ ਦੀ ਪਤਨੀ ਰਵਿੰਦਰ ਕੌਰ ਗੁਜਰਾਲ 2016 ਦੀਆਂ ਨਗਰ ਨਿਗਮ ਚੋਣਾਂ ਵਿੱਚ ਕਾਂਗਰਸ ਦੀ ਟਿਕਟ 'ਤੇ ਵਾਰਡ ਨੰਬਰ 23 ਤੋਂ ਕੌਂਸਲਰ ਚੁਣੀ ਗਈ ਸੀ। ਸ਼੍ਰੋਮਣੀ ਅਕਾਲੀ ਦਲ (ਸਦ) ਚੰਡੀਗੜ੍ਹ ਇਕਾਈ ਦੇ ਪ੍ਰਧਾਨ ਚਰਨਜੀਤ ਸਿੰਘ ਵਿੱਲੀ ਨੇ ਉਨ੍ਹਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਗੁਜਰਾਲ ਦੇ ਸ਼ਾਮਲ ਹੋਣ ਨਾਲ ਚੰਡੀਗੜ੍ਹ ਵਿੱਚ ਪਾਰਟੀ ਨੂੰ ਵੱਡੀ ਮਜ਼ਬੂਤੀ ਮਿਲੀ ਹੈ।


ਵਿੱਲੀ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਹੱਕ ਵਿੱਚ ਚੰਡੀਗੜ੍ਹ ਵਿੱਚ ਇਹ ਇੱਕ ਨਵੀਂ ਲਹਿਰ ਦੀ ਸ਼ੁਰੂਆਤ ਹੈ। ਉਨ੍ਹਾਂ ਕਿਹਾ ਕਿ ਪਾਰਟੀ ਇਸੇ ਸਾਲ ਦੇ ਅਖੀਰ ਵਿੱਚ ਹੋਣ ਵਾਲੀਆਂ ਚੰਡੀਗੜ੍ਹ ਨਗਰ ਨਿਗਮ ਚੋਣਾਂ ਵਿੱਚ ਵੱਧ ਤੋਂ ਵੱਧ ਸੀਟਾਂ 'ਤੇ ਜਿੱਤ ਹਾਸਲ ਕਰੇਗੀ। ਉਨ੍ਹਾਂ ਕਿਹਾ ਕਿ ਪਾਰਟੀ ਸ਼ਹਿਰ ਦੇ ਵਿਕਾਸ ਅਤੇ ਹਾਂਵਾਚੀ (ਸਕਾਰਾਤਮਕ) ਸਿਆਸਤ ਲਈ ਚੋਣ ਲੜੇਗੀ। ਇਸ ਮੌਕੇ ਸਾਬਕਾ ਮੇਅਰ ਅਤੇ ਐੱਸ.ਜੀ.ਪੀ.ਸੀ. ਦੀ ਐਗਜ਼ੈਕਟਿਵ ਮੈਂਬਰ ਹਰਜਿੰਦਰ ਕੌਰ ਵੀ ਮੌਜੂਦ ਸਨ।

ਉਨ੍ਹਾਂ (ਹਰਜਿੰਦਰ ਕੌਰ) ਨੇ ਦੱਸਿਆ ਕਿ ਉਹ ਖ਼ੁਦ ਵਾਰਡ ਨੰਬਰ 23 ਤੋਂ ਕਈ ਵਾਰ ਨਗਰ ਨਿਗਮ ਕੌਂਸਲਰ ਵਜੋਂ ਚੁਣੀ ਜਾ ਚੁੱਕੀ ਹੈ ਅਤੇ ਇਸ ਵਾਰਡ ਤੇ ਇੱਥੋਂ ਦੇ ਵਸਨੀਕਾਂ ਨਾਲ ਉਨ੍ਹਾਂ ਦਾ ਵਿਸ਼ੇਸ਼ ਲਗਾਅ ਹੈ। ਇਸ ਮੌਕੇ ਇਲਾਕੇ ਦੇ ਕਈ ਨਿਵਾਸੀ ਅਤੇ ਸਮਰਥਕ ਹਾਜ਼ਰ ਸਨ। ਅਮਰਜੀਤ ਸਿੰਘ ਗੁਜਰਾਲ ਨੇ ਕਿਹਾ ਕਿ ਜੇਕਰ ਅਕਾਲੀ ਦਲ ਉਨ੍ਹਾਂ ਨੂੰ ਆਗਾਮੀ ਚੋਣਾਂ ਲਈ ਟਿਕਟ ਦਿੰਦਾ ਹੈ ਤਾਂ ਉਹ ਵਾਰਡ ਇਲਾਕੇ ਦੇ ਨਿਵਾਸੀਆਂ ਦੀ ਸੇਵਾ ਲਈ ਚੋਣ ਲੜਨਗੇ।

ਬਾਬਾ ਬਲਬੀਰ ਸਿੰਘ ਸਮੇਤ ਪ੍ਰਮੁੱਖ ਨਿਹੰਗ ਸਿੰਘ ਦਲਾਂ ਦੇ ਮੁਖੀਆਂ ਦਾ ਸਨਮਾਨ

ਅੰਮ੍ਰਿਤਸਰ, 10 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਬੰਦੀ ਛੋੜ ਦਿਵਸ ਦਿਵਾਲੀ ਮੌਕੇ ਮੁੱਖ ਗ੍ਰੰਥੀ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿ. ਕੁਲਦੀਪ ਸਿੰਘ ਗੜਗਜ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸਜਾਏ ਸੰਖੇਪ ਸਮਾਗਮ ਦੌਰਾਨ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦੇ ਮੁਖੀ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਸਮੇਤ ਗੁਰੂ ਸਾਹਿਬਾਨ ਵਲੋਂ ਸਾਜੇ ਨਿਵਾਜੇ ਨਿਹੰਗ ਸਿੰਘ ਦਲਾਂ ਦੇ ਮੁਖੀਆਂ ਤੇ ਪ੍ਰਤੀਨਿਧੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਤੋਂ ਪਹਿਲਾਂ ਨਿਹੰਗ ਬਾਬਾ ਹਰਜੀਤ ਸਿੰਘ ਬਟਾਲੇ ਵਾਲਿਆਂ ਦੇ ਰਾਗੀ ਜਥੇ ਨੇ ਦਸਮ ਬਾਣੀ ਦਾ ਮਨੋਹਰ ਕੀਰਤਨ ਕੀਤਾ।



ਪੁਰਾਤਨ ਬੰਦੀ ਛੋੜ ਦਿਵਸ ਦੀ ਪਰੰਪਰਾ ਅਨੁਸਾਰ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ੍ਰੀ ਰਹਿਰਾਸ ਸਾਹਿਬ ਦੇ ਪਾਠ ਉਪਰੰਤ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਸ੍ਰੀ ਰਹਿਰਾਸ ਦਾ ਪਾਠ ਗਿਆਨੀ ਗੁਰਬਖਸ਼ੀਸ਼ ਸਿੰਘ ਨੇ ਕੀਤਾ ਅਤੇ ਇਤਿਹਾਸਕ ਪੁਰਾਤਨ ਸ਼ਸਤਰਾਂ ਦੇ ਦਰਸ਼ਨ ਕਰਵਾਏ ਗਏ। ਉਪਰੰਤ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗਜ ਜਥੇਦਾਰ ਸ੍ਰੀ ਅਕਾਲ ਤਖ਼ਤ ਨੇ ਨਿਹੰਗ ਸਿੰਘਾਂ ਦੀ ਸਿਰਮੌਰ ਜਥੇਬੰਦੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੂੰ ਸਨਮਾਨਿਤ ਕੀਤਾ ਉਪਰੰਤ ਬੁੱਢਾ ਦਲ ਦੇ ਮੁਖੀ ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਅਕਾਲੀ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗਜ ਨੇ ਜਥੇਦਾਰ ਬਾਬਾ ਅਵਤਾਰ ਸਿੰਘ ਮੁਖੀ ਤਰਨਾ ਦਲ ਬਾਬਾ ਬਿਧੀ ਚੰਦ ਸੁਰਸਿੰਘ, ਬਾਬਾ ਨਿਹਾਲ ਸਿੰਘ ਮੁਖੀ ਤਰਨਾ ਦਲ ਹਰੀਆਂ ਵੇਲਾਂ ਤੇ ਬਾਬਾ ਨਾਗਰ ਸਿੰਘ, ਬਾਬਾ ਜੋਗਾ ਸਿੰਘ ਮੁਖੀ ਤਰਨਾ ਦਲ ਬਾਬਾ ਬਕਾਲਾ, ਦਸ਼ਮੇਸ਼ ਤਰਨਾਦਲ ਦੇ ਮੁਖੀ ਬਾਬਾ ਮੇਜਰ ਸਿੰਘ ਸੋਢੀ ਨੂੰ ਸਿਰਪਾਉ ਦੋਸ਼ਾਲੇ ਭੇਟ ਕਰਕੇ ਸਨਮਾਨਿਤ ਕਰਨ ਉਪਰੰਤ ਜਥੇਦਾਰ ਬਾਬਾ ਬਲਬੀਰ ਸਿੰਘ 96 ਕਰੋੜੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਵਲੋਂ ਬਾਬਾ ਜਗਜੀਤ ਸਿੰਘ ਗੁਰੂ ਨਾਨਕ ਦਲ ਮੜ੍ਹੀਆਂ ਵਾਲਾ (ਬਟਾਲਾ), ਬਾਬਾ ਬਲਵਿੰਦਰ ਸਿੰਘ ਤਰਨਾ ਦਲ ਮਹਿਤਾ ਚੌਂਕ, ਬਾਬਾ ਤਰਲੋਕ ਸਿੰਘ ਰਘਬੀਰ ਸਿੰਘ ਤਰਨਾ ਦਲ ਖਿਆਲਾ ਕਲਾਂ, ਬਾਬਾ ਗੁਰਰਾਜਪਾਲ ਸਿੰਘ ਡੇਰਾ ਛਾਉਣੀ ਨਿਹੰਗ ਸਿੰਘਾਂ, ਬਾਬਾ ਛਿੰਦਾ ਸਿੰਘ ਤਰਨਾ ਦਲ ਭਿਖੀਵਿੰਡੀਏ, ਬਾਬਾ ਹਰਦੀਪ ਸਿੰਘ ਡੇਰਾ ਬਾਬਾ ਮਹਾਰਾਜ ਸਿੰਘ, ਬਾਬਾ ਦਰਸ਼ਨ ਸਿੰਘ ਤਰਨਾ ਦਲ ਗੁ: ਟਾਹਲਾ ਸਾਹਿਬ, ਬਾਬਾ ਬਲਦੇਵ ਸਿੰਘ ਤਰਨਾ ਦਲ ਸ਼ਹੀਦ ਬਾਬਾ ਜੀਵਨ ਸਿੰਘ ਮਹਿਤਾ ਰੋਡ (ਵੱਲਾ), ਬਾਬਾ ਪ੍ਰਗਟ ਸਿੰਘ ਪੰਥ ਅਕਾਲੀ ਤਰਨਾ ਦਲ, ਮਜੀਠਾ ਰੋਡ, ਬਾਬਾ ਲਾਲ ਸਿੰਘ ਮਾਲਵਾ ਤਰਨਾ ਦਲ, ਬਾਬਾ ਰਘਬੀਰ ਸਿੰਘ ਤਰਨਾ ਦਲ ਖਿਆਲਾ ਕਲਾਂ, ਬਾਬਾ ਪ੍ਰਤਾਪ ਸਿੰਘ ਸ਼ਹੀਦ ਭਾਈ ਮਨੀ ਸਿੰਘ ਦਲ, ਬਾਬਾ ਤਰਸੇਮ ਸਿੰਘ ਤਰਨਾ ਦਲ ਮਹਿਤਾ ਚੌਂਕ, ਬਾਬਾ ਕੁਲਵਿੰਦਰ ਸਿੰਘ ਚਮਕੌਰ ਸਾਹਿਬ, ਬਾਬਾ ਸਤਨਾਮ ਸਿੰਘ ਤਰਨਾ ਦਲ ਬਾਬਾ ਸ਼ਾਮ ਸਿੰਘ ਅਟਾਰੀ ਚੌਂਤਾ, ਬਾਬਾ ਚੜ੍ਹਤ ਸਿੰਘ ਤਰਨਾ ਦਲ ਮਾਲਵਾ ਖੇੜੀ, ਬਾਬਾ ਬਲਦੇਵ ਸਿੰਘ ਦਲ ਮਿਸਲ ਬਾਬਾ ਬਚਿੱਤਰ ਸਿੰਘ, ਬਾਬਾ ਦਰਸ਼ਨ ਸਿੰਘ ਖਜਾਨਾ ਗੇਟ, ਬਾਬਾ ਗੁਰਦੀਪ ਸਿੰਘ ਤਰਨਾ ਦਲ ਬਾਬਾ ਜੱਸਾ ਸਿੰਘ ਰਾਮਗੜ੍ਹੀਆ, ਬਾਬਾ ਦਰਸ਼ਨ ਸਿੰਘ ਸ਼੍ਰੋਮਣੀ ਪੰਥ ਅਕਾਲੀ ਦਸਮੇਸ਼ ਤਰਨਾ ਦਲ, ਬਾਬਾ ਮਹਿੰਦਰ ਸਿੰਘ ਤਰਨਾ ਦਲ, ਬਾਬਾ ਜਵੰਦ ਸਿੰਘ , ਬਾਬਾ ਛਤਰਪਾਲ ਸਿੰਘ ਠੱਟਾ, ਬਾਬਾ ਗੁਰਦੇਵ ਸਿੰਘ ਸ਼ਹੀਦੀ ਬਾਗ਼, ਬਾਬਾ ਜੋਗਾ ਸਿੰਘ ਦਲ ਬਾਬਾ ਨੌਧ ਸਿੰਘ ਸ਼ਹੀਦ ਚੱਬਾ, ਬਾਬਾ ਤਾਰਾ ਸਿੰਘ ਤਰਨਾ ਦਲ, ਬਾਬਾ ਬੀਰ ਸਿੰਘ ਰੱਤੋਕੇ, ਬਾਬਾ ਪਰਗਟ ਸਿੰਘ ਤਰਨਾ ਦਲ, ਬਾਬਾ ਬੀਰ ਸਿੰਘ ਪੱਟੀ, ਬਾਬਾ ਨਿਰਮਲ ਸਿੰਘ ਦਲ ਝਾੜ ਸਾਹਿਬ, ਦਲ ਬਾਬਾ ਥਾਨ ਸਿੰਘ , ਬਾਬਾ ਗੁਰਦੇਵ ਸਿੰਘ ਬਜਵਾੜਾ, ਬਾਬਾ ਗੁਰਮੇਜ ਸਿੰਘ ਬਾਲੇਵਾਲ, ਬਾਬਾ ਬਲਦੇਵ ਸਿੰਘ ਮਿਸਲ ਬਾਬਾ ਨਿਬਾਹੂ ਸਿੰਘ ਮੁਸਤਰਾਪੁਰ (ਗੁਰਦਾਸਪੁਰ), ਬਾਬਾ ਦਲਬੀਰ ਸਿੰਘ ਮੁੱਖੀ ਬਾਬਾ ਜੀਵਨ ਸਿੰਘ ਤਰਨਾ ਦਲ ਸ੍ਰੀ ਅਨੰਦਪੁਰ ਸਾਹਿਬ, ਆਦਿ ਜਥੇਬੰਦੀਆਂ ਦੇ ਮੁਖੀਆਂ ਨੂੰ ਸਿਰਪਾਉ ਨਾਲ ਸਨਮਾਨਿਤ ਕੀਤਾ। ਸਨਮਾਨ ਉਪਰੰਤ ਬਾਬਾ ਬਲਬੀਰ ਸਿੰਘ ਅਤੇ ਬਾਕੀ ਨਿਹੰਗ ਸਿੰਘ ਜਥੇਬੰਦੀਆਂ ਦੇ ਮੁਖੀ ਸਾਹਿਬਾਨਾਂ ਨੇ ਸਵੱਈਆਂ ਦਾ ਪਾਠ ਕੀਤਾ।

ਇਸ ਸਮੇਂ ਬਾਬਾ ਗੁਰਪਿੰਦਰ ਸਿੰਘ ਵਡਾਲਾ, ਇੰਦਰਬੀਰ ਸਿੰਘ ਸਤਲਾਣੀ ਸਾਹਿਬ ਵਾਲੇ, ਪਰਮਜੀਤ ਸਿੰਘ ਮੈਨੇਜਰ ਬੁੱਢਾ ਦਲ, ਸ. ਐਸ.ਪੀ ਸਿੰਘ, ਬਾਬਾ ਬਘੇਲ ਸਿੰਘ, ਬਾਬਾ ਗੁਰਪ੍ਰੀਤ ਸਿੰਘ, ਬਾਬਾ ਹੀਰਾ ਸਿੰਘ ਝੂਲਣੇ ਮਹਿਲ, ਬਾਬਾ ਜੋਗਾ ਸਿੰਘ ਕਰਨਾਲ, ਬਾਬਾ ਗੁਰਮੁਖ ਸਿੰਘ, ਬਾਬਾ ਤਰਸੇਮ ਸਿੰਘ ਮੋਰਾਂਵਾਲੀ, ਬਾਬਾ ਰਣਜੋਧ ਸਿੰਘ, ਬਾਬਾ ਕਰਮ ਸਿੰਘ, ਬਾਬਾ ਬੂਟਾ ਸਿੰਘ, ਬਾਬਾ ਜਗਤਾਰ ਸਿੰਘ ਠੱਠੇ ਵਾਲੇ, ਬਾਬਾ ਢੂੰਡਾ ਸਿੰਘ ਮਿਸਲ ਭਾਈ ਬਚਿੱਤਰ ਸਿੰਘ, ਬਾਬਾ ਦਲੇਰ ਸਿੰਘ, ਬਾਬਾ ਮਲੂਕ ਸਿੰਘ, ਬਾਬਾ ਹਰਦੀਪ ਸਿੰਘ, ਬਾਬਾ ਹਰਪ੍ਰੀਤ ਸਿੰਘ ਹੈਪੀ, ਬਾਬਾ ਭਗਤ ਸਿੰਘ ਬਹਾਦਰਗੜ੍ਹ ਆਦਿ ਹਾਜ਼ਰ ਸਨ।



ਮਾਲੇਰਕੋਟਲਾ ਦੀ ਇਤਿਹਾਸਕ ਭਾਈਚਾਰਕ ਸਾਂਝ ਪੂਰੇ ਦੇਸ਼ ਲਈ ਮਿਸਾਲ : ਐਸ.ਐਸ.ਪੀ ਕਮਲਪ੍ਰੀਤ ਸਿੰਘ ਖੱਖ

ਮਲੇਰਕੋਟਲਾ, 10 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-



ਦਿਵਾਲੀ ਅਤੇ ਬੰਦੀ ਛੋੜ ਦਿਵਸ ਦੇ ਪਵਿੱਤਰ ਮੌਕੇ 'ਤੇ ਜ਼ਿਲ੍ਹਾ ਮਾਲੇਰਕੋਟਲਾ ਦੇ ਐਸ.ਐਸ.ਪੀ ਸ੍ਰੀ ਕਮਲਪ੍ਰੀਤ ਸਿੰਘ ਖੱਖ, ਡੀ.ਆਈ.ਸੀ. ਸੰਗਰੂਰ ਅਤੇ ਮਾਲੇਰਕੋਟਲਾ ਦੇ ਚੇਅਰਮੈਨ ਸ੍ਰੀ ਸਾਜੀਵ ਸੂਦ, ਦਸ਼ਮੇਸ਼ ਮਕੈਨੀਕਲ ਵਰਕਸ ਅਮਰਗੜ੍ਹ ਦੇ ਐਮ.ਡੀ. ਸ. ਸਵਰਨਜੀਤ ਸਿੰਘ ਅਤੇ ਸਿਆਮਾ ਅਤਰਜ਼ ਮਾਲੇਰਕੋਟਲਾ ਦੇ ਐਮ.ਡੀ. ਮੁਹੰਮਦ ਮੁਸਲਿਮ ਸਿਆਮਾ ਨੇ ਸਮੂਹ ਇਲਾਕਾ ਨਿਵਾਸੀਆਂ ਨੂੰ ਦਿਲੋਂ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੱਤੀਆਂ ਹਨ।

ਇਸ ਮੌਕੇ ਉਨ੍ਹਾਂ ਕਿਹਾ ਕਿ ਮਾਲੇਰਕੋਟਲਾ ਦੀ ਧਰਤੀ ਹਮੇਸ਼ਾ ਤੋਂ ਹੀ ਆਪਸੀ ਭਾਈਚਾਰਕ ਸਾਂਝ, ਪਿਆਰ, ਸਤਿਕਾਰ ਅਤੇ ਧਾਰਮਿਕ ਸਦਭਾਵਨਾ ਲਈ ਜਾਣੀ ਜਾਂਦੀ ਹੈ। ਇੱਥੇ ਸਾਰੇ ਧਰਮਾਂ ਦੇ ਲੋਕ ਇੱਕ-ਦੂਜੇ ਦੇ ਤਿਉਹਾਰਾਂ ਵਿੱਚ ਸ਼ਾਮਲ ਹੋ ਕੇ ਖੁਸ਼ੀਆਂ ਸਾਂਝੀਆਂ ਕਰਦੇ ਹਨ ਅਤੇ ਮਿਲਜੁਲ ਕੇ ਹਰ ਤਿਉਹਾਰ ਮਨਾਉਂਦੇ ਹਨ। ਇਹ ਆਪਸੀ ਏਕਤਾ ਅਤੇ ਸਾਂਝ ਸਾਡੇ ਸਮਾਜ ਦੀ ਅਸਲ ਤਾਕਤ ਹੈ।

ਉਨ੍ਹਾਂ ਕਿਹਾ ਕਿ ਦਿਵਾਲੀ ਅਤੇ ਬੰਦੀ ਛੋੜ ਦਿਵਸ ਸਾਨੂੰ ਰੌਸ਼ਨੀ, ਆਜ਼ਾਦੀ, ਸੱਚਾਈ, ਨੇਕੀ ਅਤੇ ਆਪਸੀ ਪਿਆਰ ਦਾ ਸੰਦੇਸ਼ ਦਿੰਦੇ ਹਨ। ਮਾਲੇਰਕੋਟਲਾ ਦੀ ਗੰਗਾ-ਜਮੁਨੀ ਤਹਿਜ਼ੀਬ ਅਤੇ ਸਾਰੇ ਧਰਮਾਂ ਦੇ ਲੋਕਾਂ ਵੱਲੋਂ ਇੱਕ-ਦੂਜੇ ਦੇ ਧਾਰਮਿਕ ਸਮਾਗਮਾਂ ਵਿੱਚ ਸ਼ਮੂਲੀਅਤ ਕਰਨਾ ਬਹੁਤ ਹੀ ਮਾਣ ਵਾਲੀ ਗੱਲ ਹੈ। ਇਸ ਭਾਈਚਾਰਕ ਸਾਂਝ ਨੂੰ ਹੋਰ ਮਜ਼ਬੂਤ ਕਰਨਾ ਸਾਡੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ।

ਉਨ੍ਹਾਂ ਸਮੂਹ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਤਿਉਹਾਰਾਂ ਨੂੰ ਆਪਸੀ ਪਿਆਰ, ਸਦਭਾਵਨਾ ਅਤੇ ਸ਼ਾਂਤੀਪੂਰਨ ਮਾਹੌਲ ਵਿੱਚ ਮਨਾਉਣ ਅਤੇ ਸਮਾਜ ਵਿੱਚ ਏਕਤਾ ਤੇ ਭਾਈਚਾਰੇ ਦਾ ਸੰਦੇਸ਼ ਫੈਲਾਉਣ।

ਉਨ੍ਹਾਂ ਸਮੂਹ ਮਾਲੇਰਕੋਟਲਾ ਵਾਸੀਆਂ ਦੇ ਜੀਵਨ ਵਿੱਚ ਖੁਸ਼ਹਾਲੀ, ਤੰਦਰੁਸਤੀ, ਅਮਨ-ਸ਼ਾਂਤੀ ਅਤੇ ਤਰੱਕੀ ਦੀ ਕਾਮਨਾ ਕਰਦਿਆਂ ਇੱਕ ਵਾਰ ਫਿਰ ਦਿਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਮੁਬਾਰਕਾਂ ਦਿੱਤੀਆਂ।

ਪੰਜਾਬ ਕਾਂਗਰਸ ਮਹੀਨੇ ਦੇ ਅੰਤ ਤੱਕ ਉਮੀਦਵਾਰਾਂ ਦੀ ਪਹਿਲੀ ਸੂਚੀ ਜਾਰੀ ਕਰ ਸਕਦੀ ਹੈ: ਪਰਗਟ ਸਿੰਘ

ਫਗਵਾੜਾ, 10 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪੰਜਾਬ ਪ੍ਰਧਾਨ ਪਰਗਟ ਸਿੰਘ ਨੇ ਖੁਲਾਸਾ ਕੀਤਾ ਕਰਦਿਆਂ ਦੱਸਿਆ ਕਿ ਪਾਰਟੀ ਇਸ ਮਹੀਨੇ ਦੇ ਅੰਤ ਤੱਕ ਆਪਣੇ ਉਮੀਦਵਾਰਾਂ ਦੀ ਪਹਿਲੀ ਸੂਚੀ ਜਾਰੀ ਕਰ ਸਕਦੀ ਹੈ। ਪਰਗਟ ਸਿੰਘ ਅੱਜ ਇੱਥੇ ਫਗਵਾੜਾ ਦੇ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਦੀ ਰਹਾਇਸ਼ 'ਤੇ ਪੁੱਜੇ ਸਨ।



ਹੋਰ ਸਿਆਸੀ ਪਾਰਟੀਆਂ ਨਾਲ ਚੋਣ ਤੋਂ ਪਹਿਲਾਂ ਗੱਠਜੋੜ ਦੀ ਸੰਭਾਵਨਾ ਬਾਰੇ ਇੱਕ ਸਵਾਲ ਦਾ ਜਵਾਬ ਦਿੰਦਿਆਂ ਪਰਗਟ ਸਿੰਘ ਅਤੇ ਸੀਨੀਅਰ ਕਾਂਗਰਸੀ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਸੰਕੇਤ ਦਿੱਤਾ ਕਿ ਕਾਂਗਰਸ ਖੱਬੇਪੱਖੀ ਪਾਰਟੀਆਂ ਨਾਲ ਗੱਠਜੋੜ 'ਤੇ ਵਿਚਾਰ ਕਰ ਸਕਦੀ ਹੈ। ਉਨ੍ਹਾਂ ਦੀਆਂ ਇਹ ਟਿੱਪਣੀਆਂ ਅਹਿਮ ਮੰਨੀਆਂ ਜਾ ਰਹੀਆਂ ਹਨ ਕਿਉਂਕਿ ਪਾਰਟੀ ਪੰਜਾਬ ਵਿੱਚ ਆਗਾਮੀ ਚੋਣ ਮੁਕਾਬਲੇ ਲਈ ਆਪਣੀ ਸਿਆਸੀ ਰਣਨੀਤੀ ਤਿਆਰ ਕਰ ਰਹੀ ਹੈ।

ਸ੍ਰੀ ਵਿਸ਼ਵਕਰਮਾ ਮੰਦਰ ਵੱਲ ਜਾਣ ਤੋਂ ਪਹਿਲਾਂ, ਦੋਵਾਂ ਆਗੂਆਂ ਨੇ ਆਮ ਆਦਮੀ ਪਾਰਟੀ ('ਆਪ'), ਸ਼੍ਰੋਮਣੀ ਅਕਾਲੀ ਦਲ (ਸਦ) ਅਤੇ ਭਾਰਤੀ ਜਨਤਾ ਪਾਰਟੀ (ਭਾਜਪਾ) 'ਤੇ ਤਿੱਖਾ ਹਮਲਾ ਬੋਲਿਆ ਅਤੇ ਉਨ੍ਹਾਂ 'ਤੇ ਅਜਿਹੀਆਂ ਨੀਤੀਆਂ ਅਪਣਾਉਣ ਦੇ ਦੋਸ਼ ਲਾਏ, ਜਿਨ੍ਹਾਂ ਨੇ ਕਾਂਗਰਸ ਲੀਡਰਸ਼ਿਪ ਦੇ ਅਨੁਸਾਰ ਪੰਜਾਬ ਅਤੇ ਇਸ ਦੇ ਲੋਕਾਂ 'ਤੇ ਮਾੜਾ ਅਸਰ ਪਾਇਆ ਹੈ। ਉਨ੍ਹਾਂ ਦਾਅਵਾ ਕੀਤਾ ਕਿ ਲਗਾਤਾਰ ਸਰਕਾਰਾਂ ਦੀਆਂ ਰਾਜਨੀਤਿਕ ਅਤੇ ਪ੍ਰਸ਼ਾਸਨਿਕ ਨਾਕਾਮੀਆਂ ਨੇ ਸੂਬੇ ਦੇ ਸਾਹਮਣੇ ਕਈ ਅਣਸੁਲਝੀਆਂ ਸਮੱਸਿਆਵਾਂ ਵਿੱਚ ਯੋਗਦਾਨ ਪਾਇਆ ਹੈ।

ਸੱਤਾਧਾਰੀ 'ਆਪ' ਸਰਕਾਰ ਨੂੰ ਨਿਸ਼ਾਨਾ ਬਣਾਉਂਦਿਆਂ ਪਰਗਟ ਸਿੰਘ ਅਤੇ ਬਾਜਵਾ ਨੇ ਦੋਸ਼ ਲਾਇਆ ਕਿ ਪੰਜਾਬ ਦੀ ਵਿੱਤੀ ਸਥਿਤੀ ਵਿਗੜ ਚੁੱਕੀ ਹੈ ਅਤੇ ਇਸ ਦੇ ਕਾਰਜਕਾਲ ਦੌਰਾਨ ਸੂਬਾ ਵਧਦੇ ਕਰਜ਼ੇ ਹੇਠ ਦੱਬ ਗਿਆ ਹੈ। ਉਨ੍ਹਾਂ ਨੇ ਇਮਾਨਦਾਰ ਅਤੇ ਪਾਰਦਰਸ਼ੀ ਪ੍ਰਸ਼ਾਸਨ ਦੇਣ ਦੇ ਸਰਕਾਰ ਦੇ ਦਾਅਵਿਆਂ 'ਤੇ ਸਵਾਲ ਚੁੱਕਦਿਆਂ ਦੋਸ਼ ਲਾਇਆ ਕਿ ਸਾਫ਼-ਸੁਥਰੇ ਸ਼ਾਸਨ ਦੇ ਵਾਰ-ਵਾਰ ਕੀਤੇ ਵਾਅਦਿਆਂ ਦੇ ਬਾਵਜੂਦ ਭ੍ਰਿਸ਼ਟਾਚਾਰ ਵਧਦਾ ਜਾ ਰਿਹਾ ਹੈ। ਉਨ੍ਹਾਂ ਨੇ 'ਆਪ' ਸਰਕਾਰ ਨੂੰ ਵਧਦੀ ਨਸ਼ਿਆਂ ਦੀ ਮਾਰ, ਵਧ ਰਹੀਆਂ ਅਪਰਾਧਿਕ ਗਤੀਵਿਧੀਆਂ ਅਤੇ ਵਿਗੜ ਰਹੀ ਕਾਨੂੰਨ ਵਿਵਸਥਾ ਦੀ ਸਥਿਤੀ ਲਈ ਵੀ ਜ਼ਿੰਮੇਵਾਰ ਠਹਿਰਾਇਆ।

ਅਕਾਲੀ ਦਲ ਨੂੰ ਨਿਸ਼ਾਨੇ 'ਤੇ ਲੈਂਦਿਆਂ ਕਾਂਗਰਸੀ ਆਗੂਆਂ ਨੇ ਅਕਾਲੀ ਦਲ ਦੀ ਸਿਆਸੀ ਵਿਰਾਸਤ ਅਤੇ ਸ਼ਾਸਨ ਦੇ ਰਿਕਾਰਡ, ਖਾਸ ਕਰਕੇ ਸੱਤਾ ਵਿੱਚ ਇਸ ਦੇ ਪਿਛਲੇ ਕਾਰਜਕਾਲ 'ਤੇ ਵੀ ਸਵਾਲ ਚੁੱਕੇ। ਕਈ ਸਾਲਾਂ ਤੱਕ ਪੰਜਾਬ 'ਤੇ ਰਾਜ ਕਰਨ ਵਾਲੇ ਅਕਾਲੀ ਦਲ ਨੂੰ ਆਪਣੇ ਪਿਛਲੇ ਰਾਜ ਦੌਰਾਨ ਨਸ਼ਿਆਂ ਦੀ ਸਮੱਸਿਆ, ਬੇਅਦਬੀ ਦੀਆਂ ਘਟਨਾਵਾਂ ਅਤੇ ਕਾਨੂੰਨ ਵਿਵਸਥਾ ਦੀ ਸਥਿਤੀ ਨੂੰ ਸੰਭਾਲਣ ਨਾਲ ਜੁੜੇ ਮੁੱਦਿਆਂ 'ਤੇ ਲਗਾਤਾਰ ਸਿਆਸੀ ਆਲੋਚਨਾ ਦਾ ਸਾਹਮਣਾ ਕਰਨਾ ਪਿਆ ਹੈ।

ਇਸ ਗੱਲਬਾਤ ਦੌਰਾਨ ਨਰੇਸ਼ ਭਾਰਦਵਾਜ, ਵਿਨੋਦ ਵਰਮਾਨੀ, ਤਰਨਜੀਤ ਸਿੰਘ ਵਾਲੀਆ, ਜਤਿੰਦਰ ਵਰਮਾਨੀ, ਅਵਿਨਾਸ਼ ਗੁਪਤਾ, ਸਰਜੀਵਨ ਲਤਾ, ਅਮਰਿੰਦਰ ਕੂਨਰ ਅਤੇ ਅੰਮ੍ਰਿਤ ਲਾਲ ਭੋਂਸਲੇ ਸਮੇਤ ਕਈ ਸਥਾਨਕ ਬਲਾਕ ਕਾਂਗਰਸ ਆਗੂ ਹਾਜ਼ਰ ਸਨ।

ਇਸ ਦੌਰਾਨ ਸੇਵਾਮੁਕਤ ਪੁਲੀਸ ਸੁਪਰਡੈਂਟ ਪਰਮਜੀਤ ਸਿੰਘ ਪਰਗਟ ਸਿੰਘ, ਪ੍ਰਤਾਪ ਸਿੰਘ ਬਾਜਵਾ ਅਤੇ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਦੀ ਹਾਜ਼ਰੀ ਵਿੱਚ ਕਾਂਗਰਸ ਵਿੱਚ ਸ਼ਾਮਲ ਹੋ ਗਏ। ਉਨ੍ਹਾਂ ਦੇ ਸ਼ਾਮਲ ਹੋਣ ਨਾਲ ਫਗਵਾੜਾ ਇਲਾਕੇ ਵਿੱਚ ਪਾਰਟੀ ਦੀ ਸੰਗਠਨਾਤਮਕ ਤਾਕਤ ਵਧਣ ਦੀ ਉਮੀਦ ਹੈ।

ਉਮੀਦਵਾਰਾਂ ਦੀ ਪਹਿਲੀ ਸੂਚੀ ਦੇ ਸੰਭਾਵਿਤ ਐਲਾਨ ਅਤੇ ਕਾਂਗਰਸ ਲੀਡਰਸ਼ਿਪ ਦੇ ਇਸ ਸੰਕੇਤ ਦੇ ਮੱਦੇਨਜ਼ਰ ਇਸ ਮੀਟਿੰਗ ਨੇ ਸਿਆਸੀ ਅਹਿਮੀਅਤ ਹਾਸਲ ਕਰ ਲਈ ਹੈ ਕਿ ਖੱਬੇਪੱਖੀ ਪਾਰਟੀਆਂ ਨਾਲ ਸਮਝੌਤੇ ਦੀ ਸੰਭਾਵਨਾ ਤਲਾਸ਼ੀ ਜਾ ਸਕਦੀ ਹੈ। ਇੱਕ ਸੇਵਾਮੁਕਤ ਪੁਲੀਸ ਅਧਿਕਾਰੀ ਦੇ ਸ਼ਾਮਲ ਹੋਣ ਨਾਲ ਆਗਾਮੀ ਸਿਆਸੀ ਮੁਕਾਬਲੇ ਦੀ ਤਿਆਰੀ ਕਰ ਰਹੀ ਪਾਰਟੀ ਦੀ ਸਥਾਨਕ ਇਕਾਈ ਨੂੰ ਸੰਗਠਨਾਤਮਕ ਮਜ਼ਬੂਤੀ ਵੀ ਮਿਲੀ ਹੈ।

ਮੋਦੀ ਸਰਕਾਰ ਨੇ ਪੀ.ਐੱਮ. ਵਿਸ਼ਵਕਰਮਾ ਯੋਜਨਾ ਨਾਲ ਕਾਰੀਗਰਾਂ ਨੂੰ ਦਿੱਤੀ ਨਵੀਂ ਪਛਾਣ : ਕੇਵਲ ਸਿੰਘ ਢਿੱਲੋਂ



ਲੁਧਿਆਣਾ, 10 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਭਾਰਤੀ ਜਨਤਾ ਪਾਰਟੀ ਪੰਜਾਬ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਅੱਜ ਭਗਵਾਨ ਵਿਸ਼ਵਕਰਮਾ ਜੀ ਦੇ ਪ੍ਰਕਾਸ਼ ਪੁਰਬ ਮੌਕੇ ਲੁਧਿਆਣਾ ਦੇ ਬਾਬਾ ਵਿਸ਼ਵਕਰਮਾ ਭਵਨ ਵਿਖੇ ਪਹੁੰਚੇ ਅਤੇ ਭਗਵਾਨ ਜੀ ਦੇ ਦਰਸ਼ਨ ਕਰਕੇ ਆਸ਼ੀਰਵਾਦ ਪ੍ਰਾਪਤ ਕੀਤਾ। ਉਨ੍ਹਾਂ ਇਸ ਨੂੰ ਆਪਣੇ ਲਈ ਬਹੁਤ ਸੌਭਾਗ ਦੀ ਗੱਲ ਦੱਸਿਆ। ਇਸ ਮੌਕੇ ਉਨ੍ਹਾਂ ਸਮੂਹ ਕਾਰੀਗਰਾਂ, ਮਿਸਤਰੀਆਂ, ਲੁਹਾਰਾਂ, ਤਰਖਾਣਾਂ ਅਤੇ ਸਾਰੇ ਮਿਹਨਤਕਸ਼ ਭੈਣਾਂ-ਭਰਾਵਾਂ ਨੂੰ ਭਗਵਾਨ ਵਿਸ਼ਵਕਰਮਾ ਜਯੰਤੀ ਦੀਆਂ ਲੱਖ-ਲੱਖ ਵਧਾਈਆਂ ਦਿੱਤੀਆਂ। ਇਸ ਮੌਕੇ ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਇਹ ਦਿਨ ਸਿਰਫ਼ ਪੂਜਾ ਦਾ ਨਹੀਂ, ਸਗੋਂ ਹੱਥਾਂ ਦੇ ਹੁਨਰ ਅਤੇ ਕਿਰਤ ਦੇ ਸਨਮਾਨ ਦਾ ਦਿਨ ਹੈ। ਭਗਵਾਨ ਵਿਸ਼ਵਕਰਮਾ ਜੀ ਨੂੰ ਸ੍ਰਿਸ਼ਟੀ ਦਾ ਪਹਿਲਾ ਸ਼ਿਲਪਕਾਰ ਅਤੇ ਇੰਜੀਨੀਅਰ ਮੰਨਿਆ ਜਾਂਦਾ ਹੈ ਅਤੇ ਉਨ੍ਹਾਂ ਦਾ ਸੰਦੇਸ਼ ਸਪੱਸ਼ਟ ਹੈ ਕਿ ਜੋ ਆਪਣੇ ਹੱਥਾਂ ਨਾਲ ਕੁਝ ਰਚਦਾ ਹੈ, ਉਹੀ ਸਮਾਜ ਦਾ ਅਸਲ ਨਿਰਮਾਤਾ ਹੈ।

ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਨੇ ਵੀ ÷ਕਿਰਤ ਕਰੋ, ਨਾਮ ਜਪੋ, ਵੰਡ ਛਕੋ÷ ਦਾ ਸੰਦੇਸ਼ ਦਿੱਤਾ ਹੈ। ਪੰਜਾਬ ਦੀ ਧਰਤੀ ਦੀ ਪਛਾਣ ਹੀ ਮਿਹਨਤ ਨਾਲ ਹੈ ਅਤੇ ਇਸ ਮਿਹਨਤ ਦੀ ਰੀੜ੍ਹ ਦੀ ਹੱਡੀ ਸਾਡੇ ਕਾਰੀਗਰ ਭਰਾ ਹਨ। ਪਿੰਡ ਦੀ ਗਲੀ ਤੋਂ ਲੈ ਕੇ ਵੱਡੇ ਕਾਰਖ਼ਾਨਿਆਂ ਤੱਕ, ਹਲ ਦੇ ਫਾਲੇ ਤੋਂ ਲੈ ਕੇ ਘਰ ਦੀ ਛੱਤ ਤੱਕ, ਹਰ ਥਾਂ ਕਿਸੇ ਕਾਰੀਗਰ ਦੇ ਹੱਥਾਂ ਦੀ ਛਾਪ ਹੈ। ਉਨ੍ਹਾਂ ਅਫ਼ਸੋਸ ਜ਼ਾਹਰ ਕੀਤਾ ਕਿ ਦਹਾਕਿਆਂ ਤੱਕ ਇਨ੍ਹਾਂ ਹੱਥਾਂ ਨੂੰ ਸਿਰਫ਼ ਵਧਾਈਆਂ ਮਿਲੀਆਂ, ਸਹੂਲਤਾਂ ਨਹੀਂ ਮਿਲੀਆਂ।

ਸੂਬਾ ਪ੍ਰਧਾਨ ਢਿੱਲੋਂ ਨੇ ਕਿਹਾ ਕਿ ਇਸ ਸੋਚ ਨੂੰ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਜੀ ਨੇ ਬਦਲਿਆ। ਪੀ.ਐੱਮ. ਵਿਸ਼ਵਕਰਮਾ ਯੋਜਨਾ ਰਾਹੀਂ ਪਰੰਪਰਾਗਤ ਕਾਰੀਗਰਾਂ ਨੂੰ ਪਛਾਣ-ਪੱਤਰ, ਹੁਨਰ ਸਿਖਲਾਈ, ਆਧੁਨਿਕ ਸੰਦਾਂ ਲਈ ਸਹਾਇਤਾ ਅਤੇ ਸਸਤਾ ਕਰਜ਼ਾ ਮੁਹੱਈਆ ਕਰਵਾਇਆ ਗਿਆ ਹੈ। ਮੋਦੀ ਜੀ ਦਾ ਸੁਨੇਹਾ ਹੈ ਕਿ ਕਾਰੀਗਰ ਸਹਾਇਤਾ ਦਾ ਮੁਥਾਜ ਨਹੀਂ, ਸਗੋਂ ਦੇਸ਼ ਦੇ ਨਿਰਮਾਣ ਦਾ ਭਾਈਵਾਲ ਹੈ।

ਉਨ੍ਹਾਂ ਪੰਜਾਬ ਦੇ ਹਰ ਕਾਰੀਗਰ ਭਰਾ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਯੋਜਨਾਵਾਂ ਦਾ ਲਾਭ ਜ਼ਰੂਰ ਲੈਣ। ਉਨ੍ਹਾਂ ਭਰੋਸਾ ਦਿਵਾਇਆ ਕਿ ਭਾਰਤੀ ਜਨਤਾ ਪਾਰਟੀ ਦਾ ਹਰ ਵਰਕਰ ਇਸ ਕੰਮ ਵਿੱਚ ਉਨ੍ਹਾਂ ਦੇ ਨਾਲ ਖੜ੍ਹਾ ਹੈ।

ਅੰਤ ਵਿੱਚ ਸ. ਢਿੱਲੋਂ ਨੇ ਕਿਹਾ ਕਿ ਪੰਜਾਬ ਨੂੰ ਮੁੜ ਖ਼ੁਸ਼ਹਾਲ ਬਣਾਉਣਾ ਹੈ ਤਾਂ ਸ਼ੁਰੂਆਤ ਹੁਨਰਮੰਦ ਹੱਥਾਂ ਦੇ ਸਨਮਾਨ ਤੋਂ ਹੋਵੇਗੀ।÷ ਉਨ੍ਹਾਂ ਇੱਕ ਵਾਰ ਫਿਰ ਸਮੂਹ ਸੰਗਤ ਨੂੰ ਭਗਵਾਨ ਵਿਸ਼ਵਕਰਮਾ ਜੀ ਦੇ ਪ੍ਰਕਾਸ਼ ਦਿਹਾੜੇ ਦੀਆਂ ਵਧਾਈਆਂ ਦਿੱਤੀਆਂ। ਇਸ ਮੌਕੇ ਕੇਵਲ ਸਿੰਘ ਢਿੱਲੋਂ ਨੇ ਲੋੜਵੰਦਾਂ ਨੂੰ ਸਿਲਾਈ ਮਸ਼ੀਨਾਂ ਵੀ ਵੰਡੀਆਂ। ਬਾਬਾ ਵਿਸ਼ਵਕਰਮਾ ਭਵਨ ਦੀ ਪ੍ਰਬੰਧਕ ਕਮੇਟੀ ਅਤੇ ਅਹੁਦੇਦਾਰਾਂ ਵੱਲੋਂ ਕੇਵਲ ਸਿੰਘ ਢਿੱਲੋਂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ।

ਇਸ ਮੌਕੇ ਭਾਜਪਾ ਦੇ ਸੂਬਾ ਜਨਰਲ ਸਕੱਤਰ ਰਜਨੀਸ਼ ਧੀਮਾਨ, ਸੂਬਾ ਖਜ਼ਾਨਚੀ ਗੁਰਦੇਵ ਦੇਬੀ ਸ਼ਰਮਾ, ਜ਼ਿਲ੍ਹਾ ਪ੍ਰਧਾਨ ਸੁਨੀਲ ਮੌਦਗਿਲ, ਪ੍ਰਵੀਨ ਬਾਂਸਲ , ਅਮਰਜੀਤ ਸਿੰਘ ਟਿੱਕਾ, ਗੁਰਦੀਪ ਸਿੰਘ ਗੋਸ਼ਾ, ਨਵਲ ਜੈਨ, ਡਾ.ਸਤੀਸ਼ ਕੁਮਾਰ ਸਮੇਤ ਵੱਡੀ ਗਿਣਤੀ ਵਿੱਚ ਬੀਜੇਪੀ ਆਗੂ ਤੇ ਵਰਕਰ ਹਾਜ਼ਰ ਸਨ।

ਗੁਰਦੁਆਰਾ ਬਾਬਾ ਬੈਰਸੀਆਣਾ ਸਾਹਿਬ ਵਿਖੇ ਨਤਮਸਤਕ ਹੋਏ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ

➢ ਗੁਰਦੁਆਰਾ ਸਾਹਿਬ ਵਿਖੇ ਦੀਵੇ ਜਗਾਏ ਅਤੇ ਅਮਨ-ਸ਼ਾਂਤੀ ਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ➢ ਜਨਤਾ ਜਨਾਰਦਨ ਗਊਸ਼ਾਲਾ ਵਿਖੇ ਗਊਆਂ ਨੂੰ ਗੁੜ ਖੁਆਇਆ, ਪ੍ਰਬੰਧਕਾਂ ਦੇ ਸੇਵਾ ਕਾਰਜਾਂ ਦੀ ਕੀਤੀ ਸ਼ਲਾਘਾ

ਦਿੜ੍ਹਬਾ, 10 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਦੀਵਾਲੀ ਅਤੇ ਬੰਦੀ ਛੋੜ ਦਿਵਸ ਦੇ ਸ਼ੁਭ ਮੌਕੇ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦਿੜ੍ਹਬਾ ਦੇ ਵੱਖ-ਵੱਖ ਧਾਰਮਿਕ ਅਸਥਾਨਾਂ ਵਿਖੇ ਨਤਮਸਤਕ ਹੋਏ। ਉਨ੍ਹਾਂ ਨੇ ਗੁਰਦੁਆਰਾ ਬਾਬਾ ਬੈਰਸੀਆਣਾ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਮੱਥਾ ਟੇਕਿਆ ਅਤੇ ਅਮਨ-ਸ਼ਾਂਤੀ ਤੇ ਸਰਬੱਤ ਦੇ ਭਲੇ ਲਈ



ਅਰਦਾਸ ਕੀਤੀ। ਇਸ ਮੌਕੇ ਉਨ੍ਹਾਂ ਨੇ ਗੁਰਦੁਆਰਾ ਸਾਹਿਬ ਵਿਖੇ ਦੀਵੇ ਵੀ ਜਗਾਏ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿੱਤ ਮੰਤਰੀ ਨੇ ਸੰਗਤ ਨੂੰ ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀ ਵਧਾਈ ਦਿੱਤੀ। ਸ੍ਰ ਚੀਮਾ ਨੇ ਕਿਹਾ ਕਿ ਅਜਿਹੇ ਪਵਿੱਤਰ ਦਿਹਾੜੇ ਸਾਨੂੰ ਸਾਂਝੀਵਾਲਤਾ ਅਤੇ ਆਪਸੀ ਭਾਈਚਾਰੇ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨ ਦੀ ਪ੍ਰੇਰਨਾ ਦਿੰਦੇ ਹਨ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਸਾਨੂੰ ਸੇਵਾ ਕਰਨ ਅਤੇ ਸਰਬੱਤ ਦਾ ਭਲਾ ਮੰਗਣ ਦਾ ਰਾਹ ਦਿਖਾਉਂਦੀਆਂ ਹਨ।

ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਉਨ੍ਹਾਂ ਦੇ ਓ.ਐੱਸ.ਡੀ. ਤਪਿੰਦਰ ਸਿੰਘ ਸੋਹੀ ਨੂੰ ਸਿਰੋਪਾਓ ਵੀ ਦਿੱਤਾ ਗਿਆ।

ਇਸ ਉਪਰੰਤ ਵਿੱਤ ਮੰਤਰੀ ਨੇ ਜਨਤਾ ਜਨਾਰਦਨ ਗਊਸ਼ਾਲਾ ਵਿਖੇ ਪਹੁੰਚ ਕੇ ਗਊਆਂ ਨੂੰ ਗੁੜ ਖੁਆਇਆ। ਗਊਸ਼ਾਲਾ ਦੇ ਪ੍ਰਬੰਧਕਾਂ ਦੇ ਉਪਰਾਲਿਆਂ ਦੀ ਸ਼ਲਾਘਾ ਕਰਦਿਆਂ ਸ੍ਰ ਚੀਮਾ ਨੇ ਕਿਹਾ ਕਿ ਗਊਆਂ ਦੀ ਸੇਵਾ ਅਤੇ ਦੇਖਭਾਲ ਕਰਨਾ ਇੱਕ ਨੇਕ ਕਾਰਜ ਹੈ। ਉਨ੍ਹਾਂ ਨੇ ਇਸ ਸੇਵਾ ਲਈ ਪ੍ਰਬੰਧਕਾਂ ਨੂੰ ਵਧਾਈ ਦਿੱਤੀ।

ਇਸ ਮੌਕੇ ਵਿੱਤ ਮੰਤਰੀ ਦੇ ਓ.ਐੱਸ.ਡੀ. ਤਪਿੰਦਰ ਸਿੰਘ ਸੋਹੀ, ਸ਼ਹਿਰੀ ਪ੍ਰਧਾਨ ਧਰਮਪਾਲ ਗਰਗ, ਟਰੱਕ ਯੂਨੀਅਨ ਦੇ ਪ੍ਰਧਾਨ ਅਜੇ ਸਿੰਗਲਾ, ਪ੍ਰਦੀਪ ਕੁਮਾਰ ਅਤੇ ਹੋਰ ਪਤਵੰਤੇ ਹਾਜ਼ਰ ਸਨ।

ਕਣਕ ਵਿੱਚ ਗ੍ਰੀਨ ਅਮੋਨੀਆ ਦੀ ਵਰਤੋਂ ਦਾ ਖੇਤ ਪੱਧਰੀ ਪਰਖ ਰਾਹੀਂ ਕੀਤਾ ਜਾ ਰਿਹਾ ਹੈ ਵਿਗਿਆਨਕ ਮੁਲਾਂਕਣ

ਸੰਗਰੂਰ, 10 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀ.ਏ.ਯੂ.) ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਵੱਲੋਂ ਚਲਾਈ ਜਾ ਰਹੀ 'ਖੇਤ ਬਚਾਓ ਮੁਹਿੰਮ' ਤਹਿਤ ਜ਼ਿਲ੍ਹੇ ਵਿੱਚ ਕਣਕ ਦੀ ਫ਼ਸਲ ਲਈ ਯੂਰੀਆ ਖਾਦ ਦੇ ਸੰਭਾਵੀ ਵਿਕਲਪ ਵਜੋਂ ਗ੍ਰੀਨ ਅਮੋਨੀਆ ਦੀ ਪਰਖ ਕੀਤੀ ਜਾ ਰਹੀ ਹੈ। ਇਸ ਦਾ ਉਦੇਸ਼ ਇਹ ਜਾਣਨਾ ਹੈ ਕਿ ਗ੍ਰੀਨ ਅਮੋਨੀਆ ਕਣਕ ਦੀ ਫ਼ਸਲ ਨੂੰ ਨਾਈਟ੍ਰੋਜਨ ਮੁਹੱਈਆ ਕਰਵਾਉਣ ਵਿੱਚ ਕਿੰਨਾ ਕਾਰਗਰ ਹੈ ਅਤੇ ਇਸ ਦੀ ਵਰਤੋਂ ਦਾ ਫ਼ਸਲ ਦੇ ਵਾਧੇ ਤੇ ਝਾੜ ਉੱਤੇ ਕੀ ਅਸਰ ਪੈਂਦਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ



ਪੀ.ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਦੇ ਇੰਚਾਰਜ ਡਾ. ਮਨਦੀਪ ਸਿੰਘ ਨੇ ਦੱਸਿਆ ਕਿ ਇਹ ਮੁਲਾਂਕਣ ਸਿਰਫ਼ ਖੇਤ ਪੱਧਰੀ ਪਰਖ (ਆਨ-ਫਾਰਮ ਟੈਸਟਿੰਗ ਜਾਂ ਓ.ਐੱਫ.ਟੀ.) ਤੱਕ ਸੀਮਤ ਹੈ। ਇਹ ਪਰਖ ਭਾਰਤੀ ਖੇਤੀਬਾੜੀ ਖੋਜ ਪ੍ਰਿਸ਼ਦ ਦੇ ਖੇਤੀਬਾੜੀ ਤਕਨਾਲੋਜੀ ਅਨੁਪ੍ਰਯੋਗ ਖੋਜ ਸੰਸਥਾਨ (ਅਟਾਰੀ), ਜ਼ੋਨ-1, ਲੁਧਿਆਣਾ ਅਤੇ ਪੀ.ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਦੇ ਸਾਂਝੇ ਉਪਰਾਲੇ ਤਹਿਤ ਕੀਤੀ ਜਾ ਰਹੀ ਹੈ। ਡਾ. ਮਨਦੀਪ ਸਿੰਘ ਨੇ ਕਿਹਾ ਕਿ ਕਿਸੇ ਵੀ ਸਿਫ਼ਾਰਸ਼ ਬਾਰੇ ਵਿਚਾਰ ਕਰਨ ਤੋਂ ਪਹਿਲਾਂ ਖੇਤਾਂ ਦੀਆਂ ਅਸਲ ਹਾਲਤਾਂ ਵਿੱਚ ਇਸ ਦੀ ਉਪਯੋਗਤਾ ਦਾ ਵਿਗਿਆਨਕ ਮੁਲਾਂਕਣ ਕਰਨਾ ਜ਼ਰੂਰੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਵੱਲੋਂ ਕਣਕ ਦੀ ਫ਼ਸਲ ਵਿੱਚ ਗ੍ਰੀਨ ਅਮੋਨੀਆ ਦੀ ਵਰਤੋਂ ਲਈ ਹਾਲੇ ਕੋਈ ਸਿਫ਼ਾਰਸ਼ ਨਹੀਂ ਕੀਤੀ ਗਈ ਹੈ।

ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਖੇਤ ਪੱਧਰੀ ਪਰਖ ਦੇ ਆਧਾਰ 'ਤੇ ਗ੍ਰੀਨ ਅਮੋਨੀਆ ਨੂੰ ਯੂਰੀਆ ਦਾ ਸਿਫ਼ਾਰਸ਼ਸ਼ੁਦਾ ਬਦਲ ਨਾ ਸਮਝਣ। ਕਿਸਾਨ ਕਣਕ ਵਿੱਚ ਨਾਈਟ੍ਰੋਜਨ ਦੇ ਪ੍ਰਬੰਧਨ ਲਈ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੀਆਂ ਮੌਜੂਦਾ ਸਿਫ਼ਾਰਸ਼ਾਂ ਦੀ ਹੀ ਪਾਲਣਾ ਕਰਨ।

ਪੰਜਾਬ ਦੇ ਨੌਜਵਾਨਾਂ ਨੂੰ ਹਥਿਆਰਬੰਦ ਸੈਨਾਵਾਂ ਵਿੱਚ ਸ਼ਾਮਲ ਹੋਣ ਅਤੇ ਆਧੁਨਿਕ ਫ਼ੌਜੀ ਟੈਕਨੋਲੋਜੀ ਨੂੰ ਸਮਝਣ ਲਈ ਪ੍ਰੇਰਿਤ ਕਰਨ 'ਤੇ ਕੇਂਦ੍ਰਿਤ ਕਰਨ ਲਈ ਲੇਕ ਕਲੱਬ ਵਿਖੇ ਤਿੰਨ ਦਿਨਾਂ ਦਾ ਸਮਾਗਮ

ਚੰਡੀਗੜ੍ਹ, 10 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

15 ਨਵੰਬਰ ਤੱਕ ਚੰਡੀਗੜ੍ਹ ਲੇਕ ਕਲੱਬ ਵਿਖੇ ਮਿਲਟਰੀ ਲਿਟਰੇਚਰ ਫੈਸਟੀਵਲ ਦੇ 10ਵੇਂ ਐਡੀਸ਼ਨ ਦੀ ਮੇਜ਼ਬਾਨੀ ਕਰੇਗਾ, ਜਿਸ ਵਿੱਚ ਪੰਜਾਬ ਦੇ ਨੌਜਵਾਨਾਂ ਨੂੰ ਹਥਿਆਰਬੰਦ ਸੈਨਾਵਾਂ ਨਾਲ ਜੋੜਨ ਅਤੇ ਉਨ੍ਹਾਂ ਨੂੰ ਦੇਸ਼ ਦੀ ਸੇਵਾ ਕਰਨ ਲਈ ਪ੍ਰੇਰਿਤ ਕਰਨ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ। ਇਹ ਐਲਾਨ ਲੈਫਟੀਨੈਂਟ ਜਨਰਲ ਟੀਐੱਸ ਸ਼ੇਰਗਿੱਲ (ਸੇਵਾਮੁਕਤ) ਨੇ ਪੰਜਾਬ ਭਵਨ ਵਿਖੇ ਇੱਕ ਪ੍ਰੈੱਸ ਕਾਨਫਰੰਸ ਦੌਰਾਨ ਕੀਤਾ। ਉਨ੍ਹਾਂ ਨੇ ਕਿਹਾ ਕਿ 2017 ਵਿੱਚ ਸ਼ੁਰੂ ਹੋਇਆ ਇਹ ਫੈਸਟੀਵਲ ਫ਼ੌਜੀ ਇਤਿਹਾਸ, ਪਰੰਪਰਾਵਾਂ ਅਤੇ ਰਾਸ਼ਟਰੀ ਰੱਖਿਆ ਬਾਰੇ ਜਾਗਰੂਕਤਾ ਨੂੰ ਹੁਲਾਰਾ ਦੇਣ ਲਈ ਇੱਕ ਮਹੱਤਵਪੂਰਨ ਪਲੇਟਫਾਰਮ ਬਣ ਗਿਆ ਹੈ।

ਲੈਫਟੀਨੈਂਟ ਜਨਰਲ ਟੀਐੱਸ ਸ਼ੇਰਗਿੱਲ (ਸੇਵਾਮੁਕਤ) ਨੇ ਕਿਹਾ ਕਿ ਇਸ ਸਮਾਗਮ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਹਥਿਆਰਬੰਦ ਸੈਨਾਵਾਂ, ਫ਼ੌਜੀ ਸੇਵਾਵਾਂ ਅਤੇ ਰੱਖਿਆ ਖੇਤਰ ਵਿੱਚ ਅਵਸਰਾਂ ਤੋਂ ਜਾਣੂ ਕਰਵਾਉਣਾ ਹੈ। ਵਿਦਿਆਰਥੀਆਂ ਵਿੱਚ ਵਧੇਰੇ ਭਾਗੀਦਾਰੀ ਨੂੰ ਹੁਲਾਰਾ ਦੇਣ ਲਈ ਪੰਜਾਬ ਯੂਨੀਵਰਸਿਟੀ ਅਤੇ ਅੰਮ੍ਰਿਤਸਰ ਦੇ ਖਾਲਸਾ ਕਾਲਜ ਸਮੇਤ ਵਿੱਦਿਅਕ ਸੰਸਥਾਵਾਂ ਵਿੱਚ ਪਹਿਲਾਂ ਹੀ ਕਈ ਆਊਟਰੀਚ ਪ੍ਰੋਗਰਾਮ ਆਯੋਜਿਤ ਕੀਤੇ ਜਾ ਚੁੱਕੇ ਹਨ। ਉਨ੍ਹਾਂ ਨੇ ਕਿਹਾ ਕਿ ਇਹ ਫੈਸਟੀਵਲ ਯੁੱਧ ਦੇ ਬਦਲਦੇ ਸਰੂਪ ਅਤੇ ਆਧੁਨਿਕ ਫ਼ੌਜੀ ਕਾਰਵਾਈਆਂ ਵਿੱਚ ਟੈਕਨੋਲੋਜੀ ਦੇ ਵਧ ਰਹੇ ਮਹੱਤਵ ਨੂੰ ਵੀ ਉਜਾਗਰ ਕਰੇਗਾ। ਯੁਵਾ ਪ੍ਰਤੀਭਾਗੀਆਂ ਨੂੰ ਉੱਭਰ ਰਹੀਆਂ ਰੱਖਿਆ ਟੈਕਨੋਲੋਜੀਆਂ ਅਤੇ ਹਥਿਆਰਬੰਦ ਬਲਾਂ ਨੂੰ ਆਕਾਰ ਦੇਣ ਵਾਲੇ ਘਟਨਾਕ੍ਰਮ ਤੋਂ ਜਾਣੂ ਕਰਵਾਉਣ ਦੇ ਪ੍ਰਯਾਸ ਕੀਤੇ ਜਾ ਰਹੇ ਹਨ।

ਲੈਫਟੀਨੈਂਟ ਜਨਰਲ ਟੀਐੱਸ ਸ਼ੇਰਗਿੱਲ (ਸੇਵਾਮੁਕਤ) ਨੇ ਉਮੀਦ ਪ੍ਰਗਟਾਈ ਕਿ ਬੜੀ ਸੰਖਿਆ ਵਿੱਚ ਨੌਜਵਾਨ ਤਿੰਨ ਦਿਨਾਂ ਦੇ ਇਸ ਸਮਾਗਮ ਵਿੱਚ ਹਿੱਸਾ ਲੈਣਗੇ ਅਤੇ ਫ਼ੌਜੀ ਸੇਵਾ ਅਤੇ ਰਾਸ਼ਟਰੀ ਸੁਰੱਖਿਆ ਦੀ ਡੂੰਘੀ ਸਮਝ ਵਿਕਸਿਤ ਕਰਨਗੇ।

ਸੰਗਰੂਰ ਵਿੱਚ 23 ਨਵੰਬਰ ਨੂੰ ਲੱਗੇਗੀ ਜ਼ਿਲ੍ਹਾ ਪੱਧਰੀ ਪੈਨਸ਼ਨ ਅਦਾਲਤ

ਸੰਗਰੂਰ, 10 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਡਿਪਟੀ ਕਮਿਸ਼ਨਰ, ਸੰਗਰੂਰ, ਪੂਨਮਦੀਪ ਕੌਰ, ਆਈ.ਏ.ਐੱਸ., ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਪੈਨਸ਼ਨਰਾਂ ਅਤੇ ਪਰਿਵਾਰਕ ਪੈਨਸ਼ਨਰਾਂ ਦੀਆਂ ਪੈਨਸ਼ਨ ਸਬੰਧੀ ਸ਼ਿਕਾਇਤਾਂ ਦੀ ਸੁਣਵਾਈ ਅਤੇ ਨਿਪਟਾਰੇ ਲਈ 23 ਨਵੰਬਰ ਨੂੰ ਸੰਗਰੂਰ ਵਿਖੇ ਜ਼ਿਲ੍ਹਾ ਪੱਧਰੀ ਪੈਨਸ਼ਨ ਅਦਾਲਤ ਲਗਾਈ ਜਾਵੇਗੀ। ਇਹ ਅਦਾਲਤ ਆਡੀਟੋਰੀਅਮ ਹਾਲ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਲੱਗੇਗੀ। ਉਨ੍ਹਾਂ ਦੱਸਿਆ ਕਿ 'ਆਡਿਟ ਦਿਵਸ' ਮੌਕੇ ਇਹ ਅਦਾਲਤ ਮਹਾਂਲੇਖਾਕਾਰ (ਲੇਖਾ ਤੇ ਹੱਕਦਾਰੀ), ਪੰਜਾਬ, ਚੰਡੀਗੜ੍ਹ ਦੇ ਦਫ਼ਤਰ ਵੱਲੋਂ ਪੰਜਾਬ ਸਰਕਾਰ ਦੇ ਸਹਿਯੋਗ ਨਾਲ ਲਗਾਈ ਜਾ ਰਹੀ ਹੈ। ਅਦਾਲਤ ਵਿੱਚ ਪੈਨਸ਼ਨਰਾਂ ਦੀਆਂ ਸ਼ਿਕਾਇਤਾਂ ਸਬੰਧਤ ਅਧਿਕਾਰੀਆਂ ਦੀ ਹਾਜ਼ਰੀ ਵਿੱਚ ਸੁਣੀਆਂ ਜਾਣਗੀਆਂ ਅਤੇ ਉਨ੍ਹਾਂ ਦੇ ਨਿਪਟਾਰੇ ਲਈ ਲੋੜੀਂਦੀ ਕਾਰਵਾਈ ਕੀਤੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਅਦਾਲਤ ਵਿੱਚ ਪੈਨਸ਼ਨ ਮਨਜ਼ੂਰ ਕਰਨ ਵਾਲੇ ਅਧਿਕਾਰੀ, ਸਬੰਧਤ ਵਿਭਾਗਾਂ ਦੇ ਡਰਾਇੰਗ ਤੇ ਡਿਸਬਰਸਿੰਗ ਅਫ਼ਸਰ (ਡੀ.ਡੀ.ਓ.), ਜ਼ਿਲ੍ਹਾ ਖ਼ਜ਼ਾਨਾ ਦਫ਼ਤਰ ਅਤੇ ਸਬੰਧਤ ਬੈਂਕਾਂ ਦੇ ਅਧਿਕਾਰੀ ਹਾਜ਼ਰ ਰਹਿਣਗੇ। ਮਹਾਂਲੇਖਾਕਾਰ ਦਫ਼ਤਰ ਦੇ ਨੁਮਾਇੰਦੇ ਵੀ ਅਦਾਲਤ ਵਿੱਚ ਸ਼ਾਮਲ ਹੋਣਗੇ ਤਾਂ ਜੋ ਸ਼ਿਕਾਇਤਾਂ ਦੀ ਪੜਤਾਲ ਅਤੇ ਨਿਪਟਾਰੇ ਲਈ ਸਬੰਧਤ ਅਧਿਕਾਰੀਆਂ ਨਾਲ ਤਾਲਮੇਲ ਕੀਤਾ ਜਾ ਸਕੇ। ਪੂਨਮਦੀਪ ਕੌਰ ਨੇ ਅਪੀਲ ਕੀਤੀ ਕਿ ਜਿਨ੍ਹਾਂ ਪੈਨਸ਼ਨਰਾਂ ਜਾਂ ਪਰਿਵਾਰਕ ਪੈਨਸ਼ਨਰਾਂ ਦੀ ਕੋਈ ਪੈਨਸ਼ਨ ਸਬੰਧੀ ਸ਼ਿਕਾਇਤ ਬਕਾਇਆ ਹੈ, ਉਹ 23 ਨਵੰਬਰ ਤੋਂ ਪਹਿਲਾਂ ਆਪਣੀ ਅਰਜ਼ੀ ਡਿਪਟੀ ਕਮਿਸ਼ਨਰ ਦਫ਼ਤਰ, ਸੰਗਰੂਰ ਵਿਖੇ ਦਸਤੀ ਜਮ੍ਹਾਂ ਕਰਵਾ ਸਕਦੇ ਹਨ ਜਾਂ ਡਾਕ ਰਾਹੀਂ ਭੇਜ ਸਕਦੇ ਹਨ। ਅਰਜ਼ੀ ਈਮੇਲ ਰਾਹੀਂ dc.sgr@punjab.gov.in Ü» ceadcofficesangrur@gmail.com 'ਤੇ ਵੀ ਭੇਜੀ ਜਾ ਸਕਦੀ ਹੈ।

ਜ਼ਿਲ੍ਹਾ ਮੈਜਿਸਟ੍ਰੇਟ ਨੇ ਜ਼ਿਲ੍ਹੇ 'ਚ ਵੱਖ-ਵੱਖ ਪਾਬੰਦੀਆਂ ਦੇ ਹੁਕਮ ਕੀਤੇ ਜਾਰੀ

ਹੁਸ਼ਿਆਰਪੁਰ, 10 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਜ਼ਿਲ੍ਹਾ ਮੈਜਿਸਟ੍ਰੇਟ ਆਸ਼ਿਕਾ ਜੈਨ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹੇ ਵਿੱਚ ਵੱਖ-ਵੱਖ ਪਾਬੰਦੀਆਂ ਦੇ ਹੁਕਮ ਜਾਰੀ ਕੀਤੇ ਗਏ ਹਨ।

ਜਾਰੀ ਹੁਕਮਾਂ ਵਿਚ ਅਨੁਸਾਰ ਜ਼ਿਲ੍ਹੇ ਦੀ ਹਦੂਦ ਅੰਦਰ ਕੋਈ ਵੀ ਵਿਅਕਤੀ ਜਨਤਕ ਇਕੱਠਾਂ, ਧਾਰਮਿਕ ਸਥਾਨਾਂ, ਵਿਆਹ ਪਾਰਟੀਆਂ/ਸ਼ਾਦੀਆਂ, ਮੈਰਿਜ ਪੈਲਸਾਂ ਜਾਂ ਹੋਰ ਸਮਾਗਮਾਂ ਵਿਚ ਹਥਿਆਰ ਲੈ ਕੇ ਨਹੀਂ ਚੱਲੇਗਾ ਅਤੇ ਹਥਿਆਰਾਂ ਦੀ ਜਨਤਕ/ਸੋਸ਼ਲ ਮੀਡੀਆ ਰਾਹੀਂ ਪ੍ਰਦਰਸ਼ਨੀ 'ਤੇ ਪੂਰਨ ਪਾਬੰਦੀ ਹੋਵੇਗੀ ਅਤੇ ਨਾਲ ਹੀ ਹਥਿਆਰ ਜਾਂ ਹਿੰਸਾ ਦੀ ਵਡਿਆਈ ਕਰਨ ਵਾਲੇ ਗੀਤਾਂ ਨੂੰ ਵਜਾਉਣ 'ਤੇ ਵੀ ਪੂਰਨ ਪਾਬੰਦੀ ਹੋਵੇਗੀ। ਇਨ੍ਹਾਂ ਹੁਕਮਾਂ ਦੀ ਉਲੰਘਣਾ ਦੀ ਸੂਰਤ ਵਿਚ ਬਣਦੀ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਇਸ ਤੋਂ ਇਲਾਵਾ ਮੈਰਿਜ ਪੈਲਸਾਂ ਦੇ ਮਾਲਕ ਇਹ ਯਕੀਨੀ ਬਣਾਉਣਗੇ ਕਿ ਕੋਈ ਵੀ ਵਿਅਕਤੀ ਮੈਰਿਜ ਪੈਲਸਾਂ ਵਿਚ ਫੰਕਸ਼ਨ ਸਮੇਂ ਹਥਿਆਰ ਦੀ ਵਰਤੋਂ ਨਹੀਂ ਕਰੇਗਾ।

ਇਸੇ ਤਰ੍ਹਾਂ ਜ਼ਿਲ੍ਹੇ ਦੇ ਸਮੂਹ ਪਿੰਡਾਂ ਦੇ ਸਰਪੰਚਾਂ ਨੂੰ ਹਦਾਇਤ ਕੀਤੀ ਗਈ ਹੈ ਕਿ ਰਾਤ ਸਮੇਂ ਪਿੰਡਾਂ ਵਿਚ ਠੀਕਰੀ ਪਹਿਰਾ ਲਾਇਆ ਜਾਵੇ ਤਾਂ ਜੋ ਸ਼ਰਾਰਤੀ



ਅਨਸਰਾਂ ਵਲੋਂ ਲੁੱਟਾਂ-ਖੋਹਾਂ ਅਤੇ ਚੋਰੀ ਦੀਆਂ ਘਟਨਾਵਾਂ ਨੂੰ ਰੋਕਿਆ ਜਾ ਸਕੇ।

ਇਸ ਤੋਂ ਇਲਾਵਾ ਜ਼ਿਲ੍ਹੇ ਦੀ ਹਦੂਦ ਅੰਦਰ ਗੈਰ-ਕਾਨੂੰਨੀ ਹੁੱਕਾ ਬਾਰ ਚਲਾਉਣ 'ਤੇ ਵੀ ਪਾਬੰਦੀ ਰਹੇਗੀ ਕਿਉਂਕਿ ਅਜਿਹੇ ਹੁੱਕਾ ਬਾਰ ਅੰਦਰ ਤੰਬਾਕੂ, ਸਿਗਰੇਟ ਅਤੇ ਮਨੁੱਖੀ ਸਰੀਰ ਨੂੰ ਨੁਕਸਾਨ ਪਹੁੰਚਾਉਣ ਵਾਲੇ ਕੈਮੀਕਲਾਂ ਦਾ ਇਸਤੇਮਾਲ ਕੀਤਾ ਜਾਂਦਾ ਹੈ, ਜੋ ਮਨੁੱਖੀ ਸਿਹਤ ਲਈ ਕਾਫੀ ਘਾਤਕ ਸਿੱਧ ਹੁੰਦਾ ਹੈ ਅਤੇ ਸਮਾਜ ਵਿਚ ਵੀ ਮਾੜਾ ਅਸਰ ਪੈਂਦਾ ਹੈ। ਇਕ ਹੋਰ ਹੁਕਮ ਜਾਰੀ ਕਰਦਿਆਂ ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਸੀਮਨ ਦਾ ਅਣ-ਅਧਿਕਾਰਤ ਤੌਰ 'ਤੇ ਭੰਡਾਰਨ ਕਰਨ, ਟਰਾਂਸਪੋਰਟੇਸ਼ਨ ਕਰਨ, ਵਰਤਣ ਜਾਂ ਵੇਚਣ 'ਤੇ ਵੀ ਪਾਬੰਦੀ ਲਗਾਈ ਗਈ ਹੈ। ਇਹ ਪਾਬੰਦੀ ਪਸ਼ੂ ਪਾਲਣ ਵਿਭਾਗ ਦੀਆਂ ਸਮੂਹ ਵੈਟਰਨਰੀ ਸੰਸਥਾਵਾਂ ਸਮੇਤ ਪਸ਼ੂ ਹਸਪਤਾਲ/ਡਿਸਪੈਂਸਰੀਆਂ ਅਤੇ ਪੋਲੀਕਲੀਨਿਕ, ਪਸ਼ੂ ਪਾਲਣ ਵਿਭਾਗ ਪੰਜਾਬ, ਮਿਲਕਫੈਡ ਅਤੇ ਕਾਲਜ ਆਫ਼ ਵੈਟਰਨਰੀ ਸਾਇੰਸ, ਗਡਵਾਸੂ ਲੁਧਿਆਣਾ ਦੇ ਆਰਟੀਫੀਸ਼ਲ ਇਨਸੈਮੀਨੇਸ਼ਨ ਸੈਂਟਰ, ਕੋਈ ਹੋਰ ਆਰਟੀਫੀਸ਼ਲ ਇਨਸੈਮੀਨੇਸ਼ਨ ਸੈਂਟਰ ਜੋ ਕਿ ਪਸ਼ੂ ਪਾਲਣ ਵਿਭਾਗ, ਪੰਜਾਬ ਵੱਲੋਂ ਪ੍ਰੋਸੈਸ ਅਤੇ ਸਪਲਾਈ ਜਾਂ ਇੰਪੋਰਟ ਕੀਤੇ ਗਏ ਬੋਵਾਇਨ ਸੀਮਨ ਨੂੰ ਵਰਤ ਰਹੇ ਹਨ, ਪ੍ਰੋਗਰੈਸਿਵ ਡੇਅਰੀ ਫਾਰਮਜ਼ ਐਸੋਸੀਏਸ਼ਨ, ਪੰਜਾਬ ਦੇ ਮੈਂਬਰ, ਜਿਨ੍ਹਾਂ ਨੇ ਕੇਵਲ ਆਪਣੇ ਪਸ਼ੂਆਂ ਦੀ ਵਰਤੋਂ ਲਈ ਬੋਵਾਇਨ ਸੀਮਨ ਇੰਪੋਰਟ ਕੀਤਾ ਹੋਵੇ 'ਤੇ ਲਾਗੂ ਨਹੀਂ ਹੋਵੇਗੀ।

ਇਕ ਹੋਰ ਹੁਕਮ ਜਾਰੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਅੰਦਰ ਬਿਨ੍ਹਾਂ ਐਸ.ਡੀ.ਐਮਜ਼ ਦੀ ਪ੍ਰਵਾਨਗੀ ਤੋਂ ਕਿਸੇ ਕਿਸਮ ਦਾ ਜਲੂਸ ਕੱਢਣ, ਪੰਜ ਜਾਂ ਪੰਜ ਤੋਂ ਵੱਧ ਵਿਅਕਤੀਆਂ ਦੀ ਇਕੱਤਰਤਾ, ਨਾਅਰੇਬਾਜੀ, ਲਾਠੀਆਂ, ਗੈਰ ਲਾਈਸੰਸੀ ਅਸਲਾ, ਤੇਜਧਾਰ ਚਾਕੂਆਂ ਆਦਿ ਨੂੰ ਲੈ ਕੇ ਚੱਲਣ 'ਤੇ ਪਾਬੰਦੀ ਲਗਾਈ ਗਈ ਹੈ। ਇਹ ਹੁਕਮ ਸਰਕਾਰੀ ਸਮਾਗਮਾਂ, ਕਾਨਫਰੰਸਾਂ, ਮੀਟਿੰਗਾਂ ਆਦਿ 'ਤੇ ਲਾਗੂ ਨਹੀਂ ਹੋਵੇਗਾ। ਕੋਈ ਵੀ ਸਿਆਸੀ ਪਾਰਟੀ ਵਲੋਂ ਰੈਲੀ/ਜਲਸਾ ਕਰਨ ਤੋਂ ਪਹਿਲਾਂ ਸਬੰਧੀ ਐਸ.ਡੀ.ਐਮ. ਤੋਂ ਲਿਖਤੀ ਮਨਜ਼ੂਰੀ ਲੈਣੀ ਜ਼ਰੂਰੀ ਹੋਵੇਗੀ। ਇਹ ਸਾਰੇ ਹੁਕਮ 7 ਜਨਵਰੀ, 2027 ਤੱਕ ਲਾਗੂ ਰਹਿਣਗੇ।

ਪਰਬਤਾਰੋਹੀ ਰਾਮ ਚੰਦਰ ਨੇ ਨੌਜਵਾਨਾਂ ਨੂੰ ਦਿੱਤਾ ਨਸ਼ਾ ਮੁਕਤ ਸਮਾਜ ਦਾ ਸੰਦੇਸ਼

ਫਾਜਿਲਕਾ, 10 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਯੁਵਾ ਕਾਰਜਕ੍ਰਮ ਅਤੇ ਖੇਡ ਮੰਤਰਾਲਾ, ਭਾਰਤ ਸਰਕਾਰ ਦੇ MY Bharat ਦੇ ਤੱਤਵਾਵਧਾਨ ਹੇਠ 6 ਨਵੰਬਰ 2026 ਨੂੰ ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਧਰਾਂਗਵਾਲਾ ਵਿਖੇ ਨੇਬਰਹੁੱਡ ਯੂਥ ਪਾਰਲੀਮੈਂਟ 2026-27 ਦਾ ਆਯੋਜਨ ਕੀਤਾ ਗਿਆ। ਬਲਾਕ ਅਬੋਹਰ, ਜ਼ਿਲ੍ਹਾ ਫਾਜ਼ਿਲਕਾ ਵਿੱਚ ਆਯੋਜਿਤ ਇਸ ਪ੍ਰੋਗਰਾਮ ਦਾ ਮੁੱਖ ਵਿਸ਼ਾ 'ਨਸ਼ਾ ਮੁਕਤ ਯੁਵਾ' ਰਿਹਾ। ਇਹ ਪ੍ਰੋਗਰਾਮ MY Bharat ਦੀ ਜ਼ਿਲ੍ਹਾ ਟੀਮ ਦੀ ਅਗਵਾਈ ਹੇਠ ਮਨੀਸ਼ਾ ਮੈਮ ਦੀ ਅਗਵਾਈ ਵਿੱਚ ਅਤੇ ਸਕੂਲ ਦੇ ਪ੍ਰਿੰਸੀਪਲ ਬਲਜਿੰਦਰ ਸਿੰਘ ਬਰਾੜ ਦੇ ਮਾਰਗਦਰਸ਼ਨ ਵਿੱਚ ਆਯੋਜਿਤ ਕੀਤਾ ਗਿਆ।

ਪ੍ਰੋਗਰਾਮ ਵਿੱਚ ਅੰਤਰਰਾਸ਼ਟਰੀ ਪਰਬਤਾਰੋਹੀ ਰਾਮ ਚੰਦਰ ਮੁੱਖ ਬੁਲਾਰੇ ਵਜੋਂ ਸ਼ਾਮਲ ਹੋਏ। ਉਨ੍ਹਾਂ ਨੇ ਵਿਦਿਆਰਥੀਆਂ ਨਾਲ ਆਪਣੇ ਪਰਬਤਾਰੋਹਣ ਦੇ ਸਾਹਸਿਕ ਤਜਰਬੇ ਸਾਂਝੇ ਕੀਤੇ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ, ਸਾਹਸਿਕ ਗਤੀਵਿਧੀਆਂ ਅਤੇ ਸਮਾਜਿਕ ਕੰਮਾਂ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਜੀਵਨ ਵਿੱਚ ਅਨੁਸ਼ਾਸਨ, ਦ੍ਰਿੜ੍ਹ ਸੰਕਲਪ ਅਤੇ ਸਕਾਰਾਤਮਕ ਸੋਚ ਰਾਹੀਂ ਵੱਡੇ ਟੀਚੇ ਹਾਸਲ ਕੀਤੇ ਜਾ ਸਕਦੇ ਹਨ।

ਇਸ ਮੌਕੇ 11ਵੀਂ ਅਤੇ 12ਵੀਂ ਜਮਾਤ ਦੇ ਵਿਦਿਆਰਥੀਆਂ ਲਈ 'ਨਸ਼ਾ ਮੁਕਤ ਯੁਵਾ' ਵਿਸ਼ੇ 'ਤੇ ਪੋਸਟਰ ਅਤੇ ਚਾਰਟ ਮੇਕਿੰਗ ਮੁਕਾਬਲਾ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਮੁਕਾਬਲੇ ਦੇ ਜੇਤੂਆਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਪ੍ਰੋਗਰਾਮ ਦੇ ਅੰਤ ਵਿੱਚ ਵਿਦਿਆਰਥੀਆਂ ਲਈ ਜਲਪਾਨ ਦਾ ਪ੍ਰਬੰਧ ਵੀ ਕੀਤਾ ਗਿਆ।ਸਕੂਲ ਦੇ ਅਧਿਆਪਕ ਰਮੇਸ਼ ਕੁਮਾਰ, ਕੁਲਜੀਤ ਸਿੰਘ, ਸ਼ਿਵਿੰਦਰ ਭਾਰਦਵਾਜ ਅਤੇ ਵਿਜੇ ਕੁਮਾਰ ਨੇ ਇਸ ਜਾਗਰੂਕਤਾ ਮੁਹਿੰਮ ਦੀ ਸ਼ਲਾਘਾ ਕੀਤੀ ਅਤੇ ਨੌਜਵਾਨਾਂ ਨੂੰ ਨਸ਼ੇ ਵਰਗੀ ਸਮਾਜਿਕ ਬੁਰਾਈ ਤੋਂ ਦੂਰ ਰੱਖਣ ਲਈ ਕੀਤੇ ਜਾ ਰਹੇ ਯਤਨਾਂ ਨੂੰ ਮਹੱਤਵਪੂਰਨ ਦੱਸਿਆ।

ਪ੍ਰੋਗਰਾਮ ਦਾ ਉਦੇਸ਼ ਨੌਜਵਾਨਾਂ ਵਿੱਚ ਨਸ਼ਿਆਂ ਪ੍ਰਤੀ ਜਾਗਰੂਕਤਾ ਵਧਾਉਣਾ, ਉਨ੍ਹਾਂ ਨੂੰ ਸਕਾਰਾਤਮਕ ਗਤੀਵਿਧੀਆਂ ਨਾਲ ਜੋੜਨਾ ਅਤੇ ਇੱਕ ਸਿਹਤਮੰਦ ਤੇ ਨਸ਼ਾ ਮੁਕਤ ਸਮਾਜ ਦੀ ਉਸਾਰੀ ਲਈ ਪ੍ਰੇਰਿਤ ਕਰਨਾ ਰਿਹਾ।

ਪਵਿੱਤਰ ਸ੍ਰੀ ਅਯੁੱਧਿਆ ਧਾਮ ਵਿਖੇ ਪ੍ਰਭੂ ਸ੍ਰੀ ਰਾਮ ਲੱਲਾ ਜੀ ਵਿਖੇ ਨਤਮਸਤਕ ਹੋਏ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ



ਸ੍ਰੀ ਅਨੰਦਪੁਰ ਸਾਹਿਬ, 10 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਪਵਿੱਤਰ ਧਾਮ ਸ੍ਰੀ ਅਯੁੱਧਿਆ ਵਿਖੇ ਪ੍ਰਭੂ ਸ੍ਰੀ ਰਾਮ ਲੱਲਾ ਜੀ ਦੇ ਦਿਵਯ ਦਰਸ਼ਨ ਕਰਨ ਦਾ ਸੁਭਾਗ ਪ੍ਰਾਪਤ ਕੀਤਾ। ਇਸ ਮੌਕੇ ਉਨ੍ਹਾਂ ਨੇ ਮਰਿਆਦਾ ਪੁਰਸ਼ੋਤਮ ਪ੍ਰਭੂ ਸ੍ਰੀ ਰਾਮ ਜੀ ਦੇ ਚਰਨਾਂ ਵਿੱਚ ਨਤਮਸਤਕ ਹੋ ਕੇ ਸਰਬੱਤ ਦੇ ਭਲੇ, ਪੰਜਾਬ ਦੀ ਖੁਸ਼ਹਾਲੀ ਅਤੇ ਦੇਸ਼ ਦੀ ਤਰੱਕੀ ਲਈ ਅਰਦਾਸ ਕੀਤੀ। ਉਨ੍ਹਾਂ ਨੇ ਇਸ ਪਵਿੱਤਰ ਅਸਥਾਨ ਦੇ ਦਰਸ਼ਨਾਂ ਨੂੰ ਆਪਣੇ ਜੀਵਨ ਦਾ ਯਾਦਗਾਰੀ ਅਤੇ ਸੁਭਾਗਾ ਪਲ ਦੱਸਿਆ।

ਇਸ ਮੌਕੇ ਆਪਣੇ ਵਿਚਾਰ ਸਾਂਝੇ ਕਰਦਿਆਂ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪਵਿੱਤਰ ਸ੍ਰੀ ਅਯੁੱਧਿਆ ਧਾਮ ਵਿਖੇ ਪ੍ਰਭੂ ਸ੍ਰੀ ਰਾਮ ਲੱਲਾ ਜੀ ਦੇ ਦਰਸ਼ਨ ਕਰਨਾ ਉਨ੍ਹਾਂ ਲਈ ਬੇਹੱਦ ਭਾਵੁਕ ਅਤੇ ਆਤਮਿਕ ਅਨੁਭਵ ਰਿਹਾ। ਪ੍ਰਭੂ ਸ੍ਰੀ ਰਾਮ ਜੀ ਦੇ ਜੀਵਨ ਤੋਂ ਸਾਨੂੰ ਸੱਚਾਈ, ਤਿਆਗ, ਮਰਿਆਦਾ, ਸੇਵਾ ਅਤੇ ਫਰਜ਼ ਨਿਭਾਉਣ ਦੀ ਪ੍ਰੇਰਨਾ ਮਿਲਦੀ ਹੈ। ਉਨ੍ਹਾਂ ਕਿਹਾ ਕਿ ਪ੍ਰਭੂ ਸ੍ਰੀ ਰਾਮ ਜੀ ਦੇ ਆਦਰਸ਼ ਮਨੁੱਖਤਾ ਨੂੰ ਹਮੇਸ਼ਾ ਸਹੀ ਰਸਤੇ 'ਤੇ ਚੱਲਣ ਦਾ ਸੰਦੇਸ਼ ਦਿੰਦੇ ਹਨ।

ਉਨ੍ਹਾਂ ਕਿਹਾ ਕਿ ਸ੍ਰੀ ਅਯੁੱਧਿਆ ਧਾਮ ਵਿਖੇ ਪਹੁੰਚ ਕੇ ਜੋ ਆਤਮਿਕ ਸ਼ਾਂਤੀ ਅਤੇ ਸਕੂਨ ਮਿਲਿਆ ਹੈ, ਉਸ ਨੂੰ ਸ਼ਬਦਾਂ ਵਿੱਚ ਬਿਆਨ ਕਰਨਾ ਮੁਸ਼ਕਿਲ ਹੈ। ਇਹ ਪਵਿੱਤਰ ਧਰਤੀ ਕਰੋੜਾਂ ਸ਼ਰਧਾਲੂਆਂ ਦੀ ਆਸਥਾ ਅਤੇ ਸ਼ਰਧਾ ਦਾ ਕੇਂਦਰ ਹੈ।

ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਅਜਿਹੇ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਮਨੁੱਖ ਨੂੰ ਆਪਣੇ ਜੀਵਨ ਵਿੱਚ ਚੰਗੇ ਕਰਮ ਕਰਨ, ਸਮਾਜ ਦੀ ਸੇਵਾ ਕਰਨ ਅਤੇ ਆਪਸੀ ਭਾਈਚਾਰਕ ਸਾਂਝ ਨੂੰ ਮਜ਼ਬੂਤ ਬਣਾਉਣ ਦੀ ਪ੍ਰੇਰਨਾ ਦਿੰਦੇ ਹਨ। ਉਨ੍ਹਾਂ ਪ੍ਰਭੂ ਸ੍ਰੀ ਰਾਮ ਜੀ ਅੱਗੇ ਸਮੁੱਚੀ ਲੋਕਾਈ ਦੀ ਸੁੱਖ-ਸ਼ਾਂਤੀ ਅਤੇ ਚੜ੍ਹਦੀ ਕਲਾ ਲਈ ਪ੍ਰਾਰਥਨਾ ਕੀਤੀ।

ਵਿਸ਼ੇਸ਼ ਲੋੜਾਂ ਵਾਲੇ ਵਿਦਿਆਰਥੀਆਂ ਨੇ ਵਿਲੱਖਣ ਪ੍ਰਤਿਭਾ ਨਾਲ ਸਭ ਦਾ ਮਨ ਮੋਹਿਆ

ਤਰਨ ਤਾਰਨ, 10 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਆਪਣੀ ਜ਼ਿੰਦਗੀ ਨੂੰ ਔਖੇ ਹੋ ਕੇ ਜਿਊਣ ਲਈ ਮਜ਼ਬੂਰ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਨੇ ਆਪਣੀ ਵਿਲੱਖਣ ਪ੍ਰਤਿਭਾ ਨਾਲ ਇਹ ਸਾਬਿਤ ਕਰ ਦਿੱਤਾ ਕਿ ਉਹ ਕਿਸੇ ਦੇ ਰਹਿਮ ਜਾਂ ਤਰਸ ਦੇ ਮੁਹਤਾਜ਼ ਨਹੀਂ ਹਨ। ਉਹ ਇੰਨੀ ਕਾਬਲੀਅਤ ਰੱਖਦੇ ਹਨ ਕਿ ਆਪਣੀ ਜ਼ਿੰਦਗੀ ਨੂੰ ਬਿਹਤਰੀਨ ਤਰੀਕੇ ਨਾਲ ਜਿਊ ਸਕਦੇ ਹਨ।

ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀਮੈਂਟਰੀ) ਰਜਿੰਦਰ ਕੌਰ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਤਰਨ ਤਾਰਨ ਵਿਖੇ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਵੱਲੋਂ ਆਪਣੀ ਅਣਥੱਕ ਮਿਹਨਤ ਨਾਲ ਤਿਆਰ ਕੀਤੇ ਗਏ ਸਾਮਾਨ ਦੀ ਪ੍ਰਦਰਸ਼ਨੀ ਵਿੱਚ ਸਮੁੱਚੇ ਸਟਾਫ ਨੇ ਸ਼ਿਰਕਤ ਕੀਤੀ।

ਇਸ ਮੌਕੇ ਗੱਲਬਾਤ ਕਰਦਿਆਂ ਰਜਿੰਦਰ ਕੌਰ ਨੇ ਦੱਸਿਆ ਕਿ ਤਰਨ ਤਾਰਨ ਦੇ ਜੰਡਿਆਲਾ ਰੋਡ ਵਿਖੇ



ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਨੂੰ ਸਮਰਪਿਤ ਸਮਰਪਣ ਨਾਮ ਦੀ ਸੰਸਥਾ ਪ੍ਰਿੰਸੀਪਲ ਅਮਨਪ੍ਰੀਤ ਕੌਰ ਵੱਲੋਂ ਵਿਸ਼ੇਸ਼ ਤੌਰ 'ਤੇ ਲੋਕ ਭਲਾਈ ਦੇ ਕੰਮਾਂ ਲਈ ਚਲਾਈ ਜਾ ਰਹੀ ਹੈ। ਜ਼ਿਕਰਯੋਗ ਹੈ ਕਿ ਉਨ੍ਹਾਂ ਦਾ ਆਪਣਾ ਬੇਟਾ ਵੀ ਇਨ੍ਹਾਂ ਬੱਚਿਆਂ ਵਿੱਚ ਸ਼ਾਮਲ ਹੈ ਅਤੇ ਉਹ ਹਰੇਕ ਬੱਚੇ ਨੂੰ ਆਪਣੇ ਬੱਚੇ ਵਾਂਗ ਹੀ ਪਿਆਰ ਕਰਦੇ ਹਨ, ਉਨ੍ਹਾਂ ਲਈ ਪੂਰੀ ਤਨਦੇਹੀ ਨਾਲ ਮਿਹਨਤ ਕਰਦੇ ਹਨ ਅਤੇ ਉਨ੍ਹਾਂ ਨੂੰ ਕੁਝ ਵੱਖਰਾ ਕਰ ਗੁਜ਼ਰਨ ਲਈ ਪ੍ਰੇਰਿਤ ਕਰਦੇ ਰਹਿੰਦੇ ਹਨ। ਇਸੇ ਮਿਹਨਤ ਸਦਕਾ ਇਨ੍ਹਾਂ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਨੇ ਆਪਣੀ ਕਾਬਲੀਅਤ ਦਾ ਲੋਹਾ ਮਨਵਾਉਂਦਿਆਂ ਐਸੀ ਸੋਹਣੀ ਕਲਾਕਾਰੀ ਪੇਸ਼ ਕੀਤੀ ਕਿ ਲੋਕ ਵਾਹ-ਵਾਹ ਕਰ ਉੱਠੇ। ਰਜਿੰਦਰ ਕੌਰ ਨੇ ਕਿਹਾ ਕਿ ਵਿਸ਼ੇਸ਼ ਲੋੜਾਂ ਵਾਲੇ ਵਿਦਿਆਰਥੀਆਂ ਲਈ ਸਮਾਜ ਦੇ ਨੁਮਾਇੰਦਿਆਂ ਨੂੰ ਵਿਸ਼ੇਸ਼ ਉਪਰਾਲੇ ਕਰਨ ਦੀ ਜ਼ਰੂਰਤ ਹੈ । ਇਨ੍ਹਾਂ ਵਿਦਿਆਰਥੀਆਂ ਉੱਪਰ ਕੀਤੀ ਗਈ ਥੋੜ੍ਹੀ ਜਿਹੀ ਮਿਹਨਤ ਨਾਲ ਇਹ ਵਿਦਿਆਰਥੀ ਅਸਮਾਨ ਦੀਆਂ ਬੁਲੰਦੀਆਂ ਨੂੰ ਛੂਹ ਸਕਦੇ ਹਨ।

ਇਸ ਮੌਕੇ ਜ਼ਿਲ੍ਹਾ ਸਿੱਖਿਆ ਦਫ਼ਤਰ (ਐਲੀਮੈਂਟਰੀ) ਅਤੇ ਜ਼ਿਲ੍ਹਾ ਸਿੱਖਿਆ ਦਫ਼ਤਰ (ਸੈਕੰਡਰੀ) ਤੋਂ ਸਮੁੱਚਾ ਸਟਾਫ਼ ਵਿਸ਼ੇਸ਼ ਤੌਰ 'ਤੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀਮੈਂਟਰੀ) ਦੇ ਨਾਲ ਵਿਸ਼ੇਸ਼ ਤੌਰ 'ਤੇ ਪਹੁੰਚਿਆ ਅਤੇ ਉਨ੍ਹਾਂ ਨੇ ਬੱਚਿਆਂ ਦੁਆਰਾ ਬਣਾਇਆ ਗਿਆ ਸਾਮਾਨ ਬੜੇ ਹੀ ਚਾਅ ਅਤੇ ਪਿਆਰ ਨਾਲ ਖ਼ਰੀਦ ਕੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ।

ਇਸ ਮੌਕੇ ਜ਼ਿਲ੍ਹਾ ਸਿੱਖਿਆ ਦਫ਼ਤਰ (ਸੈਕੰਡਰੀ) ਤੋਂ ਆਦੇਸ਼ ਸਿੰਘ ਸੀਨੀਅਰ ਸਹਾਇਕ, ਤਰਸੇਮ ਸਿੰਘ ਜੂਨੀਅਰ ਸਹਾਇਕ, ਸੰਦੀਪ ਸਿੰਘ ਕਲਰਕ, ਮੁਨੀਸ਼ ਕੁਮਾਰ ਆਈ.ਸੀ.ਟੀ. ਇੰਚਾਰਜ, ਰਮਨਦੀਪ ਕੌਰ ਡਾਟਾ ਐਂਟਰੀ ਆਪਰੇਟਰ, ਜ਼ਿਲ੍ਹਾ ਸਿੱਖਿਆ ਦਫ਼ਤਰ (ਐਲੀਮੈਂਟਰੀ) ਤੋਂ ਸੀਨੀਅਰ ਸਹਾਇਕ ਆਲਮਬੀਰ ਸਿੰਘ, ਜੂਨੀਅਰ ਸਹਾਇਕ ਮੈਡਮ ਰੀਨਾ, ਜ਼ਿਲ੍ਹਾ ਆਰ.ਟੀ.ਈ ਇੰਚਾਰਜ ਰਿਸ਼ਾਂਤ ਸ਼ਰਮਾ, ਜੂਨੀਅਰ ਸਹਾਇਕ ਹਰਪ੍ਰੀਤ ਸਿੰਘ ਗਿੱਲ, ਜ਼ਿਲ੍ਹਾ ਬੁੱਕਸ ਕੋਆਰਡੀਨੇਟਰ ਹਰਪ੍ਰੀਤ ਸਿੰਘ ਖਹਿਰਾ, ਜ਼ਿਲ੍ਹਾ ਐਮ.ਆਈ.ਐਸ ਵਰਿੰਦਰਜੀਤ ਸਿੰਘ, ਸੀਨੀਅਰ ਸਹਾਇਕ ਤਰਸੇਮ ਸਿੰਘ, ਐਮ.ਆਈ.ਐਸ ਰਾਕੇਸ਼ ਕੁਮਾਰ, ਐਸ.ਟੀ.ਆਰ ਇੰਚਾਰਜ ਮੈਡਮ ਸਰਬਜੀਤ ਕੌਰ, ਅਕਾਊਂਟੈਂਟ ਨਵਨੀਤ ਕੌਰ, ਲੀਗਲ ਅਡਵਾਈਜ਼ਰ ਮੈਡਮ ਰਜਨੀ ਤੋਂ ਇਲਾਵਾ ਐਮ.ਆਈ.ਐਸ ਰਾਜਨਦੀਪ ਕੌਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

'ਗੈਂਗਸਟਰਾਂ 'ਤੇ ਵਾਰ': ਅਫ਼ਰੀਕਾ ਤੋਂ ਪਹਿਲੀ ਸਫ਼ਲ ਡਿਪੋਰਟੇਸ਼ਨ ਕਾਰਵਾਈ ਤਹਿਤ ਪੰਜਾਬ ਪੁਲੀਸ ਨੇ ਭਗੌੜੇ ਗੈਂਗਸਟਰ ਗੁਰਵਿੰਦਰ ਅਫਰੀਦੀ ਨੂੰ ਇਥੋਪੀਆ ਤੋਂ ਵਾਪਸ ਭਾਰਤ ਲਿਆਂਦਾ

➢ 10 ਮਹੀਨੇ ਲੰਮੇ ਮਲਟੀ-ਕੌਂਟੀਨੈਂਟਲ ਮੈਨਹੰਟ ਆਪ੍ਰੇਸ਼ਨ ਅਧੀਨ ਵੱਡੀ ਸਫ਼ਲਤਾ ; 30 ਤੋਂ ਵੱਧ ਅਪਰਾਧਕ ਮਾਮਲਿਆਂ ਵਿੱਚ ਲੋੜੀਂਦਾ ਡੋਨੀ ਬੱਲ-ਪ੍ਰਭ ਦਾਸੂਵਾਲ ਗੈਂਗ ਦਾ ਮੁੱਖ ਸਰਗਨਾ ਇਥੋਪੀਆ 'ਚ ਕਾਬੂ ➢ ਰੈੱਡ ਕਾਰਨਰ ਨੋਟਿਸ, ਸੱਤ ਇੰਟਰਪੋਲ ਰੈਫਰੈਂਸਿਜ਼ ਅਤੇ ਬਹੁ-ਏਜੰਸੀ ਤਾਲਮੇਲ ਸਦਕਾ ਗੁਰਵਿੰਦਰ ਅਫਰੀਦੀ ਦੀ ਡਿਪੋਰਟੇਸ਼ਨ ਸੰਭਵ ਹੋਈ; ਮੁਲਜ਼ਮ ਕਤਲ ਦੇ 5 ਕੇਸਾਂ 'ਚ ਸੀ ਲੋੜੀਂਦਾ: ਡੀਜੀਪੀ ਗੌਰਵ ਯਾਦਵ

ਚੰਡੀਗੜ੍ਹ, 10 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਹੇਠ ਵਿੱਢੀ ਮੁਹਿੰਮ 'ਗੈਂਗਸਟਰਾਂ 'ਤੇ ਵਾਰ' ਤਹਿਤ ਅੰਤਰਰਾਸ਼ਟਰੀ ਸੰਗਠਿਤ ਅਪਰਾਧ ਖ਼ਿਲਾਫ਼ ਵੱਡੀ ਸਫ਼ਲਤਾ ਹਾਸਲ ਕਰਦਿਆਂ, ਪੰਜਾਬ ਪੁਲੀਸ ਦੀ ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਨੇ ਕਾਊਂਟਰ ਇੰਟੈਲੀਜੈਂਸ ਦੇ ਓਵਰਸੀਜ਼ ਫਿਊਜਿਟਿਵ ਟਰੈਕਿੰਗ ਐਂਡ ਐਕਸਟਰਾਡੀਸ਼ਨ ਸੈੱਲ (ਓਐੱਫਟੀਈਸੀ) ਨਾਲ ਨਜ਼ਦੀਕੀ ਤਾਲਮੇਲ ਅਤੇ ਕੇਂਦਰੀ ਏਜੰਸੀਆਂ ਦੇ ਸਹਿਯੋਗ ਨਾਲ ਭਗੌੜੇ ਗੈਂਗਸਟਰ ਗੁਰਵਿੰਦਰ ਸਿੰਘ ਉਰਫ਼ ਅਫਰੀਦੀ ਨੂੰ ਇਥੋਪੀਆ ਤੋਂ ਸਫਲਤਾਪੂਰਵਕ ਡਿਪੋਰਟ ਕਰਵਾ ਲਿਆ ਹੈ।

ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲੀਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਡੋਨੀ ਬੱਲ-ਪ੍ਰਭ ਦਾਸੂਵਾਲ ਗੈਂਗ ਦਾ ਮੁੱਖ ਸਰਗਨਾ ਗੁਰਵਿੰਦਰ ਉਰਫ਼ ਅਫ਼ਰੀਦੀ, ਜਿਸ ਨੂੰ ਗ੍ਰਿਫ਼ਤਾਰ ਕਰਵਾਉਣ ਸਬੰਧੀ ਸੂਚਨਾ ਦੇਣ 'ਤੇ ਪੰਜਾਬ ਸਰਕਾਰ ਵੱਲੋਂ 5 ਲੱਖ ਰੁਪਏ ਦਾ ਇਨਾਮ ਐਲਾਨਿਆ ਗਿਆ ਸੀ, ਵਿਦੇਸ਼ ਵਿੱਚ ਬੈਠ ਕੇ ਪੰਜਾਬ ਅੰਦਰ ਟਾਰਗੇਟ ਕਿਲਿੰਗ, ਫਿਰੌਤੀ ਲਈ ਗੋਲੀ ਚਲਾਉਣ ਦੀਆਂ ਵਾਰਦਾਤਾਂ ਨੂੰ ਅੰਜਾਮ ਦੇਣਾ ਅਤੇ ਸੰਗਠਿਤ ਅਪਰਾਧਿਕ ਨੈੱਟਵਰਕ ਚਲਾਉਣ ਵਰਗੀਆਂ ਕਾਰਵਾਈਆਂ ਨੂੰ ਅੰਜਾਮ ਦੇ ਰਿਹਾ ਸੀ। ਉਕਤ ਮੁਲਜ਼ਮ ਪੰਜ ਕਤਲਾਂ, ਇਰਾਦਾ ਕਤਲ, ਫਿਰੌਤੀ ਅਤੇ ਅਸਲਾ ਐਕਟ ਤਹਿਤ ਵੱਖ-ਵੱਖ ਅਪਰਾਧਾਂ ਸਮੇਤ 30 ਤੋਂ ਵੱਧ ਘਿਨਾਉਣੇ ਅਪਰਾਧਕ ਮਾਮਲਿਆਂ ਵਿੱਚ ਲੋੜੀਂਦਾ ਸੀ।

ਪੰਜਾਬ ਪੁਲੀਸ ਹੈੱਡਕੁਆਰਟਰ (ਪੀਪੀਐੱਚਕਿਊ) ਵਿਖੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਡੀਜੀਪੀ ਗੌਰਵ ਯਾਦਵ, ਜਿਨ੍ਹਾਂ ਨਾਲ ਸਪੈਸ਼ਲ ਡੀਜੀਪੀ ਏਜੀਟੀਐੱਫ ਪ੍ਰਮੋਦ ਬਾਨ ਅਤੇ ਸਪੈਸ਼ਲ ਡੀਜੀਪੀ ਕਾਊਂਟਰ ਇੰਟੈਲੀਜੈਂਸ ਅਮਿਤ ਪ੍ਰਸਾਦ ਵੀ ਮੌਜੂਦ ਸਨ, ਨੇ ਦੱਸਿਆ ਕਿ ਪੰਜਾਬ ਪੁਲੀਸ ਵੱਲੋਂ ਕਿਸੇ ਅਫ਼ਰੀਕੀ ਦੇਸ਼ ਤੋਂ ਭਗੌੜੇ ਅਪਰਾਧੀ ਦੀ ਇਹ ਹੁਣ ਤੱਕ ਦੀ ਪਹਿਲੀ ਡਿਪੋਰਟੇਸ਼ਨ ਹੈ, ਜਿਸ ਨਾਲ ਸੂਬੇ ਵਿੱਚ ਸੰਗਠਿਤ ਅਪਰਾਧ ਖ਼ਿਲਾਫ਼ ਵਿੱਢੀ ਸਖ਼ਤ ਮੁਹਿੰਮ ਵਿੱਚ ਇੱਕ ਨਵੀਂ ਸਫ਼ਲਤਾ ਜੁੜ ਗਈ ਹੈ।



ਉਨ੍ਹਾਂ ਕਿਹਾ, ਇਹ ਕਾਰਵਾਈ 'ਆਪਰੇਸ਼ਨ ਸ਼ਾਹਿਦ' ਦੀ ਸਫ਼ਲਤਾ ਨੂੰ ਦਰਸਾਉਂਦੀ ਹੈ—ਜੋ ਖ਼ੁਫ਼ੀਆ ਜਾਣਕਾਰੀ 'ਤੇ ਆਧਾਰਿਤ 10 ਮਹੀਨੇ ਲੰਮਾ ਇੰਟਰਨੈਸ਼ਨਲ ਮੈਨਹੰਟ ਆਪ੍ਰੇਸ਼ਨ ਸੀ, ਜਿਸ ਅਧੀਨ ਲਗਾਤਾਰ ਨਿਗਰਾਨੀ, ਖ਼ੁਫ਼ੀਆ ਜਾਣਕਾਰੀ ਜੁਟਾਉਣਾ ਅਤੇ ਕੌਮੀ ਤੇ ਕੌਮਾਂਤਰੀ ਏਜੰਸੀਆਂ ਦੇ ਨਜ਼ਦੀਕੀ ਤਾਲਮੇਲ ਜ਼ਰੀਏ ਏਸ਼ੀਆ, ਦੱਖਣੀ ਅਮਰੀਕਾ ਤੇ ਅਫ਼ਰੀਕਾ ਦੇ ਕਈ ਦੇਸ਼ਾਂ ਵਿੱਚ ਭਗੌੜੇ ਅਪਰਾਧੀਆਂ ਦੀ ਪੈੜ ਨੱਪਣ ਵਰਗੀਆਂ ਕਾਰਵਾਈਆਂ ਨੂੰ ਅੰਜਾਮ ਦਿੱਤਾ ਗਿਆ।

ਜ਼ਿਕਰਯੋਗ ਹੈ ਕਿ 'ਆਪਰੇਸ਼ਨ ਸ਼ਾਹਿਦ' ਕਾਊਂਟਰ ਇੰਟੈਲੀਜੈਂਸ ਵਿੰਗ ਦੇ ਆਈਜੀਪੀ ਓਐੱਫਟੀਈਸੀ ਅਸ਼ੀਸ਼ ਚੌਧਰੀ ਦੀ ਦੇਖ-ਰੇਖ ਹੇਠ ਚਲਾਇਆ ਗਿਆ, ਜਿਨ੍ਹਾਂ ਨੇ ਕੌਮਾਂਤਰੀ ਤਾਲਮੇਲ ਅਤੇ ਫ਼ਾਲੋ-ਅੱਪ ਯਤਨਾਂ ਦੀ ਅਗਵਾਈ ਕੀਤੀ। ਇਸ ਆਪ੍ਰੇਸ਼ਨ ਦੀ ਕਮਾਨ ਐੱਸਪੀ ਏਜੀਟੀਐੱਫ/ਓਐੱਫਟੀਈਸੀ ਆਪਰੇਸ਼ਨਜ਼ ਬਿਕਰਮਜੀਤ ਸਿੰਘ ਬਰਾੜ ਕੋਲ ਸੀ।

ਆਪਰੇਸ਼ਨ ਦੇ ਵੇਰਵੇ ਸਾਂਝੇ ਕਰਦਿਆਂ ਡੀਜੀਪੀ ਨੇ ਦੱਸਿਆ ਕਿ ਮੁਲਜ਼ਮ ਗੁਰਵਿੰਦਰ ਅਫ਼ਰੀਦੀ 31 ਮਾਰਚ 2025 ਨੂੰ ਮੁੰਬਈ ਹਵਾਈ ਅੱਡੇ ਤੋਂ ਯੂਏਈ ਭੱਜ ਗਿਆ ਸੀ। ਇਸ ਮੰਤਵ ਲਈ ਉਸ ਨੇ ਗੋਰਖਪੁਰ ਦੇ ਕਿਸੇ ਵਸਨੀਕ ਦੇ ਵੇਰਵਿਆਂ 'ਤੇ ਫ਼ਰਜ਼ੀ ਤਰੀਕੇ ਨਾਲ 12 ਫ਼ਰਵਰੀ 2025 ਨੂੰ ਲਖਨਊ, ਉੱਤਰ ਪ੍ਰਦੇਸ਼ ਤੋਂ ਬਣਵਾਏ ਫ਼ਰਜ਼ੀ ਪਾਸਪੋਰਟ ਦੀ ਵਰਤੋਂ ਕੀਤੀ ਸੀ।

ਉਨ੍ਹਾਂ ਦੱਸਿਆ ਕਿ ਮੁਲਜ਼ਮ ਸਮੇਂ-ਸਮੇਂ 'ਤੇ ਵੱਖ-ਵੱਖ ਮਹਾਂਦੀਪਾਂ ਵਿੱਚ ਲੁਕ ਕੇ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਨੂੰ ਲਗਾਤਾਰ ਚਕਮਾ ਦੇ ਰਿਹਾ ਸੀ। ਸ਼ੁਰੂਆਤ ਵਿੱਚ ਯੂਏਈ ਵਿੱਚ ਲੁਕੇ ਰਹਿਣ ਤੋਂ ਬਾਅਦ, ਮੁਲਜ਼ਮ ਗੁਰਵਿੰਦਰ ਅਫ਼ਰੀਦੀ ਨੇ ਇਸਤਾਂਬੁਲ ਰਾਹੀਂ ਮੈਕਸੀਕੋ ਭੱਜਣ ਦੀ ਕੋਸ਼ਿਸ਼ ਕੀਤੀ, ਪਰ ਉਸ ਨੂੰ ਵਾਪਸ ਯੂਏਈ ਡਿਪੋਰਟ ਕਰ ਦਿੱਤਾ ਗਿਆ। ਇਸ ਉਪਰੰਤ ਉਹ ਅਪਰੈਲ 2026 ਵਿੱਚ ਕੀਨੀਆ ਚਲਾ ਗਿਆ, ਜੂਨ 2026 ਵਿੱਚ ਅੰਗੋਲਾ ਅਤੇ ਨਵੰਬਰ 2026 ਵਿੱਚ ਇਥੋਪੀਆ ਚਲਾ ਗਿਆ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਪੰਜਾਬ ਪੁਲੀਸ ਨੇ ਗੁਰਵਿੰਦਰ ਅਫ਼ਰੀਦੀ ਖ਼ਿਲਾਫ਼ ਰੈੱਡ ਕਾਰਨਰ ਨੋਟਿਸ ਜਾਰੀ ਕਰਵਾਇਆ ਸੀ। ਇਸਦੇ ਨਾਲ ਹੀ ਉਸ ਦੀ ਫ਼ਰਜ਼ੀ ਪਛਾਣ ਅਤੇ ਕਾਰਵਾਈਆਂ ਬਾਰੇ ਸਮੇਂ-ਸਮੇਂ 'ਤੇ ਕੇਂਦਰੀ ਏਜੰਸੀਆਂ ਨਾਲ ਜਾਣਕਾਰੀ ਸਾਂਝੀ ਕੀਤੀ ਸੀ ਅਤੇ ਪੁਲਿਸ ਨੇ ਉਸ ਖਿਲਾਫ਼ ਸੱਤ ਇੰਟਰਪੋਲ ਰੈਫ਼ਰੈਂਸ ਵੀ ਜਾਰੀ ਕਰਵਾਏ ਸਨ।

ਏਜੰਸੀਆਂ ਵੱਲੋਂ ਲਗਾਤਾਰ ਕਾਰਵਾਈ ਸਦਕਾ ਉਸ ਨੂੰ 6 ਨਵੰਬਰ 2026 ਨੂੰ ਇਥੋਪੀਆ ਵਿੱਚ ਹਿਰਾਸਤ 'ਚ ਲੈ ਲਿਆ ਗਿਆ ਅਤੇ ਹੁਣ ਉਸਨੂੰ ਭਾਰਤ ਡਿਪੋਰਟ ਕਰ ਦਿੱਤਾ ਗਿਆ ਹੈ।

ਪੰਜਾਬ ਪੁਲੀਸ ਨੇ ਉਸ ਨੂੰ ਨਵੀਂ ਦਿੱਲੀ ਹਵਾਈ ਅੱਡੇ 'ਤੇ ਹਿਰਾਸਤ ਵਿੱਚ ਲੈ ਲਿਆ ਹੈ ਅਤੇ ਅੱਗੇ ਦੀ ਕਾਨੂੰਨੀ ਕਾਰਵਾਈ ਲਈ ਉਸਨੂੰ ਪੰਜਾਬ ਲਿਆਂਦਾ ਜਾ ਰਿਹਾ ਹੈ।

ਡੀਜੀਪੀ, ਪੰਜਾਬ ਨੇ ਏਜੀਟੀਐੱਫ ਅਤੇ ਓਐੱਫਟੀਈਸੀ ਦੀਆਂ ਟੀਮਾਂ ਦੇ ਅਣਥੱਕ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਇਸ ਡਿਪੋਰਟੇਸ਼ਨ ਨੂੰ ਯਕੀਨੀ ਬਣਾਉਣ ਲਈ ਨਿਰਵਿਘਨ ਕੌਮਾਂਤਰੀ ਸਹਿਯੋਗ ਵਾਸਤੇ ਵਿਦੇਸ਼ ਮੰਤਰਾਲੇ, ਗ੍ਰਹਿ ਮੰਤਰਾਲੇ ਅਤੇ ਕੇਂਦਰੀ ਖ਼ੁਫ਼ੀਆ ਤੇ ਜਾਂਚ ਏਜੰਸੀਆਂ ਦਾ ਧੰਨਵਾਦ ਕੀਤਾ।

ਦੱਸਣਯੋਗ ਹੈ ਕਿ ਮੁਲਜ਼ਮ ਗੁਰਵਿੰਦਰ ਅਫ਼ਰੀਦੀ ਪੰਜਾਬ ਅੰਦਰ ਪੰਜ ਸਨਸਨੀਖੇਜ਼ ਕਤਲ ਮਾਮਲਿਆਂ ਵਿੱਚ ਲੋੜੀਂਦਾ ਸੀ, ਜਿਨ੍ਹਾਂ ਵਿੱਚ ਸਰਪੰਚ ਰਾਜਵਿੰਦਰ ਉਰਫ਼ ਰਾਜ ਤਲਵੰਡੀ ਦਾ ਕਤਲ (ਅਕਤੂਬਰ 2024), 12 ਸਾਲਾ ਲੜਕੇ ਗੁਰਸੇਵਕ ਸਿੰਘ ਦਾ ਕਤਲ (ਮਾਰਚ 2025), ਵਿੱਕੀ ਚੁੱਘ ਦਾ ਕਤਲ (ਮਾਰਚ 2025), ਜਸਵੰਤ ਸਿੰਘ ਦਾ ਕਤਲ (ਮਈ 2025) ਅਤੇ ਕਾਂਗਰਸ ਦੇ ਬਲਾਕ ਪ੍ਰਧਾਨ ਗੁਰਮੇਲ ਸਿੰਘ ਦਾ ਕਤਲ (ਸਤੰਬਰ 2025) ਸ਼ਾਮਲ ਹਨ।

ਅੰਮ੍ਰਿਤਪਾਲ ਸਿੰਘ ਨੂੰ ਪੈਰੋਲ ਦੇਣ ਦੇ ਰੌਂਅ 'ਚ ਪੰਜਾਬ ਸਰਕਾਰ



ਚੰਡੀਗੜ੍ਹ, 10 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਸਰਕਾਰ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਨੂੰ ਇੱਕ-ਦੋ ਦਿਨ ਦੀ ਪੈਰੋਲ ਦੇਣ ਦੇ ਰੌਂਅ 'ਚ ਹੈ ਤਾਂ ਜੋ ਸੰਸਦ ਮੈਂਬਰ ਆਪਣੀ ਦਾਦੀ ਚਰਨ ਕੌਰ ਦੇ ਅੰਤਿਮ ਸੰਸਕਾਰ 'ਚ ਸ਼ਾਮਲ ਹੋ ਸਕੇ। ਪਰਿਵਾਰਕ ਮੈਂਬਰਾਂ ਨੇ ਚਰਨ ਕੌਰ ਦੀ ਮ੍ਰਿਤਕ ਦੇਹ ਨੂੰ ਹਸਪਤਾਲ 'ਚ ਰੱਖਿਆ ਹੋਇਆ ਹੈ ਤੇ ਅੰਮ੍ਰਿਤਪਾਲ ਸਿੰਘ ਦੀ ਪੈਰੋਲ ਲਈ ਭਲਕੇ ਅੰਮ੍ਰਿਤਸਰ ਅਦਾਲਤ 'ਚ ਪਟੀਸ਼ਨ ਦਾਇਰ ਕੀਤੀ ਜਾਣੀ ਹੈ। ਪਟੀਸ਼ਨ ਦਾਇਰ ਕਰਕੇ ਦੋ ਜਾਂ ਤਿੰਨ ਦਿਨਾਂ ਦੀ ਪੈਰੋਲ ਦੀ ਮੰਗ ਕੀਤੀ ਜਾਵੇਗੀ।

ਪਰਿਵਾਰ ਨੇ ਸੰਸਦ ਮੈਂਬਰ ਦੀ ਦਾਦੀ ਦਾ ਸਸਕਾਰ ਨਾ ਕਰਨ ਦੀ ਵਿਉਂਤ ਬਣਾਈ ਹੈ। ਉਂਝ ਪਰਿਵਾਰ 15 ਨਵੰਬਰ ਨੂੰ ਸਸਕਾਰ ਕਰਨਾ ਚਾਹੁੰਦਾ ਹੈ ਅਤੇ 17 ਨਵੰਬਰ ਨੂੰ ਭੋਗ ਸਮਾਗਮ ਰੱਖਣ ਦੀ ਸੰਭਾਵਨਾ ਹੈ। ਪਰਿਵਾਰ ਚਾਹੁੰਦਾ ਹੈ ਕਿ ਅੰਮ੍ਰਿਤਪਾਲ ਸਿੰਘ ਸਸਕਾਰ ਤੋਂ ਇਲਾਵਾ ਭੋਗ ਸਮਾਗਮਾਂ 'ਚ ਵੀ ਸ਼ਾਮਲ ਹੋ ਸਕੇ। ਅਹਿਮ ਸੂਤਰਾਂ ਅਨੁਸਾਰ ਮੁੱਖ ਮੰਤਰੀ ਦਫ਼ਤਰ ਨੇ ਅੰਮ੍ਰਿਤਪਾਲ ਸਿੰਘ ਨੂੰ ਦਾਦੀ ਦੇ ਸਸਕਾਰ 'ਚ ਸ਼ਾਮਲ ਹੋਣ ਦੇਣ ਲਈ ਇੱਕ ਦਿਨ ਦੀ ਪੈਰੋਲ ਦੇਣ ਲਈ ਗ਼ੈਰ-ਰਸਮੀ ਤੌਰ 'ਤੇ ਹਾਮੀ ਭਰ ਦਿੱਤੀ ਹੈ ਅਤੇ ਅੰਮ੍ਰਿਤਸਰ ਅਦਾਲਤ 'ਚ ਸੂਬਾ ਸਰਕਾਰ ਵੱਲੋਂ ਪੈਰੋਲ ਦਾ ਵਿਰੋਧ ਕਰਨ ਦੀ ਘੱਟ ਗੁੰਜਾਇਸ਼ ਜਾਪਦੀ ਹੈ।

ਅੰਮ੍ਰਿਤਪਾਲ ਸਿੰਘ ਦੇ ਪਿਤਾ ਤਰਸੇਮ ਸਿੰਘ ਨੇ ਕਿਹਾ ਕਿ ਉਹ ਪੈਰੋਲ ਮਾਮਲੇ 'ਚ ਪਹਿਲਾਂ ਸਰਕਾਰ ਦਾ ਰੁਖ਼ ਦੇਖਣਗੇ ਅਤੇ ਫ਼ਿਲਹਾਲ ਤਿੰਨ ਦਿਨ ਮ੍ਰਿਤਕ ਦੇਹ ਨੂੰ ਰੱਖਣ ਦਾ ਫ਼ੈਸਲਾ ਕੀਤਾ ਹੈ। ਪਤਾ ਲੱਗਿਆ ਹੈ ਕਿ ਇਸ ਬਾਬਤ ਰਾਜਪਾਲ ਨੂੰ ਅਕਾਲੀ ਦਲ ਵਾਰਸ ਪੰਜਾਬ ਦੇ ਜਥੇਬੰਦੀ ਦਾ ਵਫ਼ਦ ਵੀ ਮਿਲਣ ਦਾ ਪ੍ਰੋਗਰਾਮ ਬਣਾ ਰਿਹਾ ਹੈ। ਜਥੇਬੰਦੀ ਆਖ ਚੁੱਕੀ ਹੈ ਕਿ ਜੇ ਡੇਰਾ ਸਿਰਸਾ ਦੇ ਮੁਖੀ ਨੂੰ ਵਾਰ-ਵਾਰ ਪੈਰੋਲ ਦਿੱਤੀ ਜਾ ਸਕਦੀ ਹੈ ਤਾਂ ਲੋਕਾਂ ਦੇ ਚੁਣੇ ਨੁਮਾਇੰਦੇ ਨੂੰ ਕਿਉਂ ਨਹੀਂ।

ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅਤੇ ਅਕਾਲੀ ਦਲ (ਵਾਰਿਸ ਪੰਜਾਬ) ਦੇ ਆਗੂ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਦਾਦੀ ਚਰਨ ਕੌਰ ਦਾ ਲੰਘੀ ਸ਼ਾਮ ਦੇਹਾਂਤ ਹੋ ਗਿਆ ਸੀ। ਪਰਿਵਾਰਕ ਮੈਂਬਰਾਂ ਅਨੁਸਾਰ ਉਹ 84 ਵਰ੍ਹਿਆਂ ਦੇ ਸਨ ਅਤੇ ਕੁਝ ਮਹੀਨਿਆਂ ਤੋਂ ਬਿਮਾਰ ਸਨ। ਅੰਮ੍ਰਿਤਪਾਲ ਸਿੰਘ ਤੋਂ ਇਲਾਵਾ ਉਨ੍ਹਾਂ ਦੇ ਚਾਚਾ ਹਰਜੀਤ ਸਿੰਘ ਅਤੇ ਉਨ੍ਹਾਂ ਦਾ ਇਕ ਹੋਰ ਰਿਸ਼ਤੇਦਾਰ ਸੁਖਮਨਜੀਤ ਸਿੰਘ ਵੀ ਜੇਲ੍ਹ ਵਿੱਚ ਨਜ਼ਰਬੰਦ ਹੈ। ਪਰਿਵਾਰਕ ਸੂਤਰਾਂ ਅਨੁਸਾਰ ਮਾਤਾ ਚਰਨ ਕੌਰ ਦਾ ਸਸਕਾਰ ਉਨ੍ਹਾਂ ਦੇ ਪੁੱਤਰ ਹਰਜੀਤ ਸਿੰਘ, ਪੋਤਰੇ ਅੰਮ੍ਰਿਤਪਾਲ ਸਿੰਘ ਅਤੇ ਉਨ੍ਹਾਂ ਦੇ ਦੋਹਤੇ ਸੁਖਮਨਜੀਤ ਸਿੰਘ ਦੀ ਹਾਜ਼ਰੀ ਵਿੱਚ ਹੀ ਕੀਤਾ ਜਾਵੇਗਾ। ਅੰਮ੍ਰਿਤਪਾਲ ਸਿੰਘ ਨੂੰ ਸਸਕਾਰ 'ਚ ਸ਼ਾਮਲ ਹੋਣ ਦੀ ਇਜਾਜ਼ਤ ਦਿਵਾਉਣ ਲਈ ਵਕੀਲਾਂ ਨੇ ਕਾਨੂੰਨੀ ਚਾਰਾਜੋਈ ਦੀ ਤਿਆਰੀ ਸ਼ੁਰੂ ਕਰ ਦਿੱਤੀ ਹੈ। ਇਸ ਸਬੰਧੀ 10 ਨਵੰਬਰ ਨੂੰ ਸਥਾਨਕ ਅਦਾਲਤ ਵਿੱਚ ਜ਼ਮਾਨਤ ਲਈ ਅਰਜ਼ੀ ਦਾਇਰ ਕੀਤੀ ਜਾਵੇਗੀ। ਇਸ ਸਬੰਧੀ ਐਡਵੋਕੇਟ ਹਰਜੋਤ ਸਿੰਘ ਮਾਨ ਅਤੇ ਐਡਵੋਕੇਟ ਕਰਮਵੀਰ ਸਿੰਘ ਸਮੇਤ ਵਕੀਲਾਂ ਦੇ ਪੈਨਲ ਨੇ ਅੰਮ੍ਰਿਤਸਰ ਕੋਰਟ ਕੰਪਲੈਕਸ 'ਚ ਪ੍ਰੈੱਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੰਮ੍ਰਿਤਪਾਲ ਸਿੰਘ ਨੂੰ ਉਨ੍ਹਾਂ ਦੀ ਦਾਦੀ ਦੇ ਸਸਕਾਰ ਵਿੱਚ ਸ਼ਾਮਲ ਹੋਣ ਦਾ ਮੌਕਾ ਦੇਣ ਲਈ ਕਾਨੂੰਨੀ ਪੱਖ ਰੱਖਿਆ ਜਾਵੇਗਾ।

ਭਗਵੰਤ ਮਾਨ ਸਰਕਾਰ ਵੱਲੋਂ ਡਿਜੀਟਲ ਸਿੱਖਿਆ ਵਿੱਚ ਇਤਿਹਾਸਕ ਵਿਸਤਾਰ; ਪੰਜਾਬ ਦੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਮਹਿਜ਼ 1 ਸਾਲ ਵਿੱਚ 56,183 ਕੰਪਿਊਟਰ ਦਿੱਤੇ

➢ 40,003 ਕੰਪਿਊਟਰ ਪਹਿਲਾਂ ਹੀ ਇਸ ਸਾਲ ਦੇ ਸ਼ੁਰੂ ਵਿੱਚ ਪ੍ਰਦਾਨ ਕੀਤੇ ਗਏ, ਪੰਜਾਬ ਸਿੱਖਿਆ ਕ੍ਰਾਂਤੀ ਤਹਿਤ 1 ਦਸੰਬਰ ਤੱਕ 16,180 ਹੋਰ ਕੰਪਿਊਟਰ ਦਿੱਤੇ ਜਾਣਗੇ ਜਿਸ ਨਾਲ ਕੰਪਿਊਟਰਾਂ ਦੀ ਕੁੱਲ ਗਿਣਤੀ 56,183 ਹੋ ਜਾਵੇਗੀ ➢ ਹਰ ਬੱਚਾ, ਭਾਵੇਂ ਉਸ ਦਾ ਪਿਛੋਕੜ ਕੋਈ ਵੀ ਹੋਵੇ, ਮਿਆਰੀ ਸਿੱਖਿਆ ਅਤੇ ਆਧੁਨਿਕ ਤਕਨਾਲੋਜੀ ਤੱਕ ਪਹੁੰਚ ਦਾ ਹੱਕਦਾਰ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

ਚੰਡੀਗੜ੍ਹ, 10 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਆਪਣੇ ਪ੍ਰਮੁੱਖ ਪ੍ਰੋਗਰਾਮ 'ਸਿੱਖਿਆ ਕ੍ਰਾਂਤੀ' ਤਹਿਤ ਪੰਜਾਬ ਭਰ ਦੇ ਸਰਕਾਰੀ ਸਕੂਲਾਂ ਵਿੱਚ ਡਿਜੀਟਲ ਬਦਲਾਅ ਲਿਆਉਣ ਲਈ ਅਹਿਮ ਕਦਮ ਚੁੱਕੇ ਜਾ ਰਹੇ ਹਨ। ਇਸੇ ਤਹਿਤ, ਇਸ ਸਾਲ ਦੀ ਸ਼ੁਰੂਆਤ ਵਿੱਚ ਲਗਭਗ 396 ਕਰੋੜ ਰੁਪਏ ਦੇ ਨਿਵੇਸ਼ ਨਾਲ 40,003 ਡੈਸਕਟਾਪ ਕੰਪਿਊਟਰ ਮੁਹੱਈਆ ਕਰਵਾਏ ਗਏ। ਹੁਣ ਇਸ ਪਹਿਲਕਦਮੀ ਦੇ ਦੂਜੇ ਪੜਾਅ ਦਾ ਵਿਸਤਾਰ ਕੀਤਾ ਜਾ ਰਿਹਾ ਹੈ ਜਿਸ ਤਹਿਤ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਲਈ 16,180 ਹੋਰ ਡੈਸਕਟਾਪ ਕੰਪਿਊਟਰ ਮੁਹੱਈਆ ਕਰਵਾਏ ਜਾਣਗੇ, ਜਿਸ ਨਾਲ ਕੰਪਿਊਟਰਾਂ ਦੀ ਗਿਣਤੀ 56,183 ਹੋ ਜਾਵੇਗੀ। ਦੂਜੇ ਪੜਾਅ ਲਈ ਕੰਪਿਊਟਰਾਂ ਦੀ ਡਿਲਿਵਰੀ ਅਤੇ ਸਥਾਪਤ ਕਰਨ ਦੀ ਪ੍ਰਕਿਰਿਆ 2 ਨਵੰਬਰ ਤੋਂ 1 ਦਸੰਬਰ, 2026 ਤੱਕ ਨਿਰਧਾਰਤ ਕੀਤੀ ਗਈ ਹੈ। 'ਸਿੱਖਿਆ ਕ੍ਰਾਂਤੀ' ਤਹਿਤ 2,004 ਹੋਰ ਸਰਕਾਰੀ ਸਕੂਲਾਂ ਵਿੱਚ ਕੰਪਿਊਟਰ ਲੈਬਾਂ ਸਥਾਪਤ ਕੀਤੀਆਂ ਜਾਣਗੀਆਂ, ਜਦਕਿ ਇਸ ਵਰ੍ਹੇ ਦੇ ਸ਼ੁਰੂ ਵਿੱਚ ਕੰਪਿਊਟਰ ਲੈਬਾਂ ਸਥਾਪਤ ਕੀਤੇ ਗਏ ਸਕੂਲਾਂ ਦੀ ਗਿਣਤੀ 5,064 ਤੱਕ ਪਹੁੰਚ ਚੁੱਕੀ ਹੈ।

ਇਸ ਬਾਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਹਰ ਬੱਚਾ, ਭਾਵੇਂ ਉਸਦਾ ਪਿਛੋਕੜ ਕੋਈ ਵੀ ਹੋਵੇ, ਮਿਆਰੀ ਸਿੱਖਿਆ ਅਤੇ ਇਸ ਨਾਲ ਸਬੰਧਤ ਮੌਕਿਆਂ ਤੱਕ ਪਹੁੰਚ ਦਾ ਹੱਕਦਾਰ ਹੈ। ਪੰਜਾਬ ਸਿੱਖਿਆ ਕ੍ਰਾਂਤੀ ਰਾਹੀਂ, ਅਸੀਂ ਸਰਕਾਰੀ ਸਕੂਲਾਂ ਵਿੱਚ ਅਹਿਮ ਬਦਲਾਅ ਲਿਆ ਰਹੇ ਹਾਂ ਅਤੇ ਕਲਾਸਰੂਮਾਂ ਨੂੰ ਆਧੁਨਿਕ ਤਕਨਾਲੋਜੀ ਨਾਲ ਲੈਸ ਕਰ ਰਹੇ ਹਾਂ। ਸਾਡਾ ਦ੍ਰਿਸ਼ਟੀਕੋਣ ਸਪੱਸ਼ਟ ਹੈ ਕਿ ਪੰਜਾਬ ਦੇ ਹਰ ਬੱਚੇ ਕੋਲ ਬਿਹਤਰ ਭਵਿੱਖ ਬਣਾਉਣ ਲਈ ਸਾਧਨ, ਵਿਸ਼ਵਾਸ ਅਤੇ ਬਰਾਬਰ ਮੌਕੇ ਹੋਣ।

ਇਸ ਦੌਰਾਨ, ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ, ਪੰਜਾਬ ਸਿੱਖਿਆ ਕ੍ਰਾਂਤੀ ਨਾ ਸਿਰਫ਼ ਸਾਡੇ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਬਦਲ ਰਹੀ ਹੈ, ਸਗੋਂ ਉਨ੍ਹਾਂ ਵਿੱਚ ਪੜ੍ਹਦੇ ਹਰ ਬੱਚੇ ਲਈ ਨਵੀਆਂ ਸੰਭਾਵਨਾਵਾਂ ਦੇ ਦਰਵਾਜ਼ੇ ਵੀ ਖੋਲ੍ਹ ਰਹੀ ਹੈ। ਪਹਿਲੇ ਪੜਾਅ ਵਿੱਚ ਇੰਟਰਐਕਟਿਵ ਫਲੈਟ ਪੈਨਲ ਪ੍ਰਦਾਨ ਕੀਤੇ ਗਏ ਹਨ ਅਤੇ ਅਗਲੇ ਪੜਾਅ ਵਿੱਚ ਡੈਸਕਟੌਪ ਕੰਪਿਊਟਰ ਪ੍ਰਦਾਨ ਕਰਕੇ, ਅਸੀਂ ਸੂਬੇ ਭਰ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਤਕਨਾਲੋਜੀ ਦੇ ਹੋਰ ਨੇੜੇ ਲਿਆ ਰਹੇ ਹਾਂ।

ਸਾਡਾ ਟੀਚਾ ਕਲਾਸਰੂਮਾਂ ਨੂੰ ਵਧੇਰੇ ਦਿਲਚਸਪ ਬਣਾਉਣਾ, ਸਿੱਖਣ ਨੂੰ ਵਧੇਰੇ ਅਰਥਪੂਰਨ ਬਣਾਉਣਾ ਅਤੇ ਸਰਕਾਰੀ ਸਕੂਲਾਂ ਨੂੰ ਅਜਿਹੀ ਨੁਹਾਰ ਦੇਣਾ ਹੈ ਜਿਸ ਨਾਲ ਹਰ ਪੰਜਾਬੀ ਨੂੰ ਇਹਨਾਂ ਸਕੂਲਾਂ 'ਤੇ ਮਾਣ ਹੋਵੇ।

ਇਸੇ ਸਾਲ ਵਿੱਚ 8,268 ਇੰਟਰਐਕਟਿਵ ਫਲੈਟ ਪੈਨਲ ਡਿਲਿਵਰ ਕਰਕੇ ਕਲਾਸਰੂਮਾਂ ਵਿੱਚ ਡਿਜੀਟਲ ਲਰਨਿੰਗ ਯਕੀਨੀ ਬਣਾਈ ਗਈ

ਕੰਪਿਊਟਰ ਪ੍ਰਦਾਨ ਕਰਨ ਦੇ ਨਾਲ-ਨਾਲ, ਪਹਿਲੇ ਪੜਾਅ ਅਧੀਨ 3,694 ਸਰਕਾਰੀ ਸਕੂਲਾਂ ਵਿੱਚ 8,268 ਇੰਟਰਐਕਟਿਵ ਫਲੈਟ ਪੈਨਲ (ਆਈਐਫਪੀਜ਼) ਡਿਲਿਵਰ ਕੀਤੇ ਗਏ ਹਨ, ਜਿਸ ਨਾਲ ਸੂਬੇ ਭਰ ਦੇ ਕਲਾਸਰੂਮਾਂ ਵਿੱਚ ਤਕਨਾਲੋਜੀ-ਸਮਰਥਿਤ ਅਧਿਆਪਨ ਸਾਧਨਾਂ ਨੂੰ ਯਕੀਨੀ ਬਣਾਇਆ ਗਿਆ। ਡਿਜੀਟਲ ਬੁਨਿਆਦੀ ਢਾਂਚਾ ਅਧਿਆਪਕਾਂ ਲਈ ਰੋਜ਼ਾਨਾ ਦੇ ਪਾਠਾਂ ਵਿੱਚ ਮਲਟੀਮੀਡੀਆ ਸਰੋਤਾਂ, ਡਿਜੀਟਲ ਸਮੱਗਰੀ ਅਤੇ ਅਸਲ-ਸਮੇਂ ਦੇ ਪ੍ਰਦਰਸ਼ਨਾਂ ਨੂੰ ਏਕੀਕ੍ਰਿਤ ਕਰਨ ਵਿੱਚ ਮਦਦਗਾਰ ਸਾਬਤ ਹੋਵੇਗਾ, ਜਿਸ ਨਾਲ ਕਲਾਸਰੂਮ ਲਰਨਿੰਗ ਨੂੰ ਵਧੇਰੇ ਪ੍ਰਭਾਵੀ ਅਤੇ ਦਿਲਚਸਪ ਬਣਾਇਆ ਜਾ ਸਕੇਗਾ।

ਪੰਜਾਬ ਸਿੱਖਿਆ ਕ੍ਰਾਂਤੀ ਨੇ ਬਰਾਬਰ ਪਹੁੰਚ ਅਤੇ ਭਵਿੱਖ ਲਈ ਤਿਆਰ ਸਿੱਖਿਆ 'ਤੇ ਜ਼ੋਰ ਦਿੰਦਿਆਂ ਸਰਕਾਰੀ ਸਕੂਲਾਂ ਨੂੰ ਡਿਜੀਟਲ ਸਿੱਖਿਆ ਵੱਲ ਲਿਜਾਣ ਵਿੱਚ ਅਹਿਮ ਭੂਮਿਕਾ ਨਿਭਾਈ।

ਇਹ ਪਹਿਲਕਦਮੀ 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਕੀਤੇ ਜਾ ਰਹੇ ਵਿਆਪਕ ਸੁਧਾਰਾਂ ਦਾ ਹਿੱਸਾ ਹੈ, ਜਿਨ੍ਹਾਂ ਵਿੱਚ ਬੁਨਿਆਦੀ ਸਿੱਖਿਆ ਨੂੰ ਮਜ਼ਬੂਤ ਕਰਨ, ਸਕੂਲੀ ਢਾਂਚੇ ਨੂੰ ਅਪਗ੍ਰੇਡ ਕਰਨ ਅਤੇ ਵਿਦਿਅਕ ਨਤੀਜਿਆਂ ਵਿੱਚ ਸੁਧਾਰ ਲਿਆਉਣ 'ਤੇ ਧਿਆਨ ਕੇਂਦਰਿਤ ਕੀਤਾ ਗਿਆ ਹੈ। ਇਸ ਪ੍ਰੋਗਰਾਮ ਵਿੱਚ ਡਿਜੀਟਲ ਸਿੱਖਿਆ ਤੱਕ ਬਰਾਬਰ ਪਹੁੰਚ, ਸੁਰੱਖਿਅਤ ਢੰਗ ਨਾਲ ਉਪਕਰਨ ਲਗਾਉਣ ਦੇ ਨਿਯਮਾਂ, ਪਾਰਦਰਸ਼ੀ ਨਿਗਰਾਨੀ ਅਤੇ ਜਵਾਬਦੇਹੀ 'ਤੇ ਵੀ ਜ਼ੋਰ ਦਿੱਤਾ ਗਿਆ ਹੈ, ਤਾਂ ਜੋ ਜਨਤਕ ਸਰੋਤਾਂ ਦੀ ਸੁਚੱਜੀ ਵਰਤੋਂ ਨੂੰ ਯਕੀਨੀ ਬਣਾਇਆ ਜਾ ਸਕੇ।

ਇਸ ਵਿਸਤਾਰ ਰਾਹੀਂ, ਭਗਵੰਤ ਮਾਨ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਨੂੰ ਤਕਨਾਲੋਜੀ-ਅਧਾਰਤ ਕਲਾਸਰੂਮ ਵੱਲ ਲਿਜਾਇਆ ਜਾ ਰਿਹਾ ਹੈ, ਜਿਸ ਰਾਹੀਂ ਵਿਦਿਆਰਥੀਆਂ ਨੂੰ ਡਿਜੀਟਲ ਹੁਨਰਾਂ ਨਾਲ ਲੈਸ ਕੀਤਾ ਜਾ ਰਿਹਾ ਹੈ ਅਤੇ ਉਨ੍ਹਾਂ ਦੀ ਸਿੱਖਣ ਦੇ ਆਧੁਨਿਕ ਸਾਧਨਾਂ ਤੱਕ ਪਹੁੰਚ ਵਧਾਈ ਜਾ ਰਹੀ ਹੈ, ਜੋ ਉਚੇਰੀ ਸਿੱਖਿਆ, ਰੁਜ਼ਗਾਰ ਅਤੇ ਤੇਜ਼ੀ ਨਾਲ ਉਭਰ ਰਹੀ ਤਕਨਾਲੋਜੀ ਦਾ ਹਾਣੀ ਬਣਨ ਲਈ ਬੇਹੱਦ ਜ਼ਰੂਰੀ ਹਨ।

ਟਿੰਡਰ ਐਪ ਦੋਸਤੀ ਕਰਕੇ ਬਲੈਕਮੇਲ ਅਤੇ ਲੁੱਟਣ ਵਾਲੀ ਮਾਂ-ਧੀ ਦੀ ਜੋੜੀ ਪੁਲੀਸ ਅੜਿੱਕੇ

ਫਰੀਦਾਬਾਦ, 10 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਟਿੰਡਰ ਐਪ (Tinder) ਰਾਹੀਂ ਲੋਕਾਂ ਨੂੰ ਫਸਾ ਕੇ ਲੁੱਟਣ ਦੇ ਮਾਮਲੇ ਸਬੰਧੀ ਪੁਲੀਸ ਨੇ ਇੱਕ ਅੰਤਰਰਾਜੀ ਗਿਰੋਹ ਦਾ ਪਰਦਾਫਾਸ਼ ਕੀਤਾ ਹੈ। ਪੁਲੀਸ ਨੇ ਇਸ ਸਬੰਧ ਵਿੱਚ ਇੱਕ ਮਾਂ-ਧੀ ਨੂੰ ਗ੍ਰਿਫ਼ਤਾਰ ਕੀਤਾ ਹੈ, ਜੋ ਟਿੰਡਰ ਐਪ ਰਾਹੀਂ ਲੋਕਾਂ ਨਾਲ ਦੋਸਤੀ ਕਰਦੇ ਸਨ, ਲੁੱਟ-ਖੋਹ ਕਰਨ ਲਈ ਉਨ੍ਹਾਂ ਨੂੰ ਨਸ਼ੀਲਾ ਪਦਾਰਥ ਦਿੰਦੇ ਅਤੇ ਜਬਰ-ਜਨਾਹ (ਰੇਪ) ਦੇ ਝੂਠੇ ਕੇਸਾਂ ਵਿੱਚ ਫਸਾਉਣ ਦੀ ਧਮਕੀ ਦੇ ਕੇ ਪੈਸੇ ਵਸੂਲਦੇ ਸਨ।

ਪੁਲਿਸ ਅਨੁਸਾਰ ਮੁਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਦੋਵੇਂ ਮਹਿਲਾ ਮੁਲਜ਼ਮ ਮਾਂ-ਧੀ ਹਨ ਅਤੇ ਉਹ ਬਹੁਤ ਹੀ ਚਲਾਕੀ ਨਾਲ ਆਪਣੇ ਜੁਰਮਾਂ ਨੂੰ ਅੰਜਾਮ ਦਿੰਦੀਆਂ ਸਨ। ਉਹ ਟਿੰਡਰ ਐਪ ਰਾਹੀਂ ਦੋਸਤੀ ਦੀਆਂ ਬੇਨਤੀਆਂ ਭੇਜ ਕੇ ਵਿਅਕਤੀਆਂ ਨੂੰ ਨਿਸ਼ਾਨਾ ਬਣਾਉਂਦੀਆਂ ਸਨ। ਮਿਲਣ ਦੇ ਬਹਾਨੇ,ਉਹ ਪੀੜਤਾਂ ਨੂੰ ਇੱਕ ਹੋਟਲ ਵਿੱਚ ਬੁਲਾਉਂਦੀਆਂ ਸਨ। ਹੋਟਲ ਪਹੁੰਚ ਕੇ,ਦੋਸ਼ੀ ਪੀੜਤਾਂ ਨੂੰ ਨਸ਼ੀਲਾ ਪਦਾਰਥ ਦਿੰਦੀਆਂ ਸਨ,ਉਨ੍ਹਾਂ ਨੂੰ ਲੁੱਟਦੀਆਂ ਸਨ ਅਤੇ ਫਿਰ ਮੌਕੇ ਤੋਂ ਫਰਾਰ ਹੋ ਜਾਂਦੀਆਂ ਸਨ।

ਇਹ ਵੀ ਖੁਲਾਸਾ ਹੋਇਆ ਹੈ ਕਿ ਮਾਂ-ਧੀ ਦੋਵਾਂ ਨੇ ਅਜਿਹੇ ਵਿਅਕਤੀਆਂ ਨੂੰ ਨਿਸ਼ਾਨਾ ਬਣਾਇਆ ਜੋ ਆਰਥਿਕ ਤੌਰ 'ਤੇ ਅਮੀਰ ਜਾਪਦੇ ਸਨ। ਦੋਸ਼ੀ ਇਨ੍ਹਾਂ ਵਿਅਕਤੀਆਂ ਨੂੰ ਧਮਕਾਉਂਦੀਆਂ ਸਨ—ਜਾਂ ਪੁਲੀਸ ਸਟੇਸ਼ਨਾਂ ਵਿੱਚ ਉਨ੍ਹਾਂ ਵਿਰੁੱਧ ਜਬਰ-ਜਨਾਹ ਦੀਆਂ ਝੂਠੀਆਂ ਸ਼ਿਕਾਇਤਾਂ ਦਰਜ ਕਰਵਾਉਂਦੀਆਂ ਸਨ—ਤਾ ਜੋ ਕਾਨੂੰਨੀ ਕਾਰਵਾਈ ਦਾ ਡਰ ਪੈਦਾ ਕੀਤਾ ਜਾ ਸਕੇ।

ਇਸ ਤੋਂ ਬਾਅਦ,ਅਜਿਹੀਆਂ ਸ਼ਿਕਾਇਤਾਂ ਦੀ ਧਮਕੀ ਦੀ ਵਰਤੋਂ ਕਰਕੇ,ਉਹ ਪੀੜਤਾਂ 'ਤੇ ਪੈਸੇ ਦੇਣ ਦਾ ਦਬਾਅ ਪਾਉਂਦੀਆਂ ਸਨ ਅਤੇ ਉਨ੍ਹਾਂ ਤੋਂ ਪੈਸੇ ਵਸੂਲਣ ਦੀ ਕੋਸ਼ਿਸ਼ ਕਰਦੀਆਂ ਸਨ।

ਫਰੀਦਾਬਾਦ ਪੁਲੀਸ ਦੇ ਬੁਲਾਰੇ ਨੇ ਦੱਸਿਆ,ਪੁੱਛਗਿੱਛ ਦੌਰਾਨ ਇਹ ਖੁਲਾਸਾ ਹੋਇਆ ਹੈ ਕਿ ਦੋਸ਼ੀ ਔਰਤਾਂ ਨੇ ਅੰਡੇਮਾਨ,ਸੂਰਤ ਅਤੇ ਦਿੱਲੀ-ਐੱਨ.ਸੀ.ਆਰ. ਖੇਤਰਾਂ ਵਿੱਚ ਵੀ ਅਜਿਹੀਆਂ ਘਟਨਾਵਾਂ ਨੂੰ ਅੰਜਾਮ ਦਿੱਤਾ ਸੀ। ਅਸੀਂ ਦੋਸ਼ੀਆਂ ਵੱਲੋਂ ਕੀਤੇ ਗਏ ਹੋਰ ਅਪਰਾਧਾਂ ਦਾ ਖੁਲਾਸਾ ਕਰਨ, ਗਿਰੋਹ ਨਾਲ ਜੁੜੇ ਹੋਰ ਵਿਅਕਤੀਆਂ ਦੀ ਪਛਾਣ ਕਰਨ ਅਤੇ ਲੁੱਟ-ਖੋਹ ਅਤੇ ਉਗਰਾਹੀ ਨਾਲ ਸਬੰਧਤ ਮਾਮਲਿਆਂ ਦੀ ਜਾਂਚ ਕਰਨ ਲਈ ਉਨ੍ਹਾਂ ਤੋਂ ਡੂੰਘਾਈ ਨਾਲ ਪੁੱਛਗਿੱਛ ਕਰ ਰਹੇ ਹਾਂ।

ਨਾਗਰਿਕ ਦੁਆਰਾ ਪਟਾਕਿਆਂ ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨ ਸਦਕਾ ਇਸ ਦੀਵਾਲੀ 'ਤੇ ਚੰਡੀਗੜ੍ਹ ਨੇ ਪਿਛਲੇ ਸਾਲਾਂ ਨਾਲੋਂ ਹਵਾ ਦੀ ਗੁਣਵੱਤਾ ਵਿੱਚ ਸੁਧਾਰ ਦਰਜ ਕੀਤਾ

ਚੰਡੀਗੜ੍ਹ, 10 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਹਵਾ ਅਤੇ ਸ਼ੋਰ ਪ੍ਰਦੂਸ਼ਣ ਨੂੰ ਘਟਾਉਣ ਲਈ, ਚੰਡੀਗੜ੍ਹ ਪ੍ਰਸ਼ਾਸਨ ਨੇ ਦੀਵਾਲੀ ਅਤੇ ਹੋਰ ਤਿਉਹਾਰਾਂ ਦੌਰਾਨ ਪਟਾਕਿਆਂ ਦੀ ਵਰਤੋਂ ਲਈ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਸਨ। ਨਿਵਾਸੀਆਂ ਨੂੰ ਦੀਵਾਲੀ ਦੀ ਰਾਤ 8:00 ਵਜੇ ਤੋਂ 10:00 ਵਜੇ ਦੇ ਵਿਚਕਾਰ ਸਿਰਫ਼ ਹਰਿਤ ਪਟਾਕੇ ਚਲਾਉਣ ਦੀ ਇਜਾਜ਼ਤ ਸੀ, ਜੋ ਘੱਟ ਕਣਾਂ ਵਾਲੇ ਪ੍ਰਦੂਸ਼ਕਾਂ ਨੂੰ ਛੱਡਣ ਲਈ ਤਿਆਰ ਕੀਤੇ ਜਾਂਦੇ ਹਨ। ਚੰਡੀਗੜ੍ਹ ਦੇ ਲੋਕਾਂ ਨੇ ਸ਼ਲਾਘਾਯੋਗ ਅਨੁਸ਼ਾਸਨ ਨਾਲ ਜਵਾਬ ਦਿੱਤਾ।

ਦੀਵਾਲੀ ਤੋਂ ਪਹਿਲਾਂ ਦੀ ਸ਼ਾਮ ਸ਼ਾਂਤ ਸੀ, ਅਤੇ ਹਵਾ ਦੀ ਗੁਣਵੱਤਾ ਇੱਕ ਆਮ ਦਿਨ ਦੇ ਮੁਕਾਬਲੇ ਸੀ। ਦੀਵਾਲੀ 'ਤੇ, ਜ਼ਿਆਦਾਤਰ ਨਿਵਾਸੀ ਦੋ ਘੰਟੇ ਦੀ ਖਿੜਕੀ 'ਤੇ ਰਹੇ, ਅਤੇ ਪਟਾਕਿਆਂ ਦੇ ਫਟਣ ਦੀ ਮਾਤਰਾ ਪਿਛਲੇ ਸਾਲਾਂ ਨਾਲੋਂ ਕਾਫ਼ੀ ਘੱਟ ਸੀ।

ਦੋ ਦਿਨਾਂ ਵਿੱਚ ਛੇ ਥਾਵਾਂ 'ਤੇ ਹਵਾ ਦੀ ਗੁਣਵੱਤਾ ਅਤੇ ਸ਼ੋਰ ਦੇ ਪੱਧਰ ਦੀ ਨਿਗਰਾਨੀ ਕੀਤੀ ਗਈ: ਇੱਕ ਆਮ ਦਿਨ (1 ਨਵੰਬਰ 2026) ਅਤੇ ਦੀਵਾਲੀ ਵਾਲੇ ਦਿਨ (8 ਨਵੰਬਰ 2026)। ਹਵਾ ਦੀ ਗੁਣਵੱਤਾ ਨੂੰ ਏਅਰ ਕੁਆਲਿਟੀ ਇੰਡੈਕਸ (ਏਕਿਊਆਈ) ਰਾਹੀਂ ਦਰਸਾਇਆ ਜਾਂਦਾ ਹੈ, ਇੱਕ ਅਜਿਹਾ ਪੈਮਾਨਾ ਜਿਸ ਵਿੱਚ ਉੱਚੇ ਮੁੱਲ ਵਧੇਰੇ ਪ੍ਰਦੂਸ਼ਣ ਨੂੰ ਦਰਸਾਉਂਦੇ ਹਨ।

ਦੀਵਾਲੀ 'ਤੇ, ਹਵਾ ਦੀ ਗੁਣਵੱਤਾ ਰਾਤ 8:00 ਵਜੇ ਤੋਂ ਪਹਿਲਾਂ ਸੰਤੁਸ਼ਟੀਜਨਕ ਸ਼੍ਰੇਣੀ ਵਿੱਚ ਰਹੀ, ਜਦੋਂ ਪਟਾਕੇ ਫਟਣ ਦੀ ਆਗਿਆ ਦਿੱਤੀ ਗਈ ਵਿੰਡੋ ਸ਼ੁਰੂ ਹੋਈ। ਪਟਾਕੇ ਫਟਣ ਤੋਂ ਬਾਅਦ ਏਅਰ ਕੁਆਲਿਟੀ ਇੰਡੈਕਸ (ਏਕਿਊਆਈ) ਵਿੱਚ ਅਸਥਾਈ ਵਾਧਾ ਹੋਣ ਦੀ ਉਮੀਦ ਸੀ। ਕਿਉਂਕਿ ਪਟਾਕੇ ਫਟਣ ਦੀ ਆਗਿਆ ਦਿੱਤੀ ਗਈ ਦੋ ਘੰਟਿਆਂ ਤੱਕ ਸੀਮਤ ਸੀ, ਇਹ ਵਾਧਾ ਥੋੜ੍ਹੇ ਸਮੇਂ ਲਈ ਸੀ। ਖਿੜਕੀ ਬੰਦ ਹੋਣ ਤੋਂ ਤੁਰੰਤ ਬਾਅਦ ਹਵਾ ਦੀ ਗੁਣਵੱਤਾ ਠੀਕ ਹੋਣਾ ਸ਼ੁਰੂ ਹੋ ਗਈ ਅਤੇ 9 ਨਵੰਬਰ 2026 ਨੂੰ ਸਵੇਰੇ 3:00 ਵਜੇ ਤੱਕ ਸੰਤੁਸ਼ਟੀਜਨਕ ਸ਼੍ਰੇਣੀ (ਏਅਰ ਕੁਆਲਿਟੀ ਇੰਡੈਕਸ (ਏਕਿਊਆਈ) 51-100) ਵਿੱਚ ਵਾਪਸ ਆ ਗਈ, ਜਿਸ ਦੀ ਮਦਦ ਅਨੁਕੂਲ ਮੌਸਮੀ ਸਥਿਤੀਆਂ ਨੇ ਕੀਤੀ। ਚੰਡੀਗੜ੍ਹ ਪ੍ਰਦੂਸ਼ਣ ਕੰਟਰੋਲ ਕਮੇਟੀ(ਸੀਪੀਸੀਸੀ) ਚੰਡੀਗੜ੍ਹ ਦੇ ਨਾਗਰਿਕਾਂ ਦਾ ਉਨ੍ਹਾਂ ਦੇ ਸਮਝਦਾਰੀ ਅਤੇ ਜ਼ਿੰਮੇਵਾਰ ਜਸ਼ਨ ਲਈ ਧੰਨਵਾਦ ਕਰਦਾ ਹੈ।

ਫਟਣ ਦੀ ਵਿੰਡੋ ਦੌਰਾਨ, ਉਮੀਦ ਅਨੁਸਾਰ, ਸਾਰੇ ਛੇ ਸਥਾਨਾਂ 'ਤੇ ਏਅਰ ਕੁਆਲਿਟੀ ਇੰਡੈਕਸ (ਏਕਿਊਆਈ) ਵਧਿਆ। ਇਹ ਸੈਕਟਰ 22 (ਏਅਰ ਕੁਆਲਿਟੀ ਇੰਡੈਕਸ (ਏਕਿਊਆਈ) 158) ਅਤੇ ਸੈਕਟਰ 17 (ਏਅਰ ਕੁਆਲਿਟੀ ਇੰਡੈਕਸ (ਏਕਿਊਆਈ) 170) 'ਤੇਦਰਮਿਆਨੀ ਸ਼੍ਰੇਣੀ ਵਿੱਚ ਰਿਹਾ। ਸੈਕਟਰ 53 (ਏਅਰ ਕੁਆਲਿਟੀ ਇੰਡੈਕਸ (ਏਕਿਊਆਈ) 304), ਇਮਟੈੱਕ (IMT538) -39 (ਏਅਰ ਕੁਆਲਿਟੀ ਇੰਡੈਕਸ (ਏਕਿਊਆਈ) 310), ਪੰਜਾਬ ਇੰਜੀਨੀਅਰਿੰਗ ਕਾਲਜ -12 (ਏਅਰ ਕੁਆਲਿਟੀ ਇੰਡੈਕਸ (ਏਕਿਊਆਈ) 312) ਅਤੇ ਸੈਕਟਰ 25 (ਏਅਰ ਕੁਆਲਿਟੀ ਇੰਡੈਕਸ (ਏਕਿਊਆਈ) 326) ਵਿਖੇ, ਇਹ ਥੋੜ੍ਹੇ ਸਮੇਂ ਲਈ ਬਹੁਤ ਮਾੜੀ ਸ਼੍ਰੇਣੀ ਵਿੱਚ ਪਹੁੰਚ ਗਿਆ। ਕੋਈ ਵੀ ਸਥਾਨ ਗੰਭੀਰ ਸ਼੍ਰੇਣੀ ਵਿੱਚ ਨਹੀਂ ਪਹੁੰਚਿਆ। ਇਹ ਵਾਧਾ ਥੋੜ੍ਹੇ ਸਮੇਂ ਲਈ ਸੀ, ਅਤੇ 9 ਨਵੰਬਰ 2026 ਨੂੰ ਸਵੇਰੇ 3:00 ਵਜੇ ਤੱਕ ਹਵਾ ਦੀ ਗੁਣਵੱਤਾ ਸੰਤੁਸ਼ਟੀਜਨਕ ਸ਼੍ਰੇਣੀ ਵਿੱਚ ਵਾਪਸ ਆ ਗਈ। ਸੈਕਟਰ 17, ਸੈਕਟਰ 22 ਅਤੇ ਇਮਟੈੱਕ (IMT538)-39 ਨੇ ਦੀਵਾਲੀ 2025 ਦੇ ਮੁਕਾਬਲੇ ਬਿਹਤਰ ਹਵਾ ਦੀ ਗੁਣਵੱਤਾ ਦਰਜ ਕੀਤੀ।

ਪਿਛਲੇ ਤਿੰਨ ਸਾਲਾਂ ਦੇ ਮੁਕਾਬਲੇ, 2026 ਵਿੱਚ ਦੀਵਾਲੀ ਦੀ ਹਵਾ ਦੀ ਗੁਣਵੱਤਾ ਜ਼ਿਆਦਾਤਰ ਥਾਵਾਂ 'ਤੇ ਬਿਹਤਰ ਸੀ, ਜੋ ਕਿ ਵਧਦੀ ਵਾਤਾਵਰਣ ਜਾਗਰੂਕਤਾ ਨੂੰ ਦਰਸਾਉਂਦੀ ਹੈ, ਖਾਸ ਕਰਕੇ ਨੌਜਵਾਨਾਂ ਅਤੇ ਸਕੂਲੀ ਬੱਚਿਆਂ ਵਿੱਚ। ਚੰਡੀਗੜ੍ਹ ਪ੍ਰਦੂਸ਼ਣ ਕੰਟਰੋਲ ਕਮੇਟੀ (ਸੀਪੀਸੀਸੀ) ਅਤੇ ਹੋਰ ਹਿਤਧਾਰਕ ਵਾਤਾਵਰਣ-ਅਨੁਕੂਲ ਜਸ਼ਨਾਂ ਲਈ ਆਪਣੀਆਂ ਮੁਹਿੰਮਾਂ ਜਾਰੀ ਰੱਖਣਗੇ, ਜਿਸ ਵਿੱਚ ਸਕੂਲਾਂ ਵਿੱਚ ਹਰਿਤ ਦੀਵਾਲੀ ਪਹਿਲ ਸ਼ਾਮਲ ਹੈ।

ਦੀਵਾਲੀ 'ਤੇ ਸ਼ੋਰ ਦਾ ਪੱਧਰ ਆਮ ਦਿਨ ਨਾਲੋਂ ਵੱਧ ਸੀ, ਜਿਵੇਂ ਕਿ ਫਟਣ ਦੀ ਮਿਆਦ ਦੌਰਾਨ ਉਮੀਦ ਕੀਤੀ ਗਈ ਸੀ। ਰਾਤ 8:00 ਵਜੇ ਤੋਂ ਰਾਤ 10:00 ਵਜੇ ਦੇ ਵਿਚਕਾਰ, ਸਭ ਤੋਂ ਵੱਧ ਪੱਧਰ ਇਮਟੈੱਕ (IMT538)-39, 83.9 ਡੀਬੀ(ਏ) ਅਤੇ ਸਭ ਤੋਂ ਘੱਟ ਪੱਧਰ ਸੈਕਟਰ 53 61.2 ਡੀਬੀ(ਏ) ਦਰਜ ਕੀਤਾ ਗਿਆ।

ਜ਼ਿਆਦਾਤਰ ਥਾਵਾਂ 'ਤੇ, ਆਗਿਆ ਪ੍ਰਾਪਤ ਵਿੰਡੋ ਤੋਂ ਬਾਅਦ ਸ਼ੋਰ ਦਾ ਪੱਧਰ ਹੇਠਾਂ ਆ ਗਿਆ।

ਡਾ. ਟੰਕੇਸ਼ਵਰ ਕੁਮਾਰ ਪੰਜਾਬ ਯੂਨੀਵਰਸਿਟੀ ਦੇ ਉਪ-ਕੁਲਪਤੀ ਨਿਯੁਕਤ

ਚੰਡੀਗੜ੍ਹ, 10 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਡਾ. ਟੰਕੇਸ਼ਵਰ ਕੁਮਾਰ, ਜੋ ਇਸ ਸਮੇਂ ਹਰਿਆਣਾ ਕੇਂਦਰੀ ਯੂਨੀਵਰਸਿਟੀ ਦੇ ਉਪ-ਕੁਲਪਤੀ ਹਨ, ਨੂੰ ਚੰਡੀਗੜ੍ਹ ਸਥਿਤ ਪੰਜਾਬ ਯੂਨੀਵਰਸਿਟੀ ਦੀ ਅਗਵਾਈ ਕਰਨ ਲਈ ਨਿਯੁਕਤ ਕੀਤਾ ਗਿਆ ਹੈ।

ਹਰਿਆਣਾ ਕੇਂਦਰੀ ਯੂਨੀਵਰਸਿਟੀ ਦੇ ਉਪ-ਕੁਲਪਤੀ, ਡਾ. ਟੰਕੇਸ਼ਵਰ ਕੁਮਾਰ ਨੂੰ ਸੋਮਵਾਰ ਨੂੰ ਤਿੰਨ ਵਰ੍ਹਿਆਂ ਦੇ ਕਾਰਜਕਾਲ ਲਈ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦਾ ਉਪ-ਕੁਲਪਤੀ ਨਿਯੁਕਤ ਕੀਤਾ ਗਿਆ ਹੈ।

ਇਸ ਨਿਯੁਕਤੀ ਬਾਰੇ ਸੂਚਨਾ ਭਾਰਤ ਦੇ ਉਪ-ਰਾਸ਼ਟਰਪਤੀ ਦੇ ਸਕੱਤਰੇਤ ਵੱਲ ਜਾਰੀ ਕੀਤੀ ਗਈ।

ਭਾਰਤ ਦੇ ਉਪ-ਰਾਸ਼ਟਰਪਤੀ (ਜੋ ਪੰਜਾਬ ਯੂਨੀਵਰਸਿਟੀ ਦੇ ਕੁਲਪਤੀ ਵੀ ਹਨ) ਦੇ ਸਕੱਤਰ ਅਮਿਤ ਖਰੇ ਦੁਆਰਾ ਜਾਰੀ ਨੋਟੀਫਿਕੇਸ਼ਨ ਵਿੱਚ ਕਿਹਾ ਗਿਆ ਹੈ ਕਿ ਇਹ ਨਿਯੁਕਤੀ 'ਪੰਜਾਬ ਯੂਨੀਵਰਸਿਟੀ ਐਕਟ, 1947' ਦੀ ਧਾਰਾ 10 ਦੇ ਤਹਿਤ ਕੀਤੀ ਗਈ ਹੈ।

ਡਾ. ਕੁਮਾਰ ਦਾ ਤਿੰਨ ਵਰ੍ਹਿਆਂ ਦਾ ਕਾਰਜਕਾਲ ਉਸ ਮਿਤੀ ਤੋਂ ਸ਼ੁਰੂ ਹੋਵੇਗਾ ਜਿਸ ਦਿਨ ਉਹ ਅਹੁਦਾ ਸੰਭਾਲਣਗੇ।

ਇਹ ਨੋਟੀਫਿਕੇਸ਼ਨ ਪੰਜਾਬ ਦੇ ਮੁੱਖ ਸਕੱਤਰ, ਚੰਡੀਗੜ੍ਹ ਪ੍ਰਸ਼ਾਸਕ ਦੇ ਸਲਾਹਕਾਰ, ਕੇਂਦਰੀ ਸਿੱਖਿਆ ਮੰਤਰਾਲੇ, ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ (ਯੂਜੀਸੀ) ਅਤੇ ਪੰਜਾਬ ਯੂਨੀਵਰਸਿਟੀ ਦੇ ਰਜਿਸਟਰਾਰ ਨੂੰ ਜ਼ਰੂਰੀ ਕਾਰਵਾਈ ਲਈ ਭੇਜ ਦਿੱਤਾ ਗਿਆ ਹੈ। ਡਾ. ਕੁਮਾਰ ਇਸ ਸਮੇਂ ਹਰਿਆਣਾ ਕੇਂਦਰੀ ਯੂਨੀਵਰਸਿਟੀ ਦੀ ਅਗਵਾਈ ਕਰ ਰਹੇ ਹਨ। ਉਹ ਚੰਡੀਗੜ੍ਹ ਸਥਿਤ ਪੰਜਾਬ ਯੂਨੀਵਰਸਿਟੀ ਵਿੱਚ ਉਪ-ਕੁਲਪਤੀ ਦੀ ਥਾਂ ਲੈਣਗੇ।

ਫਰਿਜ਼ਨੋ ਵਿੱਚ ਹੰਸ ਰਾਜ ਹੰਸ ਦੀ ਸੂਫ਼ੀਆਨਾ ਗਾਇਕੀ ਨੇ ਕੀਲੇ ਸਰੋਤੇ, ਸੁਰਾਂ ਦੀ ਮਹਿਫ਼ਲ ਨੇ ਛੂਹੀਆਂ ਰੂਹਾਂ

ਫਰਿਜ਼ਨੋ (ਕੈਲੀਫੋਰਨੀਆ) 10 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬੀ ਅਤੇ ਸੂਫ਼ੀ ਗਾਇਕੀ ਦੇ ਬੇਤਾਜ ਬਾਦਸ਼ਾਹ, ਆਪਣੀ ਦਿਲਕਸ਼ ਆਵਾਜ਼ ਨਾਲ ਕਰੋੜਾਂ ਸੰਗੀਤ ਪ੍ਰੇਮੀਆਂ ਦੇ ਦਿਲਾਂ 'ਤੇ ਰਾਜ ਕਰਨ ਵਾਲੇ ਵਿਸ਼ਵ ਪ੍ਰਸਿੱਧ ਗਾਇਕ ਹੰਸ ਰਾਜ ਹੰਸ ਨੇ ਬੀਤੀ ਰਾਤ ਫਰਿਜ਼ਨੋ ਦੇ ਵੈਟਰਨਜ਼ ਮੈਮੋਰੀਅਲ ਆਡੀਟੋਰੀਅਮ ਵਿੱਚ ਆਪਣੀ ਗਾਇਕੀ ਦਾ ਅਜਿਹਾ ਜਾਦੂ ਬਿਖੇਰਿਆ ਕਿ ਹਾਜ਼ਰ ਸਰੋਤੇ ਅਸ਼-ਅਸ਼ ਕਰ ਉੱਠੇ। ਸੁਰਾਂ, ਸੰਗੀਤ ਅਤੇ ਸੂਫ਼ੀਆਨਾ ਰੰਗ ਵਿੱਚ ਰੰਗੀ ਇਸ ਸ਼ਾਮ ਨੇ ਦਰਸ਼ਕਾਂ ਦੇ ਦਿਲਾਂ 'ਤੇ ਅਜਿਹੀ ਅਮਿੱਟ ਛਾਪ ਛੱਡੀ ਕਿ ਇਹ ਮਹਿਫ਼ਲ ਲੰਮੇ ਸਮੇਂ ਤੱਕ ਯਾਦ ਰਹੇਗੀ।

ਅੰਤਰਰਾਸ਼ਟਰੀ ਪ੍ਰਮੋਟਰ ਬਲਵਿੰਦਰ ਬਾਜਵਾ ਵੱਲੋਂ ਲਿਆਂਦੇ ਗਏ ਇਸ ਸ਼ੋਅ ਦਾ ਆਯੋਜਨ ਫਰਿਜ਼ਨੋ ਵਿਖੇ ਰਾਬਤਾ ਪ੍ਰੋਡਕਸ਼ਨ ਦੀ ਜੋਤ ਰਣਜੀਤ ਕੌਰ ਵੱਲੋਂ ਕੀਤਾ ਗਿਆ। ਇਸ ਸੰਗੀਤਕ ਸ਼ਾਮ ਨੂੰ ਸਰੋਤਿਆਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਅਤੇ ਹਾਲ ਸੰਗੀਤ ਪ੍ਰੇਮੀਆਂ ਨਾਲ ਖਚਾਖਚ ਭਰਿਆ ਨਜ਼ਰ ਆਇਆ।

ਹੰਸ ਰਾਜ ਹੰਸ ਨੇ ਜਦੋਂ ਆਪਣੀ ਮਖਮਲੀ ਆਵਾਜ਼ ਵਿੱਚ ਸੁਰਾਂ ਦੀ ਛਹਿਬਰ ਲਾਈ ਤਾਂ ਸਮੁੱਚਾ ਮਾਹੌਲ ਸੂਫ਼ੀਆਨਾ ਰੰਗ ਵਿੱਚ ਰੰਗਿਆ ਗਿਆ। ਉਨ੍ਹਾਂ ਨੇ ਆਪਣੇ ਨਵੇਂ ਅਤੇ ਪੁਰਾਣੇ ਮਕਬੂਲ ਗੀਤਾਂ ਰਾਹੀਂ ਸਰੋਤਿਆਂ ਨੂੰ ਅਜਿਹਾ ਕੀਲਿਆ ਕਿ ਸਮੇਂ ਦੇ ਬੀਤਣ ਦਾ ਅਹਿਸਾਸ ਹੀ ਨਾ ਹੋਇਆ। ਉਨ੍ਹਾਂ ਦੀ ਗਾਇਕੀ ਦੀ ਸਭ ਤੋਂ ਵੱਡੀ ਖ਼ੂਬਸੂਰਤੀ ਇਹ ਰਹੀ ਕਿ ਅਜੋਕੇ ਸ਼ੋਰ-ਸ਼ਰਾਬੇ ਅਤੇ ਉੱਚੀ-ਉੱਚੀ ਵੱਜਦੇ ਸੰਗੀਤ ਦੇ ਦੌਰ ਵਿੱਚ ਉਨ੍ਹਾਂ ਨੇ ਸਾਬਤ ਕਰ ਦਿੱਤਾ ਕਿ ਅਸਲ ਗਾਇਕੀ ਆਵਾਜ਼ ਦੇ ਸ਼ੋਰ ਵਿੱਚ ਨਹੀਂ, ਸਗੋਂ ਸੁਰਾਂ ਦੀ ਪਾਕੀਜ਼ਗੀ, ਸ਼ਬਦਾਂ ਦੀ ਗਹਿਰਾਈ ਅਤੇ ਰੂਹ ਦੀਆਂ ਗਹਿਰਾਈਆਂ ਵਿੱਚ ਉਤਰਨ ਵਾਲੇ ਅਹਿਸਾਸਾਂ ਵਿੱਚ ਵੱਸਦੀ ਹੈ।

ਹੰਸ ਰਾਜ ਹੰਸ ਦੀ ਆਵਾਜ਼ ਵਿੱਚ ਅਜਿਹੀ ਕਸ਼ਿਸ਼ ਅਤੇ ਮਿਠਾਸ ਸੀ ਕਿ ਕਈ ਵਾਰ ਇੰਜ ਮਹਿਸੂਸ ਹੁੰਦਾ ਸੀ ਜਿਵੇਂ ਸਰੋਤੇ ਕਿਸੇ ਸੰਗੀਤਕ ਪ੍ਰੋਗਰਾਮ ਵਿੱਚ ਨਹੀਂ, ਸਗੋਂ ਕਿਸੇ ਰੂਹਾਨੀ ਮਹਿਫ਼ਲ ਵਿੱਚ ਬੈਠੇ ਹੋਣ। ਉਨ੍ਹਾਂ ਦੀ ਗਾਇਕੀ ਵਿੱਚ ਪੰਜਾਬ ਦੀ ਮਿੱਟੀ ਦੀ ਮਹਿਕ, ਸੂਫ਼ੀ ਫ਼ਕੀਰਾਂ ਦੇ ਕਲਾਮ ਦੀ ਰੂਹਾਨੀਅਤ ਅਤੇ ਲੋਕ ਸੰਗੀਤ ਦੀ ਮਿਠਾਸ ਦਾ ਅਨੋਖਾ ਸੁਮੇਲ ਵੇਖਣ ਨੂੰ ਮਿਲਿਆ।

ਇਸ ਮੌਕੇ ਹਾਲ ਵਿੱਚ ਬੈਠੇ ਦਰਸ਼ਕ ਹਰ ਗੀਤ ਤੋਂ ਬਾਅਦ ਆਪਮੁਹਾਰੇ ਤਾੜੀਆਂ ਮਾਰ ਕੇ ਆਪਣੇ ਚਹੇਤੇ



ਗਾਇਕ ਦੀ ਹੌਸਲਾ-ਅਫ਼ਜ਼ਾਈ ਕਰਦੇ ਰਹੇ। ਕਈ ਵਾਰ ਤਾਂ ਤਾੜੀਆਂ ਦੀ ਗੂੰਜ ਹੀ ਇਸ ਗੱਲ ਦੀ ਗਵਾਹੀ ਭਰ ਰਹੀ ਸੀ ਕਿ ਹੰਸ ਰਾਜ ਹੰਸ ਅੱਜ ਵੀ ਆਪਣੇ ਸੁਰਾਂ ਦੇ ਦਮ 'ਤੇ ਸਰੋਤਿਆਂ ਦੇ ਦਿਲਾਂ ਵਿੱਚ ਪਹਿਲਾਂ ਵਾਂਗ ਹੀ ਵੱਸਦੇ ਹਨ।

ਇਸ ਸ਼ਾਮ ਦੀ ਇੱਕ ਹੋਰ ਖ਼ਾਸ ਗੱਲ ਇਹ ਰਹੀ ਕਿ ਹੰਸ ਰਾਜ ਹੰਸ ਨੇ ਸਿਰਫ਼ ਗੀਤ ਹੀ ਨਹੀਂ ਸੁਣਾਏ, ਸਗੋਂ ਆਪਣੀ ਗਾਇਕੀ ਰਾਹੀਂ ਇਹ ਸੁਨੇਹਾ ਵੀ ਦਿੱਤਾ ਕਿ ਚੰਗਾ ਸੰਗੀਤ ਉਹ ਹੁੰਦਾ ਹੈ ਜੋ ਕੰਨਾਂ ਰਾਹੀਂ ਦਿਲ ਵਿੱਚ ਉਤਰੇ ਅਤੇ ਫਿਰ ਰੂਹ ਦਾ ਹਿੱਸਾ ਬਣ ਜਾਵੇ। ਉਨ੍ਹਾਂ ਦੀ ਹਰ ਪੇਸ਼ਕਾਰੀ ਵਿੱਚ ਤਜਰਬੇਕਾਰ ਫ਼ਨਕਾਰ ਦੀ ਪਖ਼ਤਗੀ ਅਤੇ ਸੰਗੀਤ ਪ੍ਰਤੀ ਸਮਰਪਣ ਸਾਫ਼ ਝਲਕਦਾ ਸੀ।

ਇਸ ਸਫ਼ਲ ਸੰਗੀਤਕ ਸ਼ਾਮ ਲਈ ਅੰਤਰਰਾਸ਼ਟਰੀ ਪ੍ਰਮੋਟਰ ਬਲਵਿੰਦਰ ਬਾਜਵਾ ਅਤੇ ਰਾਬਤਾ ਪ੍ਰੋਡਕਸ਼ਨ ਦੀ ਜੋਤ ਰਣਜੀਤ ਕੌਰ ਦੇ ਉਪਰਾਲੇ ਦੀ ਵੀ ਸ਼ਲਾਘਾ ਕਰਨੀ ਬਣਦੀ ਹੈ, ਜਿਨ੍ਹਾਂ ਨੇ ਫਰਿਜ਼ਨੋ ਦੇ ਪੰਜਾਬੀ ਸੰਗੀਤ ਪ੍ਰੇਮੀਆਂ ਨੂੰ ਅਜਿਹੇ ਮਹਾਨ ਫ਼ਨਕਾਰ ਦੀ ਗਾਇਕੀ ਦਾ ਸਿੱਧਾ ਆਨੰਦ ਮਾਣਨ ਦਾ ਮੌਕਾ ਪ੍ਰਦਾਨ ਕੀਤਾ।

ਕੁੱਲ ਮਿਲਾ ਕੇ ਇਹ ਕਹਿਣਾ ਕੋਈ ਅਤਿਕਥਨੀ ਨਹੀਂ ਹੋਵੇਗੀ ਕਿ ਫਰਿਜ਼ਨੋ ਦੀ ਇਸ ਸੰਗੀਤਕ ਸ਼ਾਮ ਵਿੱਚ ਹੰਸ ਰਾਜ ਹੰਸ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਕਿ ਫ਼ਨਕਾਰ ਦੀ ਅਸਲ ਪਛਾਣ ਚਮਕ-ਦਮਕ, ਸ਼ੋਰ-ਸ਼ਰਾਬੇ ਜਾਂ ਸਟੇਜ ਦੀ ਸਜਾਵਟ ਨਾਲ ਨਹੀਂ, ਸਗੋਂ ਉਸ ਦੀ ਆਵਾਜ਼ ਵਿੱਚ ਵੱਸਦੇ ਸੁਰ ਅਤੇ ਸਰੋਤਿਆਂ ਦੇ ਦਿਲਾਂ ਵਿੱਚ ਬਣਾਈ ਥਾਂ ਨਾਲ ਹੁੰਦੀ ਹੈ।

ਹੰਸ ਰਾਜ ਹੰਸ ਆਏ, ਗਾਏ ਅਤੇ ਫਰਿਜ਼ਨੋ ਦੇ ਸੰਗੀਤ ਪ੍ਰੇਮੀਆਂ ਦੇ ਦਿਲਾਂ 'ਤੇ ਆਪਣੀ ਸੁਰੀਲੀ ਆਵਾਜ਼ ਦੀ ਅਮਿੱਟ ਛਾਪ ਛੱਡ ਗਏ।

ਵਾਹ ! ਬੋਲੋ ਪੰਜਾਬੀ, ਲੈ ਲਓ ਕੌਫ਼ੀ ! ਔਕਲੈਂਡ ਏਅਰਪੋਰਟ ਸਟਾਫ਼ ਲਈ ਅਨੋਖੀ ਪਹਿਲ

ਔਕਲੈਂਡ, 10 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਨਿਊਜ਼ੀਲੈਂਡ ਦੇ ਵਿੱਚ ਇਸ ਸਾਲ 15 ਨਵੰਬਰ ਤੱਕ ਸੱਤਵਾਂ ਪੰਜਾਬੀ ਭਾਸ਼ਾ ਹਫ਼ਤਾ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਵੱਖ-ਵੱਖ ਥਾਵਾਂ ਉੱਤੇ ਪੰਜਾਬੀ ਭਾਸ਼ਾ ਦੇ ਪ੍ਰਚਾਰ ਅਤੇ ਪ੍ਰਸਾਰ ਹਿੱਤ ਸਮਾਗਮ ਹੋ ਰਹੇ ਹਨ। ਬੀਤੇ ਕੱਲ੍ਹ ਔਕਲੈਂਡ ਏਅਰਪੋਰਟ ਦੀ ਆਪਣੀ ਵੈੱਬਸਾਈਟ ਉੱਤੇ ਇਸ ਸਬੰਧੀ ਵਿਸ਼ੇਸ਼ ਲੇਖ ਪ੍ਰਕਾਸ਼ਿਤ ਕੀਤਾ ਗਿਆ ਹੈ। ਇਸ ਦੇ ਨਾਲ ਹੀ ਕਸਟਮਰ ਸਰਵਿਸ ਵਿੱਚ ਕੰਮ ਕਰਦੇ ਲਗਪਗ 200 ਦੇ ਕਰੀਬ ਕਰਮਚਾਰੀਆਂ ਸਮੇਤ ਵਲੰਟੀਅਰਜ਼ ਨੂੰ ਸ. ਹਰਿੰਦਰ ਸਿੰਘ ਮਾਨ ਰਈਆ (ਡੋਮੀਨੋਜ਼ ਪੀਜ਼ਾ ਵਾਲੇ) ਅਤੇ ਸ੍ਰੀਮਤੀ ਹਰਜੀਤ ਕੌਰ (ਪੰਜਾਬੀ ਹੈਰੀਟੇਜ਼ਰ) ਵੱਲੋਂ ਫ੍ਰੀ ਕੌਫ਼ੀ ਕੱਪ ਸਪਾਂਸਰ ਕੀਤੇ



ਗਏ ਹਨ।

ਫ੍ਰੀ ਕੌਫ਼ੀ ਕੱਪ ਲੈਣ ਵਾਸਤੇ ਡਿਪਾਰਚਰ ਗੇਟ ਦੇ ਲਗਪਗ ਸਾਹਮਣੇ 'ਦ ਸੋਸ਼ਲ' ਕੌਫ਼ੀ ਸ਼ਾਪ ਨੂੰ ਚੁਣਿਆ ਗਿਆ ਹੈ। ਇੱਥੇ ਫ੍ਰੀ ਕੌਫ਼ੀ ਲੈਣ ਵਾਸਤੇ ਕਰਮਚਾਰੀਆਂ ਲਈ ਆਪਣਾ ਕੌਫ਼ੀ ਆਰਡਰ ਪੰਜਾਬੀ ਵਿੱਚ ਦੇਣਾ ਲਾਜ਼ਮੀ ਕੀਤਾ ਗਿਆ ਹੈ। ਇਸ ਦਾ ਮੁੱਖ ਉਦੇਸ਼ ਵੱਖ-ਵੱਖ ਦੇਸ਼ਾਂ ਦੇ ਕੰਮ ਕਰਦੇ ਕਰਮਚਾਰੀਆਂ ਵਿੱਚ ਪੰਜਾਬੀ ਭਾਸ਼ਾ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਹੈ ਤਾਂ ਜੋ ਉਹ ਕੁਝ ਨਾ ਕੁਝ ਪੰਜਾਬੀ ਭਾਸ਼ਾ ਸਿੱਖ ਸਕਣ। ਇੱਥੋਂ ਚੜ੍ਹਦੇ-ਉੱਤਰਦੇ ਪੰਜਾਬੀਆਂ ਨਾਲ ਵਾਰਤਾਲਾਪ ਵਿੱਚ ਸਟਾਫ਼ ਜੇਕਰ ਥੋੜ੍ਹਾ-ਬਹੁਤਾ ਗ੍ਰੀਟਿੰਗ (ਜੀ ਆਇਆਂ ਨੂੰ ਕਹਿਣ ਜਾਂ ਸਤਿ ਸ੍ਰੀ ਅਕਾਲ ਬੁਲਾਉਣ) ਵਾਲੀਆਂ ਲਾਈਨਾਂ ਸਿੱਖ ਜਾਂਦਾ ਹੈ ਤਾਂ ਇਹ ਇੱਕ ਵਧੀਆ ਗੱਲ ਹੋਵੇਗੀ। ਸਮੁੱਚੇ ਮੀਡੀਆ ਕਰਮੀਆਂ ਵੱਲੋਂ ਸ. ਹਰਿੰਦਰ ਸਿੰਘ ਮਾਨ ਰਈਆ ਵਾਲਿਆਂ ਦਾ ਅਤੇ ਸ੍ਰੀਮਤੀ ਹਰਜੀਤ ਕੌਰ ਹੋਰਾਂ ਦਾ ਬਹੁਤ-ਬਹੁਤ ਧੰਨਵਾਦ ਕੀਤਾ ਜਾਂਦਾ ਹੈ... ਸਾਡੀ ਬੋਲੀ - ਸਾਡਾ ਮਾਣ, ਬਣਾਏ ਰੱਖੀਏ !




ਹਰਿਆਣਾ ਖ਼ਬਰਨਾਮਾ



ਅਮਰੀਕਾ ਦੀ ਅਦਾਲਤ ਵੱਲੋਂ ਅਜੀਤ ਡੋਵਾਲ ਤੇ ਸਾਮੰਤ ਗੋਇਲ ਨੂੰ ਸੰਮਨ ਭੇਜਣ ਦੀ ਮਨਜ਼ੂਰੀ

ਨਵੀਂ ਦਿੱਲੀ, 10 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਅਮਰੀਕੀ ਅਦਾਲਤ ਨੇ ਖਾਲਿਸਤਾਨ ਪੱਖੀ ਗੁਰਪਤਵੰਤ ਸਿੰਘ ਪੰਨੂ ਵੱਲੋਂ ਦਾਇਰ ਸਿਵਲ ਕੇਸ ਦੇ ਮਾਮਲੇ ਵਿੱਚ ਭਾਰਤ ਦੇ ਕੌਮੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ ਅਤੇ ਖੋਜ ਤੇ ਵਿਸ਼ਲੇਸ਼ਣ ਵਿੰਗ (ਰਾਅ) ਦੇ ਸਾਬਕਾ ਮੁਖੀ ਸਾਮੰਤ ਗੋਇਲ ਨੂੰ ਸੰਮਨ ਭੇਜਣ ਦੀ ਮਨਜ਼ੂਰੀ ਦੇ ਦਿੱਤੀ ਹੈ। ਅਦਾਲਤ ਨੇ ਇਨ੍ਹਾਂ ਭਾਰਤੀ ਅਧਿਕਾਰੀਆਂ ਨੂੰ ਦਿੱਲੀ ਵਿੱਚ ਨਿਆਂਇਕ ਚੈਨਲਾਂ ਰਾਹੀਂ ਸੰਮਨ ਭੇਜਣ ਦੀ ਇਜਾਜ਼ਤ ਦਿੱਤੀ ਹੈ।

ਇਸ ਤੋਂ ਪਹਿਲਾਂ ਅਮਰੀਕੀ ਵਿਦੇਸ਼ ਵਿਭਾਗ ਨੇ ਕੂਟਨੀਤਕ ਰਸਤੇ ਰਾਹੀਂ ਭਾਰਤ ਸਰਕਾਰ ਨੂੰ ਪੰਨੂ ਦੇ ਸਿਵਲ ਮੁਕੱਦਮੇ ਦੇ ਦਸਤਾਵੇਜ਼ ਰਸਮੀ ਤੌਰ 'ਤੇ ਸੌਂਪ ਦਿੱਤੇ ਸਨ।

ਇਹ ਕਾਰਵਾਈ ਅਮਰੀਕੀ ਅਦਾਲਤ ਵੱਲੋਂ ਸੰਮਨ ਭੇਜਣ ਦੇ ਹੁਕਮਾਂ ਤੋਂ ਬਾਅਦ ਕੀਤੀ ਗਈ। ਹਾਲਾਂਕਿ ਅਮਰੀਕੀ ਵਿਦੇਸ਼ ਵਿਭਾਗ ਨੇ ਇਸ ਮੁਕੱਦਮੇ ਬਾਰੇ ਕੋਈ ਪੱਖ ਨਹੀਂ ਲਿਆ ਅਤੇ ਸਿਰਫ਼ ਇਹ ਕਿਹਾ ਕਿ ਉਸ ਨੇ ਕਾਨੂੰਨ ਅਨੁਸਾਰ ਲੋੜੀਂਦੀ ਕਾਰਵਾਈ ਮੁਕੰਮਲ ਕਰ ਦਿੱਤੀ ਹੈ।

ਵਾਸ਼ਿੰਗਟਨ ਸਥਿਤ ਭਾਰਤੀ ਦੂਤਾਵਾਸ ਨੂੰ ਸੌਂਪੇ ਦਸਤਾਵੇਜ਼

ਅਮਰੀਕੀ ਵਿਦੇਸ਼ ਵਿਭਾਗ ਦੇ ਕਾਨੂੰਨੀ ਸਲਾਹਕਾਰ ਦਫ਼ਤਰ ਨੇ ਨਿਊਯਾਰਕ ਦੀ ਦੱਖਣੀ ਜ਼ਿਲ੍ਹਾ ਅਦਾਲਤ ਨੂੰ ਦਿੱਤੀ ਜਾਣਕਾਰੀ ਵਿੱਚ ਕਿਹਾ ਕਿ ਮੁਕੱਦਮੇ ਦੇ ਦਸਤਾਵੇਜ਼ ਵਾਸ਼ਿੰਗਟਨ ਡੀ ਸੀ ਸਥਿਤ ਭਾਰਤੀ ਦੂਤਾਵਾਸ ਨੂੰ ਵਿਦੇਸ਼ ਵਿਭਾਗ ਦੇ ਕੂਟਨੀਤਕ ਨੋਟ ਰਾਹੀਂ ਸੌਂਪੇ ਗਏ ਹਨ। ਸਲਾਹਕਾਰ ਮੁਤਾਬਕ ਇਸ ਨੋਟ 'ਤੇ 30 ਸਤੰਬਰ, 2020 ਦੀ ਤਰੀਕ ਦਰਜ ਸੀ ਅਤੇ ਇਹ 9 ਅਕਤੂਬਰ 2026 ਨੂੰ ਭਾਰਤੀ ਦੂਤਾਵਾਸ ਨੂੰ ਸੌਂਪਿਆ ਗਿਆ।


ਪੰਨੂ ਨੇ ਆਪਣੇ ਮੁਕੱਦਮੇ ਵਿੱਚ ਗੰਭੀਰ ਮਾਨਸਿਕ ਪੀੜਾ ਪਹੁੰਚਾਉਣ ਦੇ ਬਦਲੇ ਵਿੱਤੀ ਮੁਆਵਜ਼ੇ ਦੀ ਮੰਗ ਕੀਤੀ ਹੈ। ਉਸ ਨੇ ਦੋਸ਼ ਲਾਇਆ ਹੈ ਕਿ ਰਾਅ ਦੇ ਸੀਨੀਅਰ ਅਧਿਕਾਰੀ ਵਿਕਰਮ ਯਾਦਵ ਨੇ ਨਿਖਿਲ ਗੁਪਤਾ ਨੂੰ ਸਿੱਖਸ ਫਾਰ ਜਸਟਿਸ (ਐੱਸਐੱਫਜੇ) ਦੇ ਜਨਰਲ ਕੌਂਸਲ ਦੀ ਹੱਤਿਆ ਕਰਵਾਉਣ ਲਈ ਕਿਰਾਏ ਦੇ ਕਾਤਲਾਂ ਦਾ ਪ੍ਰਬੰਧ ਕਰਨ ਵਾਸਤੇ ਭਰਤੀ ਕੀਤਾ ਸੀ।

ਭਾਰਤੀ ਸੁਰੱਖਿਆ ਅਧਿਕਾਰੀਆਂ ਦੀ ਸ਼ਮੂਲੀਅਤ ਦੇ ਲਾਏ ਦੋਸ਼

ਪੰਨੂ ਨੇ ਦਾਅਵਾ ਕੀਤਾ ਹੈ ਕਿ ਕਥਿਤ ਹੱਤਿਆ ਦੀ ਸਾਜ਼ਿਸ਼ ਨੂੰ ਭਾਰਤ ਦੇ ਉੱਚ ਸੁਰੱਖਿਆ ਅਧਿਕਾਰੀਆਂ ਦੀ ਮਨਜ਼ੂਰੀ ਹਾਸਲ ਸੀ। ਉਸ ਮੁਤਾਬਕ ਇਹ ਸਾਜ਼ਿਸ਼ ਇਸ ਕਰਕੇ ਨਾਕਾਮ ਹੋਈ ਕਿਉਂਕਿ ਕਤਲ ਲਈ ਸੰਪਰਕ ਕੀਤੇ ਗਏ ਵਿਅਕਤੀ ਅਮਰੀਕੀ ਕਾਨੂੰਨ ਲਾਗੂ ਕਰਨ ਵਾਲੀ ਏਜੰਸੀ ਦੇ ਗੁਪਤ ਏਜੰਟ ਸਨ। ਭਾਰਤ ਨੇ ਪੰਨੂ ਨੂੰ ਅਤਿਵਾਦੀ ਅਤੇ ਉਸ ਦੀ ਜਥੇਬੰਦੀ ਸਿੱਖਸ ਫਾਰ ਜਸਟਿਸ ਨੂੰ ਗੈਰਕਾਨੂੰਨੀ ਸੰਗਠਨ ਐਲਾਨਿਆ ਹੋਇਆ ਹੈ। ਪੰਨੂ ਕੈਨੇਡਾ ਵਿੱਚ ਭਾਰਤੀ ਡਿਪਲੋਮੈਟਾਂ ਨੂੰ ਨੁਕਸਾਨ ਪਹੁੰਚਾਉਣ ਦੀਆਂ ਅਪੀਲਾਂ ਕਰਨ ਤੋਂ ਇਲਾਵਾ ਭਾਰਤ 'ਤੇ ਹਮਲਿਆਂ ਦੀਆਂ ਕਈ ਧਮਕੀਆਂ ਵੀ ਦੇ ਚੁੱਕਾ ਹੈ। ਉਹ ਖਾਲਿਸਤਾਨ ਦੀ ਮੰਗ ਦਾ ਖੁੱਲ੍ਹ ਕੇ ਸਮਰਥਨ ਕਰਦਾ ਹੈ।

ਭਾਰਤ ਸਰਕਾਰ ਨੇ ਇਸ ਮਾਮਲੇ ਦੀ ਜਾਂਚ ਲਈ ਉੱਚ ਪੱਧਰੀ ਕਮੇਟੀ ਬਣਾਈ ਸੀ। ਕਮੇਟੀ ਨੇ ਆਪਣੀ ਜਾਂਚ ਵਿੱਚ ਕਿਸੇ ਵੀ ਉੱਚ ਅਧਿਕਾਰੀ ਦੀ ਸੰਸਥਾਗਤ ਪੱਧਰ 'ਤੇ ਸ਼ਮੂਲੀਅਤ ਹੋਣ ਦੇ ਦੋਸ਼ਾਂ ਨੂੰ ਸਹੀ ਨਹੀਂ ਪਾਇਆ ਅਤੇ ਅਧਿਕਾਰੀਆਂ ਨੂੰ ਇਸ ਮਾਮਲੇ ਵਿੱਚ ਸੰਸਥਾਗਤ ਸ਼ਮੂਲੀਅਤ ਤੋਂ ਮੁਕਤ ਕਰ ਦਿੱਤਾ ਸੀ।

ਪੰਜਾਬ-ਹਰਿਆਣਾ ਤੋਂ ਬੀਬੀਐੱਮਬੀ ਬਕਾਏ ਬਾਰੇ ਫ਼ੈਸਲਾ ਹਿਮਾਚਲ ਦੀ ਵੱਡੀ ਜਿੱਤ: ਸੁੱਖੂ



ਸ਼ਿਮਲਾ, 10 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਹਿਮਾਚਲ ਪ੍ਰਦੇਸ਼ ਦੇ ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ ਨੇ ਭਾਖੜਾ ਬਿਆਸ ਪ੍ਰਬੰਧਨ ਬੋਰਡ (ਬੀਬੀਐੱਮਬੀ) ਦੇ ਬਿਜਲੀ ਬਕਾਏ ਬਾਰੇ ਸੁਪਰੀਮ ਕੋਰਟ ਦੇ ਫ਼ੈਸਲੇ ਦਾ ਸਵਾਗਤ ਕਰਦਿਆਂ ਕਿਹਾ ਹੈ ਕਿ ਇਹ ਜਿੱਤ ਉਨ੍ਹਾਂ ਦੀ ਸਰਕਾਰ ਵੱਲੋਂ ਕਿਸ਼ਾਊ ਡੈਮ ਪ੍ਰਾਜੈਕਟ ਬਾਰੇ ਅਪਣਾਏ ਗਏ ਸਖ਼ਤ ਰੁਖ਼ ਦਾ ਨਤੀਜਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਕੇਂਦਰੀ ਬਿਜਲੀ ਮੰਤਰੀ ਅਤੇ ਸਬੰਧਤ ਅਧਿਕਾਰੀਆਂ ਨਾਲ ਮੀਟਿੰਗਾਂ ਦੌਰਾਨ ਉਨ੍ਹਾਂ ਨੇ ਹਿਮਾਚਲ ਦੇ ਬਕਾਏ ਦਾ ਮੁੱਦਾ ਲਗਾਤਾਰ ਉਠਾਇਆ ਸੀ ਅਤੇ ਸਪੱਸ਼ਟ ਕੀਤਾ ਸੀ ਕਿ ਕਿਸ਼ਾਊ ਡੈਮ ਪ੍ਰਾਜੈਕਟ 'ਤੇ ਅੱਗੇ ਵਧਣ ਤੋਂ ਪਹਿਲਾਂ ਹਿਮਾਚਲ ਦੇ ਹੱਕਾਂ ਦਾ ਨਿਬੇੜਾ ਕੀਤਾ ਜਾਵੇ।

ਸੁੱਖੂ ਨੇ ਕਿਹਾ ਕਿ ਹਿਮਾਚਲ ਸਰਕਾਰ ਨੇ 440 ਮੈਗਾਵਾਟ ਦੇ ਕਿਸ਼ਾਊ ਡੈਮ ਪ੍ਰਾਜੈਕਟ ਦੀ ਲਾਗਤ ਸਾਂਝੀ ਕਰਨ ਤੋਂ ਇਨਕਾਰ ਕਰ ਦਿੱਤਾ ਸੀ। ਇਸ ਮਗਰੋਂ ਹਰਿਆਣਾ ਸਰਕਾਰ ਨੇ ਸੁਪਰੀਮ ਕੋਰਟ ਵਿੱਚ ਹਿਮਾਚਲ ਦੇ ਹੱਕ ਵਿੱਚ ਹਲਫ਼ਨਾਮਾ ਦਾਇਰ ਕਰਨ ਦਾ ਭਰੋਸਾ ਦਿੱਤਾ ਸੀ।

ਜ਼ਿਕਰਯੋਗ ਹੈ ਕਿ ਸੁਪਰੀਮ ਕੋਰਟ ਨੇ ਸ਼ੁੱਕਰਵਾਰ ਨੂੰ ਛੇ ਦਹਾਕਿਆਂ ਤੋਂ ਚੱਲੇ ਆ ਰਹੇ ਬਿਜਲੀ ਬਕਾਏ ਦੇ ਵਿਵਾਦ ਦਾ ਨਿਬੇੜਾ ਕਰਦਿਆਂ ਪੰਜਾਬ ਅਤੇ ਹਰਿਆਣਾ ਨੂੰ 20 ਸਾਲਾਂ ਦੌਰਾਨ ਹਿਮਾਚਲ ਨੂੰ 11,973 ਮਿਲੀਅਨ ਯੂਨਿਟ ਬਿਜਲੀ ਦੇਣ ਦੇ ਹੁਕਮ ਦਿੱਤੇ ਹਨ। ਇਹ ਬਿਜਲੀ ਹਰ ਸਾਲ ਅਕਤੂਬਰ ਤੋਂ ਮਾਰਚ ਦੇ ਘੱਟ ਮੰਗ ਵਾਲੇ ਛੇ ਮਹੀਨਿਆਂ ਦੌਰਾਨ ਦਿੱਤੀ ਜਾਵੇਗੀ।

ਸੁਪਰੀਮ ਕੋਰਟ ਦੇ ਫ਼ੈਸਲੇ ਅਨੁਸਾਰ ਹਿਮਾਚਲ ਦੀ ਭਾਖੜਾ-ਨੰਗਲ ਅਤੇ ਬਿਆਸ ਪ੍ਰਾਜੈਕਟਾਂ ਦੀ ਪੂੰਜੀ ਲਾਗਤ ਵਿੱਚ 7.19 ਫ਼ੀਸਦੀ ਹਿੱਸੇਦਾਰੀ 420.77 ਕਰੋੜ ਰੁਪਏ ਬਣਦੀ ਹੈ। ਇਸ ਵਿੱਚੋਂ 249.23 ਕਰੋੜ ਰੁਪਏ ਪੰਜਾਬ ਅਤੇ 171.55 ਕਰੋੜ ਰੁਪਏ ਹਰਿਆਣਾ ਨਾਲ ਸਬੰਧਤ ਹਨ। ਇਹ ਰਕਮ ਬਕਾਇਆ ਬਿਜਲੀ ਵਿੱਚੋਂ 3.85 ਰੁਪਏ ਪ੍ਰਤੀ ਯੂਨਿਟ ਦੇ ਹਿਸਾਬ ਨਾਲ ਕੱਟੀ ਜਾਵੇਗੀ। ਇਸ ਤਰ੍ਹਾਂ 1,093 ਮਿਲੀਅਨ ਯੂਨਿਟ ਦੀ ਕਟੌਤੀ ਮਗਰੋਂ 11,973 ਮਿਲੀਅਨ ਯੂਨਿਟ ਬਿਜਲੀ ਬਾਕੀ ਰਹੇਗੀ। ਪੰਜਾਬ ਅਤੇ ਹਰਿਆਣਾ ਭਾਖੜਾ-ਨੰਗਲ ਪ੍ਰਾਜੈਕਟ ਲਈ 58:42 ਅਤੇ ਬਿਆਸ ਪ੍ਰਾਜੈਕਟਾਂ ਲਈ 60:40 ਦੇ ਅਨੁਪਾਤ ਵਿੱਚ ਬਿਜਲੀ ਦੇਣਗੇ।

ਪੰਜਾਬ ਨੇ ਦਲੀਲ ਦਿੱਤੀ ਸੀ ਕਿ ਹਿਮਾਚਲ ਨੂੰ ਪਹਿਲਾਂ ਮਿਲਦੀ ਰਹੀ ਰੋਜ਼ਾਨਾ 1.2 ਲੱਖ ਯੂਨਿਟ ਬਿਜਲੀ ਨੂੰ ਵੀ ਬਕਾਏ ਵਿੱਚੋਂ ਘਟਾਇਆ ਜਾਣਾ ਚਾਹੀਦਾ ਹੈ। ਪੰਜਾਬ ਨੇ ਬਕਾਏ ਦੀ ਮਾਤਰਾ 11,094 ਮਿਲੀਅਨ ਯੂਨਿਟ ਮੰਨਣ ਅਤੇ ਬਿਜਲੀ ਦੇਣ ਲਈ 30 ਸਾਲ ਦਾ ਸਮਾਂ ਦੇਣ ਦੀ ਮੰਗ ਕੀਤੀ ਸੀ ਪਰ ਅਦਾਲਤ ਨੇ ਇਨ੍ਹਾਂ ਇਤਰਾਜ਼ਾਂ ਨੂੰ ਰੱਦ ਕਰ ਦਿੱਤਾ।

ਸੁੱਖੂ ਨੇ ਕਿਹਾ ਕਿ 15 ਸਾਲਾਂ ਤੋਂ ਲਟਕਿਆ ਇਹ ਮਾਮਲਾ ਸਰਕਾਰ ਦੀ ਸਰਗਰਮ ਪੈਰਵੀ ਤੋਂ ਬਿਨਾਂ ਹੋਰ ਕਈ ਸਾਲ ਲਟਕ ਸਕਦਾ ਸੀ। ਉਨ੍ਹਾਂ ਦੱਸਿਆ ਕਿ ਸਰਕਾਰ ਬੀਬੀਐੱਮਬੀ ਤੋਂ ਮਿਲਣ ਵਾਲੀ ਬਿਜਲੀ ਬਿਹਤਰ ਕੀਮਤ 'ਤੇ ਵੇਚਣ ਦੀਆਂ ਸੰਭਾਵਨਾਵਾਂ ਤਲਾਸ਼ ਰਹੀ ਹੈ। ਛੇ ਰੁਪਏ ਪ੍ਰਤੀ ਯੂਨਿਟ ਦੇ ਹਿਸਾਬ ਨਾਲ ਲਗਪਗ 500 ਕਰੋੜ ਰੁਪਏ ਦੀ ਆਮਦਨ ਹੋ ਸਕਦੀ ਹੈ, ਜਦਕਿ ਬਿਹਤਰ ਸਮਝੌਤੇ ਨਾਲ ਇਹ ਆਮਦਨ 1,000 ਕਰੋੜ ਰੁਪਏ ਤੱਕ ਪਹੁੰਚਾਉਣ ਦਾ ਟੀਚਾ ਹੈ। ਉਨ੍ਹਾਂ 2032 ਤੱਕ ਹਿਮਾਚਲ ਨੂੰ ਦੇਸ਼ ਦਾ ਸਭ ਤੋਂ ਖ਼ੁਸ਼ਹਾਲ ਸੂਬਾ ਬਣਾਉਣ ਦਾ ਭਰੋਸਾ ਵੀ ਪ੍ਰਗਟਾਇਆ।

ਪ੍ਰਦੂਸ਼ਣ ਤੇ ਹੋਰ ਹਰ ਤਰ੍ਹਾਂ ਦੀ ਮਾੜੀ ਚੀਜ਼ ਲਈ ਪੰਜਾਬ ਨੂੰ ਨਿਸ਼ਾਨਾ ਬਣਾਉਣਾ ਸਹੀ ਨਹੀਂ: ਪਰਗਟ ਸਿੰਘ

ਚੰਡੀਗੜ੍ਹ, 10 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਵਿਚ ਪਰਾਲੀ ਸਾੜਨ ਦੇ ਮੁੱਦੇ 'ਤੇ ਦਿੱਲੀ ਦੇ ਮੰਤਰੀ ਕਪਿਲ ਮਿਸ਼ਰਾ ਦੀਆਂ ਟਿੱਪਣੀਆਂ 'ਤੇ ਪ੍ਰਤੀਕਿਰਿਆ ਦਿੰਦਿਆਂ, ਪੰਜਾਬ ਕਾਂਗਰਸ ਦੇ ਪ੍ਰਧਾਨ ਪਰਗਟ ਸਿੰਘ ਨੇ ਕਿਹਾ ਕਿ ਨਾ ਤਾਂ ਭਾਜਪਾ ਅਤੇ ਨਾ ਹੀ ਆਮ ਆਦਮੀ ਪਾਰਟੀ ਨੇ ਪੰਜਾਬ ਨੂੰ ਬਦਨਾਮ ਕਰਨ ਦਾ ਕੋਈ ਮੌਕਾ ਗੁਆਇਆ ਹੈ। ਜਦੋਂ ਆਮ ਆਦਮੀ ਪਾਰਟੀ ਸੱਤਾ ਵਿਚ ਸੀ, ਤਾਂ ਉਹ ਕਹਿੰਦੇ ਸਨ ਕਿ ਧੂੰਆਂ ਪੰਜਾਬ ਤੋਂ ਆ ਰਿਹਾ ਹੈ। ਹੁਣ ਜਦੋਂ ਭਾਜਪਾ ਸੱਤਾ ਵਿਚ ਹੈ, ਤਾਂ ਉਹ ਵੀ ਇਹ ਹੀ ਗੱਲ ਕਹਿ ਰਹੇ ਹਨ। ਹਾਲਾਂਕਿ ਹਵਾ ਦਾ ਅਜਿਹਾ ਕੋਈ ਤਕਨੀਕੀ ਪੈਟਰਨ ਨਹੀਂ ਹੈ, ਜੋ ਧੂੰਏਂ ਨੂੰ ਦਿੱਲੀ ਵੱਲ ਲੈ ਜਾਵੇ ਅਤੇ ਉੱਥੇ ਪ੍ਰਦੂਸ਼ਣ ਪੈਦਾ ਕਰੇ। ਦਿੱਲੀ ਖੁਦ ਵੱਡੇ ਪੱਧਰ 'ਤੇ ਪ੍ਰਦੂਸ਼ਣ ਦਾ ਸਾਹਮਣਾ ਕਰ ਰਹੀ ਹੈ। ਉੱਥੇ ਮਨੁੱਖੀ ਪ੍ਰਦੂਸ਼ਣ, ਸਿਆਸੀ ਪ੍ਰਦੂਸ਼ਣ ਅਤੇ ਹੋਰ ਕਈ ਤਰ੍ਹਾਂ ਦੇ ਪ੍ਰਦੂਸ਼ਣ ਮੌਜੂਦ ਹਨ। ਸਿਰਫ਼ ਪੰਜਾਬ ਨੂੰ ਨਿਸ਼ਾਨਾ ਬਣਾਉਣਾ ਅਤੇ ਸਾਰੀ ਗਲਤ ਚੀਜ਼ਾਂ ਲਈ ਇਸ ਨੂੰ ਜ਼ਿੰਮੇਵਾਰ ਠਹਿਰਾਉਣਾ ਬਿਲਕੁਲ ਵੀ ਸਹੀ ਨਹੀਂ ਹੈ।

ਜੇਲ੍ਹਾਂ 'ਚ ਨਸ਼ੇ ਦੇ ਆਦੀ ਕੈਦੀਆਂ ਦਾ ਮੁਫ਼ਤ ਇਲਾਜ ਕਰਵਾਏਗਾ ਹਾਈ ਕੋਰਟ; 3 ਪੜਾਵਾਂ 'ਚ ਬਣੇਗੀ ਯੋਜਨਾ

ਚੰਡੀਗੜ੍ਹ, 10 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਜੇਲ੍ਹਾਂ ਵਿੱਚ ਨਸ਼ੇ (ਓਪੀਓਇਡ) ਦੇ ਆਦੀ ਕੈਦੀਆਂ ਲਈ ਤਿੰਨ-ਪੜਾਵੀ ਇਲਾਜ ਪ੍ਰੋਟੋਕੋਲ ਨੂੰ ਅੰਤਿਮ ਰੂਪ ਦੇਣ ਦੀ ਦਿਸ਼ਾ ਵੱਲ ਵਧ ਰਹੀ ਹੈ। ਇਸ ਕਾਰਜ ਪ੍ਰਣਾਲੀ (ਪ੍ਰੋਟੋਕੋਲ) ਨੂੰ ਪੂਰੀ ਤਰ੍ਹਾਂ ਲਾਗੂ ਕਰਨ ਲਈ ਅਦਾਲਤ ਨੇ ਪੀਜੀਆਈਐੱਮਈਆਰ ਚੰਡੀਗੜ੍ਹ ਦੇ ਮਨੋਰੋਗ (ਸਾਈਕੀਆਟਰੀ) ਵਿਭਾਗ ਦੇ ਮੁਖੀ ਨੂੰ ਇਹ ਖੁੱਲ੍ਹ ਦਿੱਤੀ ਹੈ ਕਿ ਉਹ ਸਬੰਧਤ ਸੂਬਿਆਂ ਤੋਂ ਲੋੜੀਂਦੇ ਬਜਟ ਅਤੇ ਹੋਰ ਜ਼ਰੂਰੀ ਕਦਮਾਂ ਬਾਰੇ ਦੱਸ ਸਕਦੇ ਹਨ।

ਇਹ ਘਟਨਾਕ੍ਰਮ ਇਸ ਲਈ ਅਹਿਮ ਹੈ ਕਿਉਂਕਿ ਇਸ ਕਵਾਇਦ ਦਾ ਮਕਸਦ ਮਾਹਿਰਾਂ ਵੱਲੋਂ ਤਿਆਰ ਕੀਤੇ ਇਲਾਜ ਪ੍ਰੋਟੋਕੋਲ ਨੂੰ ਸਰਕਾਰਾਂ ਦੇ ਸਹਿਯੋਗ ਨਾਲ ਜੇਲ੍ਹਾਂ ਵਿੱਚ ਅਮਲੀ ਰੂਪ ਦੇਣਾ ਹੈ।

ਇਸ ਤੋਂ ਪਹਿਲਾਂ, ਅਦਾਲਤ ਨੇ ਹਰਿਆਣਾ ਸਰਕਾਰ ਵੱਲੋਂ ਦਾਇਰ ਹਲਫ਼ਨਾਮਾ ਰਿਕਾਰਡ 'ਤੇ ਲਿਆ ਸੀ। ਹਰਿਆਣਾ ਦੀਆਂ ਜੇਲ੍ਹਾਂ ਦੇ 27,111 ਕੈਦੀਆਂ ਵਿੱਚੋਂ 1,295 ਕੈਦੀ ਨਸ਼ੇ ਦੀ ਆਦਤ ਦਾ ਇਲਾਜ ਕਰਵਾ ਰਹੇ ਸਨ। ਇਲਾਜ ਦੀ ਸੁਵਿਧਾ ਮਿਲਣ ਤੋਂ ਬਾਅਦ ਇਹ ਗਿਣਤੀ 1,829 ਤੋਂ ਘਟ ਕੇ 1,295 ਰਹਿ ਗਈ (ਯਾਨੀ 534 ਕੈਦੀ ਠੀਕ ਹੋਏ)।

ਦੂਜੇ ਪਾਸੇ, ਅਦਾਲਤ ਦੇ ਮਿੱਤਰ (ਅਮੀਕਸ ਕਿਊਰੀ) ਨੇ ਪੰਜਾਬ ਦੀਆਂ ਜੇਲ੍ਹਾਂ ਦੀ ਇੱਕ ਗੰਭੀਰ ਸਮੱਸਿਆ ਵੱਲ ਧਿਆਨ ਦਿਵਾਇਆ ਸੀ, ਜਿੱਥੇ ਜੇਲ੍ਹ ਵਿੱਚ ਆਉਣ ਤੋਂ ਬਾਅਦ ਨਸ਼ੇ ਦੇ ਆਦੀ ਬਣਨ ਵਾਲੇ ਕੈਦੀਆਂ ਦੀ ਗਿਣਤੀ ਵਿੱਚ 83 ਫੀਸਦੀ ਵਾਧਾ ਦਰਜ ਕੀਤਾ ਗਿਆ। ਬੈਂਚ ਨੇ ਟਿੱਪਣੀ ਕੀਤੀ ਸੀ ਕਿ ਜੇਲ੍ਹ ਵਿੱਚ ਆਉਣ ਵੇਲੇ ਇਲਾਜ ਲਈ ਰਜਿਸਟਰਡ ਕੈਦੀਆਂ ਦੇ ਮੁਕਾਬਲੇ ਇਹ ਗਿਣਤੀ 4 ਤੋਂ 5 ਗੁਣਾ ਵੱਧ ਗਈ ਸੀ। ਮਾਮਲੇ ਦੀ ਸੁਣਵਾਈ ਕਰਦਿਆਂ ਮੁੱਖ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਅਤੇ ਜਸਟਿਸ ਰੋਹਿਤ ਕਪੂਰ ਦੇ ਬੈਂਚ ਨੇ ਦੱਸਿਆ ਕਿ ਪੀਜੀਆਈ ਦੇ ਮਨੋਰੋਗ ਵਿਭਾਗ ਦੇ ਮੁਖੀ ਨੇ ਇਲਾਜ ਪ੍ਰੋਟੋਕੋਲ ਸਬੰਧੀ ਹਲਫ਼ਨਾਮਾ ਦਾਇਰ ਕੀਤਾ ਹੈ। ਇਸ ਪ੍ਰੋਟੋਕੋਲ ਵਿੱਚ ਤਿੰਨ ਪੜਾਅ ਸ਼ਾਮਲ ਹਨ, ਜੋ ਕੈਦੀਆਂ ਦੀਆਂ ਸਮੱਸਿਆਵਾਂ ਅਨੁਸਾਰ ਇਲਾਜ ਦਾ ਸੁਝਾਅ ਦਿੰਦੇ ਹਨ।

ਅਮੀਕਸ ਕਿਊਰੀ ਤਨੂ ਬੇਦੀ ਅਤੇ ਰਾਜ ਦੇ ਵਕੀਲ ਨਾਲ ਵਿਚਾਰ-ਵਟਾਂਦਰਾ ਕਰਨ ਤੋਂ ਬਾਅਦ ਬੈਂਚ ਨੇ ਕਿਹਾ ਕਿ ਸਾਰੀਆਂ ਧਿਰਾਂ ਵਿਚਕਾਰ ਇਹ ਸਹਿਮਤੀ ਬਣੀ ਹੈ ਕਿ ਇੱਕ ਕਮੇਟੀ ਦੁਬਾਰਾ ਬੈਠਕ ਕਰੇਗੀ ਅਤੇ ਪ੍ਰੋਟੋਕੋਲ ਦੇ ਮੁੱਖ ਪੁਆਇੰਟਾਂ ਨੂੰ ਅੰਤਿਮ ਛੋਹਾਂ ਦੇਵੇਗੀ, ਤਾਂ ਜੋ ਇਸ ਨੂੰ ਪੂਰੀ ਤਰ੍ਹਾਂ ਲਾਗੂ ਕੀਤਾ ਜਾ ਸਕੇ। ਅਦਾਲਤ ਨੇ ਪੀਜੀਆਈ ਦੇ ਸਾਈਕੀਆਟਰੀ ਵਿਭਾਗ ਦੇ ਮੁਖੀ ਨੂੰ ਇਹ ਅਧਿਕਾਰ ਦਿੱਤਾ ਹੈ ਕਿ ਉਹ ਸੂਬਿਆਂ ਤੋਂ ਲੋੜੀਂਦੀ ਬਜਟ ਰਾਸ਼ੀ ਅਤੇ ਹੋਰ ਪ੍ਰਬੰਧਾਂ ਦਾ ਵੇਰਵਾ ਦੇਣ, ਜਿਸ ਬਾਰੇ ਸਬੰਧਤ ਸੂਬਿਆਂ ਨੂੰ ਸੂਚਿਤ ਕਰਕੇ ਉਨ੍ਹਾਂ ਦਾ ਸਹਿਯੋਗ ਲਿਆ ਜਾਵੇਗਾ। ਅਦਾਲਤ ਨੇ ਆਸ ਪ੍ਰਗਟਾਈ ਕਿ ਮਾਹਿਰਾਂ ਵੱਲੋਂ ਮੰਗੀ ਗਈ ਸਹਾਇਤਾ ਸਰਕਾਰਾਂ ਰਾਹੀਂ ਤੁਰੰਤ ਦਿੱਤੀ ਜਾਵੇਗੀ।

ਯੂਪੀ ਵਿੱਚ ਵਾਪਰੇ ਭਿਆਨਕ ਸੜਕ ਹਾਦਸੇ ਚ ਹਰਿਆਣਾ ਦੇ ਛੇ ਨੌਜਵਾਨ ਜਿਊਂਦੇ ਸੜੇ

ਹਿਸਾਰ, 10 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-



ਉੱਤਰ ਪ੍ਰਦੇਸ਼ ਦੇ ਮੁਜ਼ੱਫਰਨਗਰ ਜ਼ਿਲ੍ਹੇ ਤੋਂ ਲਗਪਗ 25 ਕਿਲੋਮੀਟਰ ਦੂਰ ਪਾਨੀਪਤ-ਖਟੀਮਾ ਕੌਮੀ ਰਾਜਮਾਰਗ @ਤੇ ਇੱਕ ਦਰਦਨਾਕ ਸੜਕ ਹਾਦਸੇ ਵਿੱਚ ਹਰਿਆਣਾ ਦੇ ਹਾਂਸੀ ਜ਼ਿਲ੍ਹੇ ਦੇ ਦੋ ਪਿੰਡਾਂ ਦੇ ਛੇ ਨੌਜਵਾਨ ਉਸ ਸਮੇਂ ਜਿਊਂਦੇ ਸੜ ਗਏ, ਜਦੋਂ ਉਨ੍ਹਾਂ ਦੀ ਕਾਰ ਇੱਕ ਬਿਜਲੀ ਦੇ ਖੰਭੇ ਨਾਲ ਟਕਰਾਉਣ ਤੋਂ ਬਾਅਦ ਅੱਗ ਦੀ ਲਪੇਟ ਵਿੱਚ ਆ ਗਈ। ਇਹ ਹਾਦਸਾ ਅੱਜ ਸਵੇਰੇ ਵਾਪਰਿਆ।

ਮ੍ਰਿਤਕਾਂ ਦੀ ਪਛਾਣ ਸਾਹਿਲ (20), ਅਮਨ (21), ਅਜੈ (21), ਅੰਕਿਤ (21), ਉਸ ਦੇ ਹਮਨਾਮ ਅੰਕਿਤ (21) ਅਤੇ ਰਾਹੁਲ (23) ਵਜੋਂ ਹੋਈ ਹੈ। ਇਨ੍ਹਾਂ ਵਿੱਚੋਂ ਚਾਰ ਨੌਜਵਾਨ—ਸਾਹਿਲ, ਰਾਹੁਲ ਅਤੇ ਦੋਵੇਂ ਅੰਕਿਤ ਰਾਖੀਗੜ੍ਹੀ ਪਿੰਡ ਨਾਲ ਸਬੰਧਤ ਸਨ, ਜਦਕਿ ਅਮਨ ਅਤੇ ਅਜੈ ਮੋਠ ਰੰਗੜਾਂ ਪਿੰਡ ਦੇ ਰਹਿਣ ਵਾਲੇ ਸਨ। ਅੰਕਿਤ ਅਤੇ ਰਾਹੁਲ ਸਕੇ ਭਰਾ ਸਨ। ਜਿੱਥੇ ਅਮਨ, ਅਜੈ ਅਤੇ ਅੰਕਿਤ ਵਿਦਿਆਰਥੀ ਸਨ, ਉੱਥੇ ਹੀ ਬਾਕੀ ਤਿੰਨ ਨੌਜਵਾਨ ਆਪਣਾ ਕੰਮ-ਕਾਰ ਕਰਦੇ ਸਨ।

ਇਸ ਦਰਦਨਾਕ ਹਾਦਸੇ ਦੀ ਖ਼ਬਰ ਮਿਲਦਿਆਂ ਹੀ ਦੋਵਾਂ ਗੁਆਂਢੀ ਪਿੰਡਾਂ ਵਿੱਚ ਸੋਗ ਦੀ ਲਹਿਰ ਦੌੜ ਗਈ ਹੈ। ਇਹ ਨੌਜਵਾਨ ਸੋਮਵਾਰ ਨੂੰ ਮੱਸਿਆ ਦੇ ਮੌਕੇ @ਤੇ ਹਰੀਦਵਾਰ ਵਿਖੇ ਗੰਗਾ ਵਿੱਚ ਪਵਿੱਤਰ ਇਸ਼ਨਾਨ ਕਰਨ ਲਈ ਦੇਰ ਰਾਤ ਕਰੀਬ 12 ਵਜੇ ਬਿਨਾਂ ਦੱਸੇ ਘਰੋਂ ਨਿਕਲੇ ਸਨ। ਪਰਿਵਾਰ ਵਾਲੇ ਇਸ ਘਟਨਾ ਤੋਂ ਡੂੰਘੇ ਸਦਮੇ ਵਿੱਚ ਹਨ ਅਤੇ ਕੁਝ ਪਰਿਵਾਰਕ ਮੈਂਬਰ ਮ੍ਰਿਤਕ ਦੇਹਾਂ ਨੂੰ ਲਿਆਉਣ ਲਈ ਉੱਤਰ ਪ੍ਰਦੇਸ਼ ਲਈ ਰਵਾਨਾ ਹੋ ਚੁੱਕੇ ਹਨ।

ਪੀੜਤਾਂ ਵਿੱਚੋਂ ਇੱਕ ਸਾਹਿਲ ਦੇ ਪਿਤਾ ਸੋਮ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦਾ ਪੁੱਤਰ ਹੁੰਡਈ ਔਰਾ ਕਾਰ ਚਲਾ ਰਿਹਾ ਸੀ, ਜੋ ਕਿ ਪਰਵੀਨ ਨਾਮ ਦੇ ਨੌਜਵਾਨ ਦੀ ਸੀ। ਸਾਹਿਲ ਨੇ ਹਾਦਸੇ ਤੋਂ ਦੋ ਦਿਨ ਪਹਿਲਾਂ ਹੀ ਪਰਵੀਨ ਤੋਂ ਇਹ ਕਾਰ ਲਈ ਸੀ।ਸੂਤਰਾਂ ਅਨੁਸਾਰ ਬਿਜਲੀ ਦੇ ਖੰਭੇ ਨਾਲ ਟਕਰਾਉਣ ਤੋਂ ਤੁਰੰਤ ਬਾਅਦ ਕਾਰ ਨੂੰ ਅੱਗ ਲੱਗ ਗਈ ਅਤੇ ਉਹ ਪੂਰੀ ਤਰ੍ਹਾਂ ਅੱਗ ਦੀ ਲਪੇਟ ਵਿੱਚ ਆ ਗਈ।

ਰਾਹਗੀਰਾਂ ਵੱਲੋਂ ਸੂਚਨਾ ਮਿਲਣ @ਤੇ ਪੁਲੀਸ ਅਤੇ ਫਾਇਰ ਬ੍ਰਿਗੇਡ ਦੇ ਕਰਮਚਾਰੀ ਮੌਕੇ @ਤੇ ਪਹੁੰਚ ਗਏ ਅਤੇ ਕਾਫ਼ੀ ਮੁਸ਼ੱਕਤ ਤੋਂ ਬਾਅਦ ਅੱਗ @ਤੇ ਕਾਬੂ ਪਾਇਆ। ਕਾਰ ਵਿੱਚ ਸਵਾਰ ਨੌਜਵਾਨਾਂ ਦੀਆਂ ਲਾਸ਼ਾਂ ਇਸ ਤਰ੍ਹਾਂ ਸੜ ਚੁੱਕੀਆਂ ਸਨ ਕਿ ਉਨ੍ਹਾਂ ਦੀ ਪਛਾਣ ਕਰਨਾ ਬਹੁਤ ਮੁਸ਼ਕਲ ਸੀ।

ਟਿੰਡਰ ਐਪ ਦੋਸਤੀ ਕਰਕੇ ਬਲੈਕਮੇਲ ਅਤੇ ਲੁੱਟਣ ਵਾਲੀ ਮਾਂ-ਧੀ ਦੀ ਜੋੜੀ ਪੁਲੀਸ ਅੜਿੱਕੇ



ਫਰੀਦਾਬਾਦ, 10 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਟਿੰਡਰ ਐਪ ਰਾਹੀਂ ਲੋਕਾਂ ਨੂੰ ਫਸਾ ਕੇ ਲੁੱਟਣ ਦੇ ਮਾਮਲੇ ਸਬੰਧੀ ਪੁਲੀਸ ਨੇ ਇੱਕ ਅੰਤਰਰਾਜੀ ਗਿਰੋਹ ਦਾ ਪਰਦਾਫਾਸ਼ ਕੀਤਾ ਹੈ। ਪੁਲੀਸ ਨੇ ਇਸ ਸਬੰਧ ਵਿੱਚ ਇੱਕ ਮਾਂ-ਧੀ ਨੂੰ ਗ੍ਰਿਫ਼ਤਾਰ ਕੀਤਾ ਹੈ, ਜੋ ਟਿੰਡਰ ਐਪ ਰਾਹੀਂ ਲੋਕਾਂ ਨਾਲ ਦੋਸਤੀ ਕਰਦੇ ਸਨ,ਲੁੱਟ-ਖੋਹ ਕਰਨ ਲਈ ਉਨ੍ਹਾਂ ਨੂੰ ਨਸ਼ੀਲਾ ਪਦਾਰਥ ਦਿੰਦੇ ਅਤੇ ਜਬਰ-ਜਨਾਹ (ਰੇਪ) ਦੇ ਝੂਠੇ ਕੇਸਾਂ ਵਿੱਚ ਫਸਾਉਣ ਦੀ ਧਮਕੀ ਦੇ ਕੇ ਪੈਸੇ ਵਸੂਲਦੇ ਸਨ। ਪੁਲੀਸ ਅਨੁਸਾਰ ਮੁਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਦੋਵੇਂ ਮਹਿਲਾ ਮੁਲਜ਼ਮ ਮਾਂ-ਧੀ ਹਨ ਅਤੇ ਉਹ ਬਹੁਤ ਹੀ ਚਲਾਕੀ ਨਾਲ ਆਪਣੇ ਜੁਰਮਾਂ ਨੂੰ ਅੰਜਾਮ ਦਿੰਦੀਆਂ ਸਨ। ਉਹ ਟਿੰਡਰ ਐਪ ਰਾਹੀਂ ਦੋਸਤੀ ਦੀਆਂ ਬੇਨਤੀਆਂ ਭੇਜ ਕੇ ਵਿਅਕਤੀਆਂ ਨੂੰ ਨਿਸ਼ਾਨਾ ਬਣਾਉਂਦੀਆਂ ਸਨ। ਮਿਲਣ ਦੇ ਬਹਾਨੇ,ਉਹ ਪੀੜਤਾਂ ਨੂੰ ਇੱਕ ਹੋਟਲ ਵਿੱਚ ਬੁਲਾਉਂਦੀਆਂ ਸਨ। ਹੋਟਲ ਪਹੁੰਚ ਕੇ,ਦੋਸ਼ੀ ਪੀੜਤਾਂ ਨੂੰ ਨਸ਼ੀਲਾ ਪਦਾਰਥ ਦਿੰਦੀਆਂ ਸਨ,ਉਨ੍ਹਾਂ ਨੂੰ ਲੁੱਟਦੀਆਂ ਸਨ ਅਤੇ ਫਿਰ ਮੌਕੇ ਤੋਂ ਫਰਾਰ ਹੋ ਜਾਂਦੀਆਂ ਸਨ।

ਇਹ ਵੀ ਖੁਲਾਸਾ ਹੋਇਆ ਹੈ ਕਿ ਮਾਂ-ਧੀ ਦੋਵਾਂ ਨੇ ਅਜਿਹੇ ਵਿਅਕਤੀਆਂ ਨੂੰ ਨਿਸ਼ਾਨਾ ਬਣਾਇਆ ਜੋ ਆਰਥਿਕ ਤੌਰ @ਤੇ ਅਮੀਰ ਜਾਪਦੇ ਸਨ। ਦੋਸ਼ੀ ਇਨ੍ਹਾਂ ਵਿਅਕਤੀਆਂ ਨੂੰ ਧਮਕਾਉਂਦੀਆਂ ਸਨ—ਜਾਂ ਪੁਲੀਸ ਸਟੇਸ਼ਨਾਂ ਵਿੱਚ ਉਨ੍ਹਾਂ ਵਿਰੁੱਧ ਜਬਰ-ਜਨਾਹ ਦੀਆਂ ਝੂਠੀਆਂ ਪੁਲੀਸ ਨੇ ਇੱਕ ਅੰਤਰਰਾਜੀ ਗਿਰੋਹ ਦਾ ਪਰਦਾਫਾਸ਼ ਕੀਤਾ ਹੈ। ਪੁਲੀਸ ਨੇ ਇਸ ਸਬੰਧ ਵਿੱਚ ਇੱਕ ਮਾਂ-ਧੀ ਨੂੰ ਗ੍ਰਿਫ਼ਤਾਰ ਕੀਤਾ ਹੈ, ਜੋ ਟਿੰਡਰ ਐਪ ਰਾਹੀਂ ਲੋਕਾਂ ਨਾਲ ਦੋਸਤੀ ਕਰਦੇ ਸਨ,ਲੁੱਟ-ਖੋਹ ਕਰਨ ਲਈ ਉਨ੍ਹਾਂ ਨੂੰ ਨਸ਼ੀਲਾ ਪਦਾਰਥ ਦਿੰਦੇ ਅਤੇ ਜਬਰ-ਜਨਾਹ (ਰੇਪ) ਦੇ ਝੂਠੇ ਕੇਸਾਂ ਵਿੱਚ ਫਸਾਉਣ ਦੀ ਧਮਕੀ ਦੇ ਕੇ ਪੈਸੇ ਵਸੂਲਦਸ਼ਿਕਾਇਤਾਂ ਦਰਜ ਕਰਵਾਉਂਦੀਆਂ ਸਨ—ਤਾ ਜੋ ਕਾਨੂੰਨੀ ਕਾਰਵਾਈ ਦਾ ਡਰ ਪੈਦਾ ਕੀਤਾ ਜਾ ਸਕੇ।

ਜਸਟਿਸ ਹਰਸਿਮਰਨ ਸਿੰਘ ਸੇਠੀ ਨੇ ਕਾਨੂੰਨੀ ਸੇਵਾਵਾਂ ਦਿਵਸ 'ਤੇ ਵਿਸ਼ੇਸ਼ ਪ੍ਰਚਾਰ ਵਾਹਨ ਕੀਤਾ ਰਵਾਨਾ

ਚੰਡੀਗੜ੍ਹ, 10 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਹਰਿਆਣਾ ਰਾਜ ਕਾਨੂੰਨੀ ਸੇਵਾਵਾਂ ਦਿਵਸ ਦੇ ਮੌਕੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਜੱਜ ਅਤੇ ਹਰਿਆਣਾ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਕਾਰਜਕਾਰੀ ਚੇਅਰਮੈਨ ਸ਼੍ਰੀ ਹਰਸਿਮਰਨ ਸਿੰਘ ਸੇਠੀ ਨੇ ਮੁਫ਼ਤ ਕਾਨੂੰਨੀ ਸਹਾਇਤਾ, ਕਾਨੂੰਨੀ ਹੱਕਾਂ ਅਤੇ ਕਾਨੂੰਨੀ ਸੇਵਾਵਾਂ ਅਥਾਰਟੀਆਂ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਯੋਜਨਾਵਾਂ ਤੇ ਸੇਵਾਵਾਂ ਪ੍ਰਤੀ ਆਮ ਲੋਕਾਂ ਨੂੰ ਜਾਗਰੂਕ ਕਰਨ ਦੇ ਮਨੋਰਥ ਨਾਲ ਵਿਸ਼ੇਸ਼ ਜਾਗਰੂਕਤਾ ਪ੍ਰਚਾਰ ਵਾਹਨ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।

ਇਹ ਪ੍ਰਚਾਰ ਵਾਹਨ ਹਰਿਆਣਾ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਮੁਫ਼ਤ ਕਾਨੂੰਨੀ ਸਹਾਇਤਾ ਦੀ ਉਪਲਬਧਤਾ, ਕਾਨੂੰਨੀ ਹੱਕਾਂ ਅਤੇ ਕਾਨੂੰਨੀ ਸੇਵਾਵਾਂ ਅਥਾਰਟੀਆਂ ਦੀਆਂ ਵੱਖ-ਵੱਖ ਅਹਿਮ ਪਹਿਲਕਦਮੀਆਂ ਨਾਲ ਸਬੰਧਤ ਜਾਣਕਾਰੀ ਭਰਪੂਰ ਫ਼ਲੈਕਸਾਂ ਅਤੇ ਬੈਨਰਾਂ ਨਾਲ ਸਜਾਇਆ ਗਿਆ ਹੈ।

ਇਸ ਪਹਿਲਕਦਮੀ ਦਾ ਮਨੋਰਥ ਕਾਨੂੰਨੀ ਜਾਗਰੂਕਤਾ ਨੂੰ ਆਮ ਲੋਕਾਂ ਦੇ ਬੂਹੇ ਤੱਕ ਪਹੁੰਚਾਉਣਾ ਅਤੇ ਵਿਸ਼ੇਸ਼ ਤੌਰ 'ਤੇ ਸਮਾਜ ਦੇ ਕਮਜ਼ੋਰ ਤੇ ਵਾਂਝੇ ਵਰਗਾਂ ਨੂੰ ਉਨ੍ਹਾਂ ਦੇ ਮੁਫ਼ਤ ਅਤੇ ਸਮਰੱਥ ਕਾਨੂੰਨੀ ਸੇਵਾਵਾਂ ਪ੍ਰਾਪਤ ਕਰਨ ਦੇ ਹੱਕ ਪ੍ਰਤੀ ਜਾਗਰੂਕ ਕਰਨਾ ਹੈ।

ਇਸ ਵਿਸ਼ੇਸ਼ ਜਾਗਰੂਕਤਾ ਮੁਹਿੰਮ ਦੇ ਅੰਤਰਗਤ ਇਹ ਪ੍ਰਚਾਰ ਵਾਹਨ 9 ਤੋਂ 15 ਨਵੰਬਰ ਤੱਕ ਪੰਚਕੂਲਾ ਦੇ ਵੱਖ-ਵੱਖ ਸਥਾਨਾਂ ਅਤੇ ਪਿੰਡਾਂ ਦਾ ਦੌਰਾ ਕਰੇਗਾ। ਇਸ ਦੌਰਾਨ ਆਮ ਲੋਕਾਂ ਨੂੰ ਮੁਫ਼ਤ ਕਾਨੂੰਨੀ ਸਹਾਇਤਾ, ਕਾਨੂੰਨੀ ਜਾਗਰੂਕਤਾ ਪ੍ਰੋਗਰਾਮਾਂ ਅਤੇ ਕਾਨੂੰਨੀ ਸੇਵਾਵਾਂ ਅਥਾਰਟੀਆਂ ਵੱਲੋਂ ਸੰਚਾਲਿਤ ਵੱਖ-ਵੱਖ ਜਨ-ਕਲਿਆਣਕਾਰੀ ਯੋਜਨਾਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਜਾਵੇਗੀ।

ਇਸ ਮੁਹਿੰਮ ਨੂੰ ਹੋਰ ਵੀ ਪ੍ਰਭਾਵਸ਼ਾਲੀ ਅਤੇ ਲੋਕ-ਹਿੱਤੂ ਬਣਾਉਣ ਲਈ ਵਾਹਨ ਵਿੱਚ ਲਗਾਏ ਗਏ ਪਬਲਿਕ ਐਲਾਨ ਪ੍ਰਣਾਲੀ ਰਾਹੀਂ ਨਾਲਸਾ ਦਾ ਗੀਤ ਅਤੇ ਕਾਨੂੰਨੀ ਜਾਗਰੂਕਤਾ ਨਾਲ ਸਬੰਧਤ ਡਾਕੂਮੈਂਟਰੀਆਂ ਵੀ ਪ੍ਰਸਾਰਿਤ ਕੀਤੀਆਂ ਜਾਣਗੀਆਂ। ਇਸ ਨਾਲ ਜਨ-ਸੰਪਰਕ ਅਤੇ ਲੋਕ ਜਾਗਰੂਕਤਾ ਨੂੰ ਹੋਰ ਵਧਾਵਾ ਮਿਲੇਗਾ ਅਤੇ ਲੋਕਾਂ ਨੂੰ ਆਪਣੇ ਕਾਨੂੰਨੀ ਹੱਕਾਂ ਤੇ ਨਿਆਂ ਤੱਕ ਪਹੁੰਚ ਦੀ ਅਹਿਮੀਅਤ ਬਾਰੇ ਜਾਗਰੂਕ ਕੀਤਾ ਜਾ ਸਕੇਗਾ।

ਅਥਾਰਟੀ ਦੀ ਇਹ ਪਹਿਲਕਦਮੀ ਆਮ ਜਨਤਾ ਤੱਕ ਆਪਣੀ ਪਹੁੰਚ ਨੂੰ ਲਗਾਤਾਰ ਮਜ਼ਬੂਤ ਕਰਨ ਅਤੇ ਸੁਚਾਰੂ ਬਣਾਉਣ ਦੀ ਦਿਸ਼ਾ ਵਿੱਚ ਕੀਤੇ ਜਾ ਰਹੇ ਯਤਨਾਂ ਨੂੰ ਦਰਸਾਉਂਦੀ ਹੈ।

ਗੁਦਾਮ ਵਿੱਚ ਅੱਗ ਲੱਗਣ ਕਾਰਨ ਲੱਖਾਂ ਦਾ ਨੁਕਸਾਨ

ਪਿਹੋਵਾ, 10 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਦੀਵਾਲੀ ਦੀ ਰਾਤ ਪਿਹੋਵਾ ਦੇ ਕੈਥਲ ਰੋਡ 'ਤੇ ਵਾਹਨਾਂ ਦੇ ਕਬਾੜ ਦੇ ਗੁਦਾਮ ਵਿੱਚ ਅੱਗ ਲੱਗ ਗਈ। ਇਸ ਦੌਰਾਨ ਗੁਦਾਮ ਵਿੱਚ ਰੱਖੇ ਪੁਰਾਣੇ ਟਾਇਰਾਂ, ਪਲਾਸਟਿਕ, ਰਬੜ ਅਤੇ ਵਾਹਨਾਂ ਦੀ ਸਕਰੈਪ ਸੜ ਕੇ ਸੁਆਹ ਹੋ ਗਈ। ਹਾਦਸੇ ਕਾਰਨ ਕਰੀਬ 5-6 ਲੱਖ ਰੁਪਏ ਦਾ ਨੁਕਸਾਨ ਹੋਣ ਦਾ ਅਨੁਮਾਨ ਹੈ ਤੇ ਇਸ ਦੌਰਾਨ ਜਾਨੀ ਨੁਕਸਾਨ ਤੋਂ ਬਚਾਅ ਰਿਹਾ। ਗੁਦਾਮ ਵਿੱਚੋਂ ਅੱਗ ਦੀਆਂ ਲਪਟਾਂ ਜਦੋਂ ਨੇੜਲੀਆਂ ਦੁਕਾਨਾਂ ਵੱਲ ਵਧਣ ਲੱਗੀਆਂ ਤਾਂ ਲੋਕ ਡਰ ਗਏ। ਉਨ੍ਹਾਂ ਨੇ ਖੁਦ ਅੱਗ ਬੁਝਾਉਣ ਦੀ ਕੋਸ਼ਿਸ਼ ਕੀਤੀ, ਪਰ ਅੱਗ ਇੰਨੀ ਫੈਲ ਚੁੱਕੀ ਸੀ ਕਿ ਇਸ 'ਤੇ ਕਾਬੂ ਨਹੀਂ ਪਾਇਆ ਜਾ ਸਕਿਆ। ਇਸ ਤੋਂ ਬਾਅਦ ਆਸ-ਪਾਸ ਦੇ ਲੋਕ ਵੀ ਮੌਕੇ 'ਤੇ ਇਕੱਠੇ ਹੋ ਗਏ ਅਤੇ ਆਪਣੇ ਪੱਧਰ 'ਤੇ ਅੱਗ ਬੁਝਾਉਣ ਦਾ ਯਤਨ ਕੀਤਾ, ਪਰ ਗੁਦਾਮ ਵਿੱਚ ਪਏ ਪੁਰਾਣੇ ਟਾਇਰਾਂ ਅਤੇ ਪਲਾਸਟਿਕ ਦੇ ਸਾਮਾਨ ਕਾਰਨ ਅੱਗ ਲਗਾਤਾਰ ਵਧਦੀ ਗਈ। ਇਸ ਤੋਂ ਬਾਅਦ ਡਾਇਲ-112 'ਤੇ ਸੂਚਨਾ ਦਿੱਤੀ ਗਈ। ਸੂਚਨਾ ਮਿਲਦਿਆਂ ਹੀ ਫਾਇਰ ਬ੍ਰਿਗੇਡ ਦੀ ਟੀਮ ਮੌਕੇ 'ਤੇ ਪਹੁੰਚ ਗਈ ਅਤੇ ਲਗਪਗ 3-4 ਘੰਟੇ ਦੀ ਮੁਸ਼ੱਕਤ ਤੋਂ ਬਾਅਦ ਫਾਇਰ ਬ੍ਰਿਗੇਡ ਦੀਆਂ 3 ਗੱਡੀਆਂ ਨੇ ਅੱਗ ਬੁਝਾਈ। ਅੱਗ ਕਾਰਨ ਗੁਦਾਮ ਵਿੱਚ ਰੱਖਿਆ ਸਾਰਾ ਸਕਰੈਪ ਸੜ ਕੇ ਸੁਆਹ ਹੋ ਗਿਆ। ਗੁਦਾਮ ਮਾਲਕ ਨੂੰ ਅੱਗ ਲੱਗਣ ਦੀ ਸੂਚਨਾ ਪਹਿਲਾਂ ਗੁਆਂਢੀ ਤੋਂ ਮਿਲੀ। ਮਾਲਕ ਨੇ ਦੱਸਿਆ ਕਿ ਉਹ ਦੀਵਾਲੀ ਵਾਲੀ ਦਿਨ ਸ਼ਾਮ 5:30 ਵਜੇ ਦੇ ਕਰੀਬ ਗੁਦਾਮ ਬੰਦ ਕਰ ਕੇ ਘਰ ਗਿਆ ਸੀ। ਕਰੀਬ 2 ਘੰਟੇ ਬਾਅਦ ਗੁਆਂਢੀ ਨੇ ਫੋਨ ਕਰਕੇ ਗੁਦਾਮ ਨੂੰ ਅੱਗ ਲੱਗਣ ਦੀ ਸੂਚਨਾ ਦਿੱਤੀ, ਜਿਸ ਤੋਂ ਬਾਅਦ ਉਹ ਤੁਰੰਤ ਮੌਕੇ 'ਤੇ ਪਹੁੰਚ ਗਏ। ਉੱਥੇ ਅੱਗ ਬਹੁਤ ਤੇਜ਼ੀ ਨਾਲ ਫੈਲ ਰਹੀ ਸੀ। ਟਾਇਰਾਂ ਅਤੇ ਪਲਾਸਟਿਕ ਵਿੱਚ ਅੱਗ ਲੱਗਣ ਕਾਰਨ ਫਾਇਰ ਫਾਈਟਰਜ਼ ਨੂੰ ਅੱਗ ਬੁਝਾਉਣ ਵਿੱਚ ਕਾਫੀ ਮੁਸ਼ਕਲ ਆਈ; ਜੇ ਫਾਇਰ ਬ੍ਰਿਗੇਡ ਦੀ ਟੀਮ ਇੱਕ ਪਾਸੇ ਤੋਂ ਅੱਗ ਬੁਝਾਉਂਦੀ ਤਾਂ ਦੂਜੇ ਪਾਸੇ ਤੋਂ ਲਪਟਾਂ ਉੱਠਣ ਲੱਗਦੀਆਂ। ਅੱਗ ਨੂੰ ਫੈਲਣ ਤੋਂ ਰੋਕਣ ਲਈ ਗੁਦਾਮ ਵਿੱਚ ਪਏ ਸਕਰੈਪ ਨੂੰ ਜੇ ਸੀ ਬੀ ਦੀ ਮਦਦ ਨਾਲ ਹਟਾਇਆ ਗਿਆ ਤਾਂ ਜੋ ਅੰਦਰ ਸੜ ਰਹੇ ਸਮਾਨ ਤੱਕ ਪਹੁੰਚ ਕੇ ਅੱਗ 'ਤੇ ਕਾਬੂ ਪਾਇਆ ਜਾ ਸਕੇ। ਜਦੋਂ ਅੱਗ ਦੀਆਂ ਲਪਟਾਂ ਨੇੜਲੀਆਂ ਦੁਕਾਨਾਂ ਵੱਲ ਵਧੀਆਂ ਤਾਂ ਦੁਕਾਨਦਾਰਾਂ ਨੂੰ ਆਪਣੀਆਂ ਦੁਕਾਨਾਂ ਸੜਨ ਦਾ ਡਰ ਸਤਾਉਣ ਲੱਗਾ, ਪਰ ਫਾਇਰ ਕਰਮੀਆਂ ਨੇ ਲਗਾਤਾਰ ਮਿਹਨਤ ਕਰਕੇ ਅੱਗ 'ਤੇ ਕਾਬੂ ਪਾ ਲਿਆ।

ਗੁਦਾਮ ਦੇ ਸੰਚਾਲਕ ਅਤੇ ਆਸ-ਪਾਸ ਦੇ ਲੋਕਾਂ ਨੇ ਖ਼ਦਸ਼ਾ ਪ੍ਰਗਟਾਇਆ ਹੈ ਕਿ ਗੁਦਾਮ ਨੂੰ ਅੱਗ ਦੀਵਾਲੀ ਮੌਕੇ ਪਟਾਕਿਆਂ ਕਾਰਨ ਲੱਗੀ ਹੋ ਸਕਦੀ ਹੈ, ਹਾਲਾਂਕਿ ਅੱਗ ਲੱਗਣ ਦੇ ਅਸਲ ਕਾਰਨਾਂ ਦੀ ਜਾਂਚ ਤੋਂ ਬਾਅਦ ਹੀ ਸਥਿਤੀ ਸਪੱਸ਼ਟ ਹੋਵੇਗੀ।

ਫ਼ਾਜ਼ਿਲਕਾ ਸੈਸ਼ਨ ਕੋਰਟ ਵੱਲੋਂ ਨਾਬਾਲਗ ਬੱਚੇ ਅਰਮਾਨ ਸੰਧੂ ਦੇ ਅਗਵਾ ਤੇ ਕਤਲ ਮਾਮਲੇ ਚ ਦੋ ਦੋਸ਼ੀਆਂ ਨੂੰ ਉਮਰ ਕੈਦ

ਫਾਜ਼ਿਲਕਾ, 10 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਮਾਨਯੋਗ ਅਦਾਲਤ ਸ਼੍ਰੀ ਅਜੀਤ ਪਾਲ ਸਿੰਘ, ਵਧੀਕ ਜ਼ਿਲ੍ਹਾ ਤੇ ਸੈਸ਼ਨ ਜੱਜ, ਫਾਜ਼ਿਲਕਾ ਵੱਲੋਂ ਅੱਜ ਨਾਬਾਲਗ ਬੱਚੇ ਅਰਮਾਨ ਸੰਧੂ ਦੇ ਫਿਰੌਤੀ ਲਈ ਅਗਵਾ ਤੇ ਕਤਲ ਦੇ ਸਨਸਨੀਖੇਜ਼ ਮਾਮਲੇ ਵਿੱਚ ਦੋਸ਼ੀ ਸੁਨੀਲ ਕੁਮਾਰ ਅਤੇ ਪਵਨ ਕੁਮਾਰ ਨੂੰ 5-5 ਲੱਖ ਰੁਪਏ ਜੁਰਮਾਨੇ ਸਮੇਤ ਉਮਰ ਕੈਦ ਦੀ ਸਜ਼ਾ ਸੁਣਾਈ ਗਈ।

ਇਹ ਮਾਮਲਾ ਥਾਣਾ ਸਿਟੀ-2, ਅਬੋਹਰ ਵਿਖੇ 69 ਨੰ. 129 ਮਿਤੀ 18.10.2019 ਤਹਿਤ ਦਰਜ ਸੀ।ਦੋਸ਼ੀ ਪਰਿਵਾਰ ਦੇ ਜਾਣ-ਪਛਾਣ ਵਾਲੇ ਸਨ, ਜਿਨ੍ਹਾਂ ਨੇ ਸ਼ਾਮ ਨੂੰ ਘਰ ਦੇ ਬਾਹਰ ਖੇਡ ਰਹੇ ਬੱਚੇ ਨੂੰ ਅਗਵਾ ਕਰਕੇ ਪਰਿਵਾਰ ਤੋਂ 2 ਕਰੋੜ ਰੁਪਏ ਦੀ ਫਿਰੌਤੀ ਮੰਗੀ ਸੀ। ਫਿਰੌਤੀ ਨਾ ਮਿਲਣ ਤੇ ਪਛਾਣ ਹੋ ਜਾਣ ਦੇ ਡਰੋਂ ਦੋਸ਼ੀਆਂ ਨੇ ਬੱਚੇ ਦਾ ਗਲਾ ਘੁੱਟ ਕੇ ਬੇਰਹਿਮੀ ਨਾਲ ਕਤਲ ਕਰ ਦਿੱਤਾ ਅਤੇ ਲਾਸ਼ ਨੂੰ ਦੱਬ ਦਿੱਤਾ ਸੀ। ਲੋਕਾਂ ਦੇ ਰੋਸ ਪ੍ਰਦਰਸ਼ਨ ਤੋਂ ਬਾਅਦ ਗਠਿਤ ਵਿਸ਼ੇਸ਼ ਜਾਂਚ ਟੀਮ ਨੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਦੱਸਣ ਤੇ ਦੱਬੀ ਹੋਈ ਲਾਸ਼ ਨੂੰ ਬਰਾਮਦ ਕੀਤਾ ਸੀ। ਅਭਿਯੋਜਨ ਪੱਖ ਨੇ ਦੋਸ਼ੀਆਂ ਦਾ ਦੋਸ਼ ਸਫਲਤਾਪੂਰਵਕ ਸਾਬਤ ਕਰ ਦਿੱਤਾ ਅਤੇ ਇਸ ਅਨੁਸਾਰ ਮਾਨਯੋਗ ਅਦਾਲਤ ਨੇ ਦੋਵੇਂ ਦੋਸ਼ੀਆਂ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਹੈ ਅਤੇ ਜੁਰਮਾਨਾ ਅਦਾ ਕਰਨ ਦਾ ਵੀ ਹੁਕਮ ਦਿੱਤਾ ਹੈ ਅਤੇ ਜੁਰਮਾਨਾ ਨਾ ਅਦਾ ਕਰਨ ਦੀ ਸੂਰਤ ਵਿੱਚ, ਦੋਸ਼ੀਆਂ ਨੂੰ ਹੋਰ ਕੈਦ ਭੁਗਤਣੀ ਪਵੇਗੀ।

SEA DESIGN COMPANY
Customized and Designer



- Wedding Invitations - Shagan Envelop
- Wedding Boxes & Cards - Sahi Chithi
(MDF/Acrylic/Foldable Boxes)
98881-88887, 93577-77786

Shaheed-e-Azam
PRINTING PRESS
WORLDWIDE SHIPPING SERVICE
★ Business Cards ★ Books & Note Books
★ Flyers & Broucher ★ Diaries
★ Poster ★ Carry Bags
Opp. Gurudwara Dukhniwaran Sahib Srihind Road, Patiala